ਬੁੱਧਵਾਰ, 14 ਜੂਨ, 2023
31 ਜੇਠ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 13

ਨਵਾਂ ਜ਼ਮਾਨਾ

DAILY NAWAN ZAMANA • WEDNESDAY, 14 JUNE, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕਿਸਾਨ ਅੰਦੋਲਨ ਦੌਰਾਨ ਸਰਕਾਰ ਨੇ ਟਵਿੱਟਰ ਨੂੰ ਧਮਕਾਇਆ ਸੀ!

ਨਵੀਂ ਦਿੱਲੀ : ਟਵਿੱਟਰ ਦੇ ਸਾਬਕਾ ਮੁੱਖ ਕਾਰਜਕਾਰੀ ਅਧਿਕਾਰੀ (ਸੀ ਈ ਓ) ਜੈਕ ਡੋਰਸੀ ਨੇ ਦਾਅਵਾ ਕੀਤਾ ਹੈ ਕਿ ਇਸ ਸੋਸ਼ਲ ਮੀਡੀਆ ਪਲੇਟਫਾਰਮ ਨੂੰ ਭਾਰਤ 'ਚ ਕਿਸਾਨ ਅੰਦੋਲਨ ਦੌਰਾਨ ਸਰਕਾਰੀ ਦਬਾਅ ਅਤੇ ਬੰਦ ਹੋਣ ਦੀਆਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ।


ਜੈਕ ਡੋਰਸੀ

ਟਵਿੱਟਰ ਦੇ ਸਹਿ-ਸੰਸਥਾਪਕ ਡੋਰਸੀ ਨੇ ਸੋਮਵਾਰ ਯੂਟਿਊਬ ਸ਼ੋਅ 'ਬ੍ਰੇਕਿੰਗ ਪੁਆਇੰਟਸ ਵਿਦ ਕ੍ਰਿਸਟਲ ਐਂਡ ਸਾਗਰ' ਵਿਚ ਦੋਸ਼ ਲਾਇਆ ਕਿ ਭਾਰਤ ਸਰਕਾਰ ਨੇ ਕਿਸਾਨਾਂ ਦੇ ਪ੍ਰਦਰਸ਼ਨਾਂ ਦੌਰਾਨ ਟਵਿੱਟਰ 'ਤੇ ਦਬਾਅ ਪਾਇਆ ਅਤੇ ਸਰਕਾਰ ਦਾ ਕਿਹਾ ਨਾ ਮੰਨਣ 'ਤੇ ਭਾਰਤ 'ਚ ਟਵਿੱਟਰ ਬੰਦ ਕਰਨ, ਕਰਮਚਾਰੀਆਂ ਦੇ ਘਰਾਂ 'ਤੇ ਛਾਪੇ ਮਾਰਨ ਦੀਆਂ ਧਮਕੀਆਂ ਦਿੱਤੀਆਂ। ਸਰਕਾਰ ਨੇ ਕਈ ਅਜਿਹੇ ਪੱਤਰਕਾਰਾਂ ਦੇ ਟਵਿੱਟਰ ਖਾਤੇ ਬੰਦ ਕਰਨ ਦਾ ਦਬਾਅ ਬਣਾਇਆ ਜੋ ਸਰਕਾਰ ਦੀ ਅਲੋਚਨਾ ਕਰ ਰਹੇ ਸਨ। ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਰਾਜ ਮੰਤਰੀ ਚੰਦਰ ਸ਼ੇਖਰ ਮੰਤਰੀ ਨੇ ਡੋਰਸੀ ਦੇ ਦਾਅਵਿਆਂ ਨੂੰ ਖਾਰਜ ਕਰਦਿਆਂ ਕਿਹਾ ਕਿ ਡੋਰਸੀ ਦਾ ਬਿਆਨ ਸ਼ਾਇਦ ਟਵਿੱਟਰ ਦੇ ਇਤਿਹਾਸ ਦੇ ਉਸ ਬੇਹੱਦ ਸ਼ੱਕੀ ਦੌਰ ਨੂੰ ਮਿਟਾਉਣ ਦਾ ਯਤਨ ਹੈ। ਉਨ੍ਹਾ ਕਿਹਾ ਕਿ ਡੋਰਸੀ ਨੇ ਜੋ ਕੁਝ ਕਿਹਾ ਹੈ, ਉਹ ਸਰਾਸਰ ਝੂਠ ਹੈ। ਟਵਿੱਟਰ ਇਕ ਅਜਿਹੀ ਕੰਪਨੀ ਹੈ, ਜੋ ਮੰਨਦੀ ਸੀ ਕਿ ਉਸ ਲਈ ਭਾਰਤੀ ਕਾਨੂੰਨਾਂ ਦੀ ਪਾਲਣਾ ਕਰਨਾ ਜ਼ਰੂਰੀ ਨਹੀਂ ਹੈ। ਭਾਰਤ ਸਰਕਾਰ ਸ਼ੁਰੂ ਤੋਂ ਹੀ ਸਪੱਸ਼ਟ ਤੌਰ 'ਤੇ ਦੱਸ ਰਹੀ ਹੈ ਕਿ ਭਾਰਤ ਵਿਚ ਕੰਮ ਕਰਨ ਵਾਲੀਆਂ ਕੰਪਨੀਆਂ ਨੂੰ ਭਾਰਤੀ ਕਾਨੂੰਨ ਨੂੰ ਮੰਨਣਾ ਹੋਵੇਗਾ। 2020 ਤੋਂ 2022 ਤੱਕ ਟਵਿੱਟਰ ਨੇ ਕਈ ਵਾਰ ਭਾਰਤੀ ਕਾਨੂੰਨ ਦੀ ਉਲੰਘਣਾ ਕੀਤੀ, ਪਰ ਉਸ ਦੌਰਾਨ ਕੋਈ ਵੀ ਜੇਲ੍ਹ ਨਹੀਂ ਗਿਆ ਤੇ ਨਾ ਹੀ ਕਿਸੇ 'ਤੇ ਛਾਪਾ ਪਿਆ। ਆਖਰ ਟਵਿੱਟਰ ਨੇ ਜੂਨ 2022 ਤੋਂ ਕਾਨੂੰਨ ਦੀ ਪਾਲਣਾ ਕਰਨੀ ਸ਼ੁਰੂ ਕਰ ਦਿੱਤੀ। ਮੰਤਰੀ ਨੇ ਕਿਹਾ-ਟਵਿੱਟਰ ਨੇ ਜਨਵਰੀ 2021 ਦੇ ਪ੍ਰੋਟੈਸਟ ਦੌਰਾਨ ਬਹੁਤ ਸਾਰੀਆਂ ਗਲਤ ਜਾਣਕਾਰੀਆਂ ਦਿੱਤੀਆਂ। ਇੱਥੋਂ ਤੱਕ ਕਿ ਕਤਲੇਆਮ ਦੀ ਵੀ ਰਿਪੋਰਟ ਦਿੱਤੀ।

ਭਾਰਤ ਸਰਕਾਰ ਨੂੰ ਪਲੇਟਫਾਰਮ ਤੋਂ ਗਲਤ ਜਾਣਕਾਰੀਆਂ ਨੂੰ ਹਟਵਾਉਣਾ ਪਿਆ। ਜੈਕ ਡੋਰਸੀ ਦੇ ਦੌਰ ਵਿਚ ਟਵਿੱਟਰ ਦਾ ਪੱਖਪਾਤੀ ਰਵੱਈਆ ਸੀ। ਉਨ੍ਹਾ ਨੂੰ ਭਾਰਤ ਵਿਚ ਪਲੇਟਫਾਰਮ ਤੋਂ ਗਲਤ ਜਾਣਕਾਰੀਆਂ ਹਟਾਉਣ ਵਿਚ ਦਿੱਕਤ ਹੋਈ। ਕਾਂਗਰਸ ਨੇ ਕਿਹਾ ਕਿ ਡੋਰਸੀ ਦੇ ਦਾਅਵੇ ਨੇ ਮੁੜ ਸਾਬਤ ਕਰ ਦਿੱਤਾ ਹੈ ਕਿ ਮੌਜੂਦਾ ਸਰਕਾਰ ਦੇਸ਼ ਦੇ ਲੋਕਤੰਤਰ ਨੂੰ ਕਮਜ਼ੋਰ ਕਰ ਰਹੀ ਹੈ। ਪਾਰਟੀ ਦੀ ਤਰਜਮਾਨ ਸੁਪ੍ਰਿਆ ਸ੍ਰੀਨੇਤ ਨੇ ਇਹ ਵੀ ਦਾਅਵਾ ਕੀਤਾ ਕਿ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਦੇ ਟਵਿੱਟਰ ਅਕਾਊਂਟ ਨੂੰ ਸਰਕਾਰ ਦੇ ਨਿਰਦੇਸ਼ਾਂ 'ਤੇ ਛੇ ਮਹੀਨਿਆਂ ਲਈ ਬੈਨ ਕਰ ਦਿੱਤਾ ਗਿਆ ਸੀ। ਸ਼ਿਵ ਸੈਨਾ (ਊਧਵ ਠਾਕਰੇ) ਦੇ ਆਗੂ ਸੰਜੇ ਰਾਉਤ ਨੇ ਕਿਹਾ-ਮੈਂ ਦੇਖਿਆ ਹੈ ਕਿ ਕਿਵੇਂ ਦੇਸ਼ ਦੀ ਜਮਹੂਰੀਅਤ ਤੇ ਆਜ਼ਾਦੀ ਖਤਰੇ ਵਿਚ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਕਿਵੇਂ ਪਰਦੇ ਦੇ ਪਿੱਛੇ ਜਮਹੂਰੀਅਤ ਦਾ ਗਲਾ ਘੋਟਿਆ ਜਾ ਰਿਹਾ ਹੈ।

ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਕਿਹਾ-ਉਸ ਦੌਰਾਨ ਸਾਨੂੰ ਜਾਣਕਾਰੀ ਸੀ ਕਿ ਕਿਸਾਨ ਅੰਦੋਲਨ ਦੀ ਫੇਸਬੁੱਕ ਤੇ ਟਵਿੱਟਰ 'ਤੇ ਓਨੀ ਰੀਚ ਨਹੀਂ ਆ ਰਹੀ ਸੀ, ਜਿੰਨੀ ਆਉਣੀ ਸੀ। ਉਹ (ਸਰਕਾਰ) ਲੋਕਲ ਪੱਧਰ 'ਤੇ ਰੋਕਣ ਦੀ ਕੋਸ਼ਿਸ਼ ਕਰਦੀ ਸੀ। ਟਵਿੱਟਰ ਦੇ ਮਾਲਕ ਨੇ ਹੁਣ ਸਪੱਸ਼ਟ ਕਰ ਦਿੱਤਾ ਹੈ। ਡੋਰਸੀ ਨੇ ਠੀਕ ਕਿਹਾ ਹੈ, ਭਾਰਤ ਸਰਕਾਰ ਨੇ ਇਹ ਯਤਨ ਕੀਤੇ ਹੋਣਗੇ। ਟਿਕੈਤ ਨੇ ਕਿਹਾ ਕਿ ਅੰਦੋਲਨ ਦੌਰਾਨ ਕਈ ਟਵਿੱਟਰ ਖਾਤੇ ਬੰਦ ਕਰ ਦਿੱਤੇ ਗਏ। ਨਿੱਕੇ ਬੱਚਿਆਂ ਨੂੰ ਵੀ ਪਤਾ ਸੀ ਕਿ ਜੇ ਕਿਸਾਨ ਅੰਦੋਲਨ ਦੇ ਹੱਕ ਵਿਚ ਕੋਈ ਗੱਲ ਕੀਤੀ ਤਾਂ ਖਾਤਾ ਬੰਦ ਹੋ ਜਾਵੇਗਾ। ਕਈ ਖਾਤੇ ਤਾਂ ਅਜੇ ਵੀ ਬੰਦ ਹਨ।

ਪਟਿਆਲਾ 'ਚ ਧਰਨਾ ਦੇ ਰਹੇ ਕਿਸਾਨ ਚੁੱਕੇ

ਪਟਿਆਲਾ : ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਮਾਲ ਰੋਡ 'ਤੇ ਸਥਿਤ ਹੈੱਡਕੁਆਰਟਰ ਦੇ ਬਾਹਰ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਦੀਆਂ 16 ਜਥੇਬੰਦੀਆਂ ਵੱਲੋਂ 21 ਮੰਗਾਂ ਨੂੰ ਲੈ ਕੇ ਲਗਾਇਆ ਜਾ ਰਿਹਾ ਲਗਾਤਾਰ ਧਰਨਾ ਮੰਗਲਵਾਰ ਜ਼ਿਲ੍ਹਾ ਪ੍ਰਸ਼ਾਸਨ ਨੇ ਚੁੱਕ ਦਿੱਤਾ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਸਮੇਤ ਕਿਸਾਨ ਆਗੂਆਂ ਅਤੇ ਕਿਸਾਨਾਂ ਨੂੰ ਤੜਕੇ ਤਿੰਨ ਵਜੇ ਤੋਂ ਬੱਸਾਂ ਵਿਚ ਲਿਜਾ ਕੇ ਵੱਖ-ਵੱਖ ਥਾਣਿਆਂ ਵਿਚ ਰੱਖਿਆ ਗਿਆ। ਪਹਿਲਾਂ ਪੁਲਸ ਨੇ ਸ਼ੇਰਾਂਵਾਲਾ ਗੇਟ ਵਾਲੇ ਪਾਸੇ ਡਾਕਖਾਨੇ ਕੋਲ ਬਿਜਲੀ ਨਿਗਮ ਦੇ ਦਫਤਰ ਅੰਦਰ ਜਾਂਦੇ ਗੇਟ ਨੂੰ ਬੰਦ ਕਰਕੇ ਬੈਠੇ ਕਿਸਾਨਾਂ ਨੂੰ ਉਠਾ ਕੇ ਰਾਊਂਡ ਅੱਪ ਕੀਤਾ, ਉਸ ਤੋਂ ਬਾਅਦ ਹੌਲੀ-ਹੌਲੀ ਕਿਸਾਨਾਂ ਦੇ ਮੁੱਖ ਧਰਨੇ ਵੱਲ ਪੁਲਸ ਨੇ ਗਸ਼ਤ ਕਰਦਿਆਂ ਦੂਜੇ ਦੋ ਗੇਟ ਵੀ ਕਿਸਾਨਾਂ ਕੋਲੋਂ ਅਜ਼ਾਦ ਕਰਵਾ ਲਏ, ਫੇਰ ਧਰਨੇ ਅਤੇ ਮਰਨ ਵਰਤ 'ਤੇ ਬੈਠੇ ਕਿਸਾਨਾਂ ਨੂੰ ਬੱਸਾਂ ਵਿਚ ਬੈਠਾ ਕੇ ਵੱਖ-ਵੱਖ ਥਾਣਿਆਂ ● ਬਾਕੀ ਸਫ਼ਾ 2 'ਤੇ

ਅੱਜ ਐਮਰਜੈਂਸੀ ਮੀਟਿੰਗ

ਸ਼ਾਹਕੋਟ (ਗਿਆਨ ਸੈਦਪੁਰੀ)

ਸੰਯੁਕਤ ਕਿਸਾਨ ਮੋਰਚਾ ਦੇ ਪੰਜਾਬ ਚੈਪਟਰ ਦੀਆਂ 32 ਕਿਸਾਨ ਜਥੇਬੰਦੀਆਂ ਨੇ ਪਾਵਰਕਾਮ ਦੇ ਦਫਤਰ ਸਾਹਮਣੇ ਜਬਰੀ ਧਰਨਾ ਚੁਕਵਾਉਣ ਅਤੇ ਕਿਸਾਨਾਂ ਦੀਆਂ ਗ੍ਰਿਫ਼ਤਾਰੀਆਂ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।

ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਗਜੀਤ ਸਿੰਘ ਡੱਲੇਵਾਲ ਸਮੇਤ ਗ੍ਰਿਫ਼ਤਾਰ ਕੀਤੇ ਸਾਰੇ ਕਿਸਾਨ ਰਿਹਾਅ ਕੀਤੇ ਜਾਣ ਅਤੇ ਕਿਸਾਨਾਂ ਦੀਆਂ ਮੰਗਾਂ ਦਾ ਫੌਰੀ ਗੱਲਬਾਤ ਕਰਕੇ ਨਿਪਟਾਰਾ ਕੀਤਾ ਜਾਵੇ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਨੇ ਕੁਰੂਕਸ਼ੇਤਰ ਵਿਖੇ ਐੱਮ ਐੱਸ ਪੀ ਦੀ ਮੰਗ ਨੂੰ ਲੈ ਕੇ ਲੱਗੇ ਮੋਰਚੇ ਅਤੇ ਪਾਵਰਕਾਮ ਦਫਤਰ ਸਾਹਮਣੇ ਜਬਰੀ ਧਰਨਾ ਚੁਕਵਾਉਣ ਕਾਰਨ ਉਪਜੇ ਹਾਲਾਤ ਉੱਪਰ ਵਿਚਾਰ ਕਰਨ ਲਈ 14 ਜੂਨ ਨੂੰ ਲੁਧਿਆਣਾ ਵਿਖੇ ● ਬਾਕੀ ਸਫ਼ਾ 2 'ਤੇ

ਜਾਲ੍ਹੀ ਐੱਸ ਸੀ ਸਰਟੀਫਿਕੇਟਾਂ ਬਾਰੇ ਸ਼ਿਕਾਇਤਾਂ 15 ਦਿਨਾਂ ਅੰਦਰ ਨਿਬੇੜਨ ਦਾ ਹੁਕਮ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸਮਾਜਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਜਾਲ੍ਹੀ ਅਨੁਸੂਚਿਤ ਜਾਤੀ ਸਰਟੀਫਿਕੇਟਾਂ ਦੇ ਆਧਾਰ 'ਤੇ ਸਰਕਾਰੀ ਨੌਕਰੀ ਹਾਸਲ ਕਰਨ ਵਾਲੇ ਵਿਅਕਤੀਆਂ ਵਿਰੁੱਧ ਪ੍ਰਾਪਤ ਹੋਈਆਂ 93 ਸ਼ਿਕਾਇਤਾਂ ਦਾ 15 ਦਿਨਾਂ ਦੇ ਅੰਦਰ ਨਿਪਟਾਰਾ ਕਰਨ ਲਈ ਕਿਹਾ ਹੈ। ਚੀਮਾ ਅਤੇ ਸਮਾਜਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮੰਗਲਵਾਰ 'ਰਿਜ਼ਰਵੇਸ਼ਨ ਚੋਰ ਫੜੋ ਮੋਰਚਾ' ਦੇ ਆਗੂਆਂ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਮੋਰਚੇ ਦੇ ਆਗੂਆਂ ਵੱਲੋਂ ਇਸ ਸੰਬੰਧੀ ਹੋਰ ਮਾਮਲਿਆਂ ਦੀ ਸੌਂਪੀ ਗਈ ਸੂਚੀ ਬਾਰੇ ਵੀ ਸਮਾਜਕ ਨਿਆਂ ਵਿਭਾਗ ਨੂੰ ਇੱਕ ਮਹੀਨੇ ਦੇ ਅੰਦਰ-ਅੰਦਰ ਕਾਰਵਾਈ ਕਰਨ ਲਈ ਕਿਹਾ।

ਉਨ੍ਹਾ ਕਿਹਾ ਕਿ ਜੋ ਮਾਮਲੇ ਅਦਾਲਤ 'ਚ ਹਨ, ਉਨ੍ਹਾਂ ਬਾਰੇ ਵਿਭਾਗ ਐਡਵੋਕੇਟ ਜਨਰਲ ਦੇ ਦਫਤਰ ਨਾਲ ਤਾਲਮੇਲ ਕਰਕੇ ਠੋਸ ਕਾਰਵਾਈ ਨੂੰ ਯਕੀਨੀ ਬਣਾਵੇ। ਜਾਲ੍ਹੀ ਸਰਟੀਫਿਕੇਟਾਂ ਰਾਹੀਂ ਸਰਕਾਰੀ ਨੌਕਰੀਆਂ 'ਚ ਰਾਖਵਾਂਕਰਨ ਹਾਸਲ ਕਰਨ ਦੀ ਪ੍ਰਥਾ 'ਤੇ ਮੁਕੰਮਲ ਰੋਕ ਲਾਉਣ 'ਤੇ ਜ਼ੋਰ ਦਿੰਦਿਆਂ ਚੀਮਾ ਨੇ ਸਮਾਜਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਕਿਹਾ ਕਿ ਉਹ ਸਾਰੇ ਸਰਕਾਰੀ ਵਿਭਾਗਾਂ ਨੂੰ ਪੱਤਰ ਲਿਖ ਕੇ ਇਹ ਯਕੀਨੀ ਬਣਾਉਣ ਕਿ ਰਾਖਵੇਂਕਰਨ ਦੇ ਦਾਅਵੇ ਨਾਲ ਸੰਬੰਧਤ ਦਸਤਾਵੇਜ਼ ਦੀ ਸੰਬੰਧਤ ਵਿਅਕਤੀ ਦੇ ਪ੍ਰੋਬੇਸ਼ਨ ਪੀਰੀਅਡ ਦੌਰਾਨ ਡੂੰਘਾਈ ਨਾਲ ਜਾਂਚ ਕੀਤੀ ਜਾਵੇ। ਉਨ੍ਹਾ ਵਿਭਾਗ ਨੂੰ ਜਾਤੀ ਆਧਾਰਤ ਸਰਟੀਫਿਕੇਟ ਬਣਾਉਣ ਦੀ ਪ੍ਰਕਿਰਿਆ ਵਿੱਚ ਲੋੜੀਂਦੇ ਸੁਧਾਰਾਂ ਸੰਬੰਧੀ ਪ੍ਰਸਤਾਵ ਤਿਆਰ ਕਰਨ ਲਈ ਵੀ ਕਿਹਾ, ਤਾਂ ਜੋ ਇਸ ਸਮੱਸਿਆ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਮੀਟਿੰਗ ਦੌਰਾਨ 'ਰਾਖਵਾਂਕਰਨ ਚੋਰ ਫੜੋ ਮੋਰਚਾ' ਦੇ ਨੁਮਾਇੰਦਿਆਂ ਨੇ ਜਾਲ੍ਹੀ ਅਨੁਸੂਚਿਤ ਜਾਤੀ ਸਰਟੀਫਿਕੇਟਾਂ ਦੇ ਆਧਾਰ 'ਤੇ ਸਰਕਾਰੀ ਨੌਕਰੀ ਲੈਣ ਦੇ ਮਾਮਲਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਸੰਬੰਧੀ ਸਮਾਜਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਰਮੇਸ਼ ਕੁਮਾਰ ਨੇ ਦੱਸਿਆ ਕਿ ਵਿਭਾਗ ਨੂੰ ਹੁਣ ਤੱਕ 93 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, 26 ਕੇਸਾਂ ਦੀ ਸੁਣਵਾਈ ਕਰ ਕੇ ਅੱਗੇ ਪੜਤਾਲ ਕਮੇਟੀ ਨੂੰ ਭੇਜੇ ਗਏ, ਜਿਨ੍ਹਾਂ ਵਿੱਚੋਂ 23 ਮਾਮਲਿਆਂ 'ਚ ਜਾਤੀ ਸਰਟੀਫਿਕੇਟ ਨੂੰ ਰੱਦ ਕਰਨ ਦੀ ਸਿਫਾਰਸ਼ ਕੀਤੀ ਗਈ ਹੈ।

ਵਿਭਾਗ ਦੇ ਡਾਇਰੈਕਟਰ ਜਸਪ੍ਰੀਤ ਸਿੰਘ ਨੇ ਮੰਤਰੀਆਂ ਨੂੰ ਜਾਣੂ ਕਰਵਾਇਆ ਕਿ ਬਾਕੀ ਰਹਿੰਦੇ 67 ਕੇਸਾਂ ਦੀ ਵੀ ਜਲਦੀ ਸੁਣਵਾਈ ਕੀਤੀ ਜਾਵੇਗੀ। ਉਨ੍ਹਾ ਭਰੋਸਾ ਦਿੱਤਾ ਕਿ ਸਾਰੇ ਮਾਮਲੇ ਇੱਕ ਮਹੀਨੇ 'ਚ ਹੱਲ ਕਰ ਲਏ ਜਾਣਗੇ।

ਮੰਗਾਂ ਮੰਨਣ ਤੇ ਗ੍ਰਿਫ਼ਤਾਰ ਅੰਦੋਲਨਕਾਰੀਆਂ ਨੂੰ ਛੱਡਣ 'ਤੇ ਜ਼ੋਰ

ਚੰਡੀਗੜ੍ਹ : ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਸੂਬਾ ਕੌਂਸਲ ਮੀਟਿੰਗ ਪ੍ਰਧਾਨ ਭੁਪਿੰਦਰ ਸਾਂਬਰ ਦੀ ਪ੍ਰਧਾਨਗੀ ਹੇਠ ਅਜੈ ਭਵਨ ਚੰਡੀਗੜ੍ਹ ਵਿਖੇ ਹੋਈ। ਮੀਟਿੰਗ 'ਚ ਪੰਜਾਬ ਦੇ 18 ਜ਼ਿਲ੍ਹਿਆਂ ਤੋਂ ਸਾਥੀਆਂ ਨੇ ਹਿੱਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਸਮੇਂ ਅੰਦਰ ਫਸਲਾਂ ਦੀ ਖਰੀਦ ਗਰੰਟੀ ਕਨੂੰਨ ਨਾ ਬਣਾਉਣ ਦਾ ਹੀ ਸਿੱਟਾ ਹੈ ਕਿ ਹਰਿਆਣਾ ਅੰਦਰ ਸੂਰਜਮੁਖੀ ਦੀ ਐੱਮ ਐੱਸ ਪੀ 'ਤੇ ਖਰੀਦ ਕਰਨ ਲਈ ਕਿਸਾਨਾਂ ਨੂੰ ਲਗਾਤਾਰ ਘੋਲ ਕਰਨਾ ਪੈ ਰਿਹਾ ਹੈ, ਜਿਸ ਸੰਬੰਧੀ ਹਰਿਆਣਾ ਦੇ ਕਿਸਾਨਾਂ ਨੇ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਦੀ ਅਗਵਾਈ ਹੇਠ ਜੋ ਅੰਦੋਲਨ ਸ਼ੁਰੂ ਕੀਤਾ ਹੈ, ਕਿਸਾਨ ਸਭਾ ਇਸ ਮੰਗ ਦੀ ਪੁਰਜ਼ੋਰ ਹਿਮਾਇਤ ਕਰਦਿਆਂ ਮੰਗ ਕਰਦੀ ਹੈ ਕਿ ਸੂਰਜਮੁਖੀ ਦੀ ਐੱਮ ਐੱਸ ਪੀ 'ਤੇ ਫੌਰੀ ਖਰੀਦ ਸ਼ੁਰੂ ਕੀਤੀ ਜਾਵੇ ਅਤੇ ਜੇਲ੍ਹ ਵਿੱਚ ਬੰਦ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਮੀਟਿੰਗ 'ਚ ਪੰਜਾਬ ਸਰਕਾਰ ਵੱਲੋਂ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ ● ਬਾਕੀ ਸਫ਼ਾ 2 'ਤੇ

ਭੁਚਾਲ ਦੇ ਝਟਕੇ

ਡੋਡਾ ਇਲਾਕੇ 'ਚ ਭੁਚਾਲ ਕਾਰਨ ਸਹਿਮੀ ਬੱਚੀ।

ਚੰਡੀਗੜ੍ਹ : ਮੰਗਲਵਾਰ ਪੂਰਬੀ ਕਸ਼ਮੀਰ ਖੇਤਰ 'ਚ 5.4 ਦੀ ਸ਼ਿੱਦਤ ਨਾਲ ਆਏ ਭੂਚਾਲ ਕਾਰਨ ਪੰਜਾਬ, ਚੰਡੀਗੜ੍ਹ ਅਤੇ ਹਰਿਆਣਾ ਸਮੇਤ ਉੱਤਰੀ ਭਾਰਤ ਦੇ ਕੁਝ ਹਿੱਸਿਆਂ 'ਚ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਵਿਗਿਆਨੀਆਂ ਨੇ ਦੱਸਿਆ ਕਿ ਝਟਕੇ, ਜੋ ਕੁਝ ਸੈਕਿੰਡਾਂ ਤੱਕ ਚੱਲੇ, ਬਾਅਦ ਦੁਪਹਿਰ 1.35 ਵਜੇ ਦੇ ਕਰੀਬ ਮਹਿਸੂਸ ਹੋਏ। ਭੂਚਾਲ ਦਾ ਕੇਂਦਰ ਕਸ਼ਮੀਰ ਦਾ ਡੋਡਾ ਜ਼ਿਲ੍ਹਾ ਸੀ। ਇਸ ਕਾਰਨ ਉਥੇ ਇਮਾਰਤਾਂ ਨੂੰ ਵੀ ਨੁਕਸਾਨ ਪੁੱਜਣ ਤੇ ਕੁੱਝ ਇਕ ਵਿਅਕਤੀਆਂ ਦੇ ਜ਼ਖਮੀ ਹੋਣ ਦੀ ਰਿਪੋਰਟ ਹੈ। ਕਸ਼ਮੀਰ 'ਚ ਭੂਚਾਲ ਕਾਰਨ ਲੋਕਾਂ ਵਿੱਚ ਸਹਿਮ ਛਾ ਗਿਆ।

ਸੋਕੇ ਦਾ ਖਤਰਾ

ਨਵੀਂ ਦਿੱਲੀ : ਮੌਸਮ ਦੀ ਭਵਿੱਖਬਾਣੀ ਕਰਨ ਵਾਲੀ ਨਿੱਜੀ ਏਜੰਸੀ 'ਸਕਾਈਮੈਟ ਵੈਦਰ' ਨੇ ਭਾਰਤ ਵਿਚ ਅਗਲੇ ਚਾਰ ਹਫਤਿਆਂ ਦੌਰਾਨ ਮੌਨਸੂਨ ਦੇ ਬੇਜਾਨ ਰਹਿਣ ਦੀ ਭਵਿੱਖਬਾਣੀ ਕੀਤੀ ਹੈ, ਜਿਸ ਨਾਲ ਖੇਤੀਬਾੜੀ 'ਤੇ ਪੈਣ ਵਾਲੇ ਪ੍ਰਭਾਵ ਦੀ ਚਿੰਤਾ ਵਧ ਗਈ ਹੈ। ਏਜੰਸੀ ਨੇ 6 ਜੁਲਾਈ ਤੱਕ ਮੌਸਮ ਸੁੱਕਾ ਰਹਿਣ ਦੀ ਭਵਿੱਖਬਾਣੀ ਕੀਤੀ ਹੈ। ਦੱਖਣ-ਪੱਛਮੀ ਮੌਨਸੂਨ 1 ਜੂਨ ਦੀ ਥਾਂ ਹਫਤੇ ਬਾਅਦ 8 ਜੂਨ ਨੂੰ ਕੇਰਲ ਪਹੁੰਚਿਆ। ਅਰਬ ਸਾਗਰ 'ਚ ਚੱਕਰਵਾਤੀ ਤੂਫਾਨ ਨੇ ਪਹਿਲਾਂ ਕੇਰਲਾ 'ਚ ਮੌਨਸੂਨ ਦੀ ਸ਼ੁਰੂਆਤ 'ਚ ਦੇਰੀ ਕੀਤੀ

14-JUNE-PAGE-1.qxd 6/13/2023 10:32 PM Page 2

ਪੈਟਰੋਲ/ਡੀਜ਼ਲ ਦੇ ਰੇਟ ਵਧਾਉਣ ਦੀ ਇਨਕਲਾਬੀ ਕੇਂਦਰ ਵੱਲੋਂ ਨਿੰਦਾ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)- ਪੰਜਾਬ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ 'ਤੇ ਇੱਕ-ਇੱਕ ਰੁਪਏ ਪ੍ਰਤੀ ਲੀਟਰ ਦੇ ਰੀਵ ਵੈਟ ਵਧਾਉਣ 'ਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਜ਼ੋਰਦਾਰ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਸੂਬਾਈ ਆਗੂ ਜਗਜੀਤ ਸਿੰਘ ਲਹਿਰਾ ਅਤੇ ਮੁਖਤਿਆਰ ਸਿੰਘ ਪੂਹਲਾ ਨੇ ਕਿਹਾ ਕਿ ਤੇਲ ਰੇਟਾਂ ਵਿੱਚ ਵਾਧਾ ਮਹਿੰਗਾਈ ਦੀ ਚੱਕੀ ਵਿੱਚ ਪਿਸ ਰਹੇ ਮਜ਼ਦੂਰਾਂ/ਛੋਟੇ ਕਿਸਾਨਾਂ ਤੇ ਛੋਟੇ ਟਰਾਂਸਪੋਰਟਰਾਂ ਲਈ ਮਾਰੂ ਫੈਸਲਾ ਹੈ, ਕਿਉਂਕਿ ਸਰਕਾਰਾਂ ਦੀਆਂ ਲੋਕ-ਮਾਰੂ ਨੀਤੀਆਂ ਸਦਕਾ ਕਿਰਤੀ ਲੋਕ ਅਤੇ ਛੋਟੇ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਝੱਲ ਰਹੇ ਹਨ ਅਤੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ। ਛੋਟੇ ਟਰਾਂਸਪੋਰਟਾਂ ਦਾ ਧੰਦਾ ਮਰਨ ਕਿਨਾਰੇ ਹੈ। ਇਸ ਫ਼ੈਸਲੇ ਨਾਲ ਕਿਸਾਨਾਂ ਦੀਆਂ ਫ਼ਸਲਾਂ ਦੇ ਖੇਤੀ ਲਾਗਤ ਖਰਚੇ ਵਿੱਚ ਹੋਰ ਵਾਧਾ ਹੋਵੇਗਾ।

ਨੈਸ਼ਨਲ ਐਥਲੈਟਿਕਸ ਚੈਂਪੀਅਨਸ਼ਿਪ 'ਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਦਾ ਸਨਮਾਨ

ਦਿੜ੍ਹਬਾ ਮੰਡੀ (ਛਾਜਲੀ)-ਸੈਂਟਰਲ ਸਿਵਲ ਸਰਵਿਸ ਕਲਚਰਲ ਐਂਡ ਸਪੋਰਟਸ ਬੋਰਡ ਵੱਲੋਂ ਸ਼ਿਵਛਤਰਪਤੀ ਸਪੋਰਟਸ ਕੰਪਲੈਕਸ ਬਾਲਵਾੜੀ ਪੂਨੇ (ਮਹਾਰਾਸ਼ਟਰ) ਵਿਖੇ ਕਰਵਾਈ ਗਈ ਨੈਸ਼ਨਲ ਐਥਲੈਟਿਕਸ ਚੈਂਪੀਅਨਸ਼ਿਪ 2022-23 ਵਿੱਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। 4100 ਮੀਟਰ ਰਿਲੇਅ ਦੌੜ ਵਿੱਚ ਚਾਂਦੀ ਦਾ ਤਮਗਾ ਤੇ 200 ਮੀਟਰ ਦੌੜ ਵਿੱਚ ਸੋਨ ਤਮਗਾ ਜਿੱਤਣ ਵਾਲੇ ਗੁਰਪ੍ਰੀਤ ਸਿੰਘ ਬਠਿੰਡਾ, ਟੀਮ ਮੈਨੇਜਰ ਮਾਸਟਰ ਗੁਰਜੰਟ ਸਿੰਘ ਕੌਹਰੀਆਂ ਤੇ ਐਥਲੈਟਿਕ ਕੋਚ ਗੁਰਪਾਲ ਸਿੰਘ ਪਟਿਆਲਾ ਦਾ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਸਨਮਾਨ ਕੀਤਾ ਗਿਆ। ਖੇਡ ਮੰਤਰੀ ਮੀਤ ਹੇਅਰ ਦਾ ਵੀ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ ਤੇ ਐਥਲੈਟਿਕਸ ਸਬੰਧੀ ਖੇਡ ਮੰਤਰੀ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹਸਨਪ੍ਰੀਤ ਭਾਰਦਵਾਜ ਓ.ਐੱਸ.ਡੀ. ਖੇਡ ਮੰਤਰੀ, ਨਾਹਰ ਸਿੰਘ ਪਟਿਆਲਾ, ਮਨਪ੍ਰੀਤ ਸਿੰਘ ਬਠਿੰਡਾ, ਹਰਮੇਲ ਸਿੰਘ ਭੈਣੀ ਮਹਿਰਾਜ, ਰਘਬੀਰ ਸਿੰਘ ਭੈਣੀ ਮਹਿਰਾਜ ਹਾਜ਼ਰ ਸਨ।

ਸਿੱਧੂ ਮੂਸੇਵਾਲਾ ਦੀ ਯਾਦ 'ਚ ਛਬੀਲ ਲਗਾਈ

ਭੀਖੀ (ਧਰਮਵੀਰ ਸ਼ਰਮਾ)-ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਜਨਮ ਦਿਨ ਮੌਕੇ ਪਿੰਡ ਬੀਰੋਕੇ ਖੁਰਦ ਉਰਫ ਜੀਤਗੜ੍ਹ ਵਿਖੇ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਮਰਹੂਮ ਸਿੱਧੂ ਮੂਸੇਵਾਲਾ ਦੇ ਜਨਮ ਦਿਨ ਮੌਕੇ ਯਾਦ ਕਰਨਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਰਾਹਗੀਰਾਂ ਨੇ ਠੰਡਾ ਮਿੱਠਾ ਜਲ ਛਕਿਆ। ਇਸ ਮੌਕੇ ਗੁਰਪ੍ਰੀਤ ਸਿੰਘ ਪੀਤਾ, ਮਨਦੀਪ ਸਿੰਘ, ਲਖਵਿੰਦਰ ਸਿੰਘ, ਲਵਪ੍ਰੀਤ ਸਿੰਘ, ਲਾਡੀ ਸਿੰਘ, ਸੁਰਜੀਤ ਸਿੰਘ ਬੱਬੂ, ਸੁੱਖੀ, ਸ਼ੁਭਮ, ਛਿੰਦਾ, ਅੰਮ੍ਰਿਤ ਸਿੰਘ ਤੇ ਜਗਸੀਰ ਸਿੰਘ ਜੱਗੀ ਹਾਜ਼ਰ ਸਨ।

ਵਿਧਾਇਕ ਸਿੱਧੂ ਨੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸ਼ਹਿਰ ਵਾਸੀਆਂ ਦੀ ਸਹੂਲਤਾਂ ਲਈ ਜਲਦੀ ਹੀ ਦੋ ਪਾਰਕ ਬਣਾਏ ਜਾਣਗੇ ਤੇ ਬਾਈਪਾਸ ਤੇ ਸੂਏ ਦੀ ਪਟੜੀ ਨੂੰ ਸੈਰਗਾਹ ਦੇ ਤੌਰ 'ਤੇ ਵਿਕਸਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸ਼ਹਿਰ ਵਾਸੀਆਂ ਦੀ ਮੁੱਖ ਸਮੱਸਿਆ ਪੀਣ ਵਾਲੇ ਪਾਣੀ ਦੀ ਘਾਟ ਨੂੰ ਵੇਖਦਿਆਂ ਛੇਤੀ ਹੀ ਪਾਣੀ ਵਾਲੀ ਟੈਂਕੀ ਦਾ ਨਿਰਮਾਣ ਸ਼ੁਰੂ ਕਰਵਾਇਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਸ਼ਹਿਰ ਦੀ ਪੰਚਾਇਤੀ ਧਰਮਸ਼ਾਲਾ ਵਿਖੇ ਰੱਖੀ ਲੋਕ ਮਿਲਣੀ ਦੌਰਾਨ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਹਨ ਤੇ ਉਹ ਸ਼ਹਿਰ ਰਾਮਪੁਰਾ ਫੂਲ ਨੂੰ ਨਮੂਨੇ ਦਾ ਸ਼ਹਿਰ ਬਣਾਉਣ ਲਈ ਯਤਨਸ਼ੀਲ ਹਨ। ਇਸ ਮੌਕੇ ਉਨ੍ਹਾਂ ਸਥਾਨਕ ਆੜ੍ਹਤੀਆਂ ਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਤੇ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਮੌਕੇ 'ਤੇ ਹੱਲ ਕੀਤਾ। ਇਸੇ ਤਰ੍ਹਾਂ ਪਟਿਆਲਾ ਮੰਡੀ ਦੀ ਇੱਕ ਦੁਕਾਨ 763 ਦਾ ਮਸਲਾ, ਜੋ ਕਾਫੀ ਸਮੇਂ ਤੋਂ ਲਟਕਿਆਂ ਹੋਇਆ ਸੀ, ਨੂੰ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਨ੍ਹਾ ਨਾਲ ਸੀਓਪਾਲ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਲੇਖਰਾਜ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਨਾਭਾ ਮੰਡੀ, ਅਮਰ ਨਾਥ ਬਾਂਸਲ ਪ੍ਰਧਾਨ ਵਪਾਰ ਮੰਡਲ, ਨਰੇਸ਼ ਕੁਮਾਰ, ਸੀਰਾ ਮੱਲੂਆਣਾ, ਸੁੱਖੀ ਮੱਲੂਆਣਾ ਆਦਿ ਹਾਜ਼ਰ ਸਨ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਾਲ ਮਜ਼ਦੂਰ ਦਿਵਸ 'ਤੇ ਸੈਮੀਨਾਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)- ਨਾਲਸਾ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸ੍ਰੀ ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਪਿਛਲੀ ਦਿਨੀਂ ਸ੍ਰੀਮਤੀ ਹਰਪ੍ਰੀਤ ਕੌਰ, ਸਿਵਲ ਜੱਜ ਸੀਨੀਅਰ ਡਵੀਜ਼ਨ-ਸੀ.ਜੇ.ਐੱਮ-ਸਹਿਤ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸਲੱਮ ਏਰੀਏ 'ਚ ਬਾਲ ਮਜ਼ਦੂਰਾਂ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ, ਜਿਸ ਵਿੱਚ ਹਾਜ਼ਰ ਬਾਲ ਮਜ਼ੂਦਰਾਂ ਨੂੰ ਉਨ੍ਹਾਂ ਦੇ ਹੱਕਾਂ ਸਬੰਧੀ ਜਾਣੂ ਕਰਵਾਇਆ ਗਿਆ ਤੇ ਇਸ ਮੌਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਬੱਚਿਆਂ ਦੀ ਉਮਰ ਪੜ੍ਹਨ ਵਾਲੀ ਹੈ, ਜਿਹੜੇ ਬੱਚੇ ਪੜ੍ਹਨਾ ਚਾਹੁੰਦੇ ਹਨ, ਉਨ੍ਹਾਂ ਦਾ ਦਾਖਲਾ ਸਰਕਾਰ ਵੱਲੋਂ ਮੁਫ਼ਤ ਕੀਤਾ ਜਾਂਦਾ ਹੈ ਤੇ ਕਿਤਾਬਾਂ, ਵਰਦੀ ਤੇ ਹੋਰ ਸਮੱਗਰੀ ਮੁਫ਼ਤ ਮੁਹੱਈਆ ਕਰਵਾਈ ਜਾਂਦੀ ਹੈ। ਸਕੱਤਰ ਨੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾਉਣ ਤਾਂ ਜੋ ਉਹ ਪੜ੍ਹ-ਲਿਖ ਕੇ ਕਿਸੇ ਸਰਕਾਰੀ ਜਾਂ ਪ੍ਰਾਈਵੇਟ ਸੰਸਥਾਨ ਵਿੱਚ ਵਧੀਆ ਨੌਕਰੀ ਕਰ ਸਕਣ ਤਾਂ ਜੋ ਸਮਾਜ ਦੀ ਖੁਸ਼ਹਾਲੀ ਤੇ ਤਰੱਕੀ ਹੋ ਸਕੇ। ਇਸ ਮੌਕੇ ਪ੍ਰਚਾਰ ਸਮੱਗਰੀ ਵੰਡੀ ਗਈ ਤੇ 09 ਸਤੰਬਰ 2023 ਨੂੰ ਲੱਗ ਰਹੀ ਨੈਸ਼ਨਲ ਲੋਕ ਅਦਾਲਤ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਅਤੇ ਹੋਰ ਵਧੇਰੇ ਜਾਣਕਾਰੀ ਲੈਣ ਲਈ ਟੋਲ-ਫ੍ਰੀ ਨੰਬਰ 1968 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਡਾਕਟਰ ਸ਼ਿਵਾਨੀ ਨਾਗਪਾਲ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਵੀ ਮੌਜੂਦ ਸਨ।

ਇੰਸ. ਅੰਗਰੇਜ ਕੁਮਾਰ ਨੇ ਥਾਣਾ ਸਿਟੀ ਦਾ ਚਾਰਜ ਸੰਭਾਲਿਆ

ਜਲਾਲਾਬਾਦ (ਜੀਤ ਕੁਮਾਰ)-ਪੁਲਸ ਸਟੇਸ਼ਨ ਥਾਣਾ ਸਿਟੀ ਜਲਾਲਾਬਾਦ ਦੇ ਐੱਸ.ਐੱਚ.ਓ. ਦਵਿੰਦਰ ਕੁਮਾਰ ਦੀ ਬਦਲੀ ਹੋਣ ਉਪਰੰਤ ਇਥੇ ਨਵੇਂ ਐੱਸ.ਐੱਚ.ਓ. ਇੰਸਪੈਕਟਰ ਅੰਗਰੇਜ ਕੁਮਾਰ ਨੇ ਅੱਜ ਆਪਣਾ ਚਾਰਜ ਸੰਭਾਲ ਲਿਆ ਹੈ। ਐੱਸ.ਐੱਚ.ਓ. ਅੰਗਰੇਜ ਕੁਮਾਰ ਨੇ ਕਿਹਾ ਕਿ ਇਲਾਕੇ ਵਿੱਚ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਸਖਤੀ ਨਾਲ ਪੇਸ਼ ਆਉਣਗੇ ਤੇ ਨਸ਼ਾ ਵੇਚਣ ਵਾਲਿਆਂ ਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ਣਗੇ। ਸ਼ਹਿਰ 'ਚ ਟ੍ਰੈਫਿਕ ਵਿਵਸਥਾ ਵਿੱਚ ਸੁਧਾਰ ਲਿਆਉਣ ਵਰਗੇ ਉਪਰਾਲੇ ਵੀ ਕੀਤੇ ਜਾਣਗੇ। ਉਨ੍ਹਾਂ ਕ੍ਰਾਇਮ 'ਤੇ ਮੁਕੰਮਲ ਖਾਤਮੇ ਲਈ ਲੋਕਾਂ ਪਾਸੋਂ ਵੀ ਸਹਿਯੋਗ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਵਿਅਕਤੀ ਨੂੰ ਇਨਸਾਫ ਮਿਲੇਗਾ।

ਫਾਰਚੂਨਰ ਸੜਕ 'ਤੇ ਖੜੇ ਰੋਡ ਰੋਲਰ ਨਾਲ ਟਕਰਾਈ, 4 ਜ਼ਖਮੀ

ਜਲਾਲਾਬਾਦ (ਜੀਤ ਕੁਮਾਰ)-ਬੀਤੀ ਰਾਤ ਫਾਜ਼ਿਲਕਾ-ਫਿਰੋਜ਼ਪੁਰ ਰੋਡ 'ਤੇ ਸਥਿਤ ਪਿੰਡ ਘੁਬਾਇਆ ਦੇ ਨਜ਼ਦੀਕ ਸੜਕ 'ਤੇ ਖੜੇ ਰੋਡ ਰੋਲਰ ਦੇ ਨਾਲ ਫਾਰਚੂਨਰ ਗੱਡੀ ਦੀ ਭਿਆਨਕ ਟੱਕਰ ਹੋ ਜਾਣ ਨਾਲ, ਫਾਰਚੂਨਰ ਗੱਡੀ ਵਿੱਚ ਸਵਾਰ 4 ਵਿਅਕਤੀਆਂ ਦੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਫਾਰਚੂਨਰ ਗੱਡੀ (ਨੰਬਰ ਸੀ.ਐਚ.01ਬੀ.ਐਸ.2903) ਵਿੱਚ 4 ਵਿਅਕਤੀ ਸਵਾਰ ਹੋ ਕੇ ਫਾਜ਼ਿਲਕਾ ਤੋਂ ਚੰਡੀਗੜ੍ਹ ਨੂੰ ਜਾ ਰਹੇ ਸੀ ਕਿ ਰਾਸਤੇ ਵਿੱਚ ਐੱਫ-ਐੱਫ ਰੋਡ 'ਤੇ ਸਥਿਤ ਪਿੰਡ ਘੁਬਾਇਆ ਦੇ ਕੋਲ ਸੜਕ 'ਤੇ ਖੜੇ ਰੋਡ ਰੂਲਰ ਦੇ ਨਾਲ ਅਚਾਨਕ ਟਕਰਾਉਣ ਨਾਲ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ ਅਰਵ ਪੁੱਤਰ ਅਸ਼ੋਕ ਕੁਮਾਰ ਦੀ ਸੱਜੀ ਬਾਹ ਵੱਢੀ ਗਈ, ਜਦੋਂਕਿ ਸੂਰਿਆ ਪੁੱਤਰ ਸੁਨੀਲ ਕੁਮਾਰ ਉਰਫ ਸੋਨੂੰ ਬੱਟੀ ਦੀ ਰੀੜ੍ਹ ਦੀ ਹੱਡੀ 'ਤੇ ਸੱਟ ਲੱਗ ਗਈ, ਗੱਡੀ ਵਿੱਚ ਪਿਛਲੀ ਸੀਟ 'ਤੇ ਬੈਠੇ 2 ਯੂਵਕਾਂ ਦੇ ਮਾਮੂਲੀ ਸੱਟਾਂ ਲੱਗੀਆਂ ਹਨ। ਇਹ ਚਾਰੇ ਯੂਵਕ 20 ਸਾਲ ਦੇ ਕਰੀਬ ਦੱਸੇ ਜਾ ਰਹੇ ਹਨ। ਵਾਪਰੇ ਇਸ ਹਾਦਸੇ ਬਾਰੇ ਪਤਾ ਚੱਲਣ 'ਤੇ ਮੌਕੇ 'ਤੇ ਘੁਬਾਇਆ ਪੁਲਸ ਚੌਕੀ ਦੇ ਕਰਮਚਾਰੀ ਪਹੁੰਚ ਗਏ ਸਨ ਤੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ। ਉਧਰ, ਇਹ ਵੀ ਜਾਣਕਾਰੀ ਮਿਲੀ ਹੈ ਕਿ ਇਸ ਹਾਦਸੇ ਵਿੱਚ ਜ਼ਖਮੀ ਹੋਏ ਵਿਅਕਤੀਆਂ ਵਿਚੋਂ 2 ਜਣਿਆ ਦੇ ਗੰਭੀਰ ਜ਼ਖਮੀ ਹੋਣ ਕਾਰਨ ਉਨ੍ਹਾਂ ਨੂੰ ਮੈਦਾਤਾ ਮੈਡੀਸਿਟੀ ਹਰਿਆਣਾ ਵਿਖੇ ਦਾਖਲ ਕਰਵਾਇਆ ਗਿਆ ਹੈ।

ਜੰਗਲਾਤ ਵਰਕਰਾਂ ਦਾ ਪੱਕਾ ਮੋਰਚਾ ਪੰਜਵੇਂ ਦਿਨ ਵੀ ਜਾਰੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਬੈਨਰ ਹੇਠ ਜੰਗਲਾਤ ਕਾਮਿਆਂ ਵੱਲੋਂ ਪੰਜਵੇਂ ਦਿਨ ਵੀ ਡੀਐੱਫਓ ਦੇ ਦਫਤਰ ਸਾਹਮਣੇ ਧਰਨਾ ਦਿੱਤਾ ਗਿਆ।ਜਥੇਬੰਦੀ ਦੇ ਆਗੂਆ ਨੇ ਦੱਸਿਆ ਕਿ ਡੀਐੱਫਓ ਵੱਲੋਂ ਜਥੇਬੰਦੀ ਨੂੰ ਮੀਟਿੰਗ ਦਾ ਵਾਰ-ਵਾਰ ਸਮਾਂ ਦੇ ਕੇ ਮੀਟਿੰਗ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਵਰਕਰਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਮੰਗ ਕੀਤੀ ਕਿ ਲੰਬੇ ਸਮੇਂ ਤੋਂ ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਦੀ ਸਿਨੀਆਰਤਾ ਸੂਚੀ ਬਣਾਈ ਜਾਵੇ, ਫ਼ੀਲਡ ਵਰਕਰਾਂ ਦੀਆਂ ਰਹਿੰਦੀਆ ਤਨਖਾਹਾਂ ਤੇ ਬਕਾਇਆ ਦਿੱਤਾ ਜਾਵੇ, ਵਰਕਰਾਂ ਨੂੰ ਔਜ਼ਾਰ ਤੇ ਵਰਦੀਆਂ ਦਿੱਤੀਆਂ ਜਾਣ ਆਦਿ ਮੰਗਾਂ ਦੀ ਪ੍ਰਾਪਤੀ ਹੋਣ ਤੱਕ ਲਗਾਤਾਰ ਪੱਕਾ ਮੋਰਚਾ ਜਾਰੀ ਰਹੇਗਾ।ਆਗੂਆਂ ਨੇ ਦੱਸਿਆ ਕਿ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਵੱਲੋਂ 17 ਜੂਨ ਨੂੰ ਜੰਗਲਾਤ ਮੰਤਰੀ ਦੇ ਹਲਕੇ ਵਿੱਚ ਰੋਸ ਮੁਜ਼ਾਹਰਾ ਕੀਤਾ ਜਾਵੇਗਾ, ਜਿਸ ਵਿੱਚ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਵਣ ਕਾਮੇ ਸ਼ਮੂਲੀਅਤ ਕਰਨਗੇ।ਅੱਜ ਦੇ ਪੱਕੇ ਮੋਰਚੇ ਵਿੱਚ ਬਲਬੀਰ ਸਿੰਘ ਗੋਖੀਵਾਲਾ, ਦਲਜੀਤ ਸਿੰਘ ਯਾਰੇ ਸ਼ਾਹਵਾਲਾ, ਨਿਸ਼ਾਨ ਸਿੰਘ ਮੇਹਰ ਸਿੰਘ, ਗੁਰਬੀਰ ਸਿੰਘ, ਮੁਖਤਿਆਰ ਸਿੰਘ, ਮਹਿੰਦਰ ਸਿੰਘ, ਸਤਨਾਮ ਸਿੰਘ, ਕੱਕਾ ਸਿਘ, ਬਾਕੇ ਲਾਲ, ਮੱਖਣ ਸਿੰਘ, ਰੁਲੀਆਂ ਸਿੰਘ, ਰਾਜ ਸਿੰਘ, ਬਲਵਿੰਦਰ ਸਿੰਘ, ਜੀਤ ਸਿੰਘ, ਹਰਨਾਮ ਸਿੰਘ, ਜੀਤਾ ਸਿੰਘ, ਗੁਰਨਾਮ ਸਿੰਘ ਤੇ ਕਿਸ਼ਨ ਚੰਦ ਜਾਗੋਵਾਲੀਆ ਹਾਜ਼ਰ ਸਨ।

ਹਰਿਆਣਾ 'ਚ ਰਾਜਨੀਤਕ ਬਦਲਾਅ ਯਕੀਨੀ : ਅਭੈ ਚੌਟਾਲਾ

ਨੌਜਵਾਨਾਂ ਨੂੰ ਦਿੱਤੀਆਂ ਜਾਣਗੀਆਂ 50 ਫੀਸਦੀ ਟਿਕਟਾਂ

ਸਿਰਸਾ (ਸੁਰਿੰਦਰ ਪਾਲ ਸਿੰਘ)-ਇਨੈਲੋ ਦੇ ਕੌਮੀ ਜਨਰਲ ਸਕੱਤਰ ਅਭੈ ਸਿੰਘ ਚੌਟਾਲਾ ਨੇ ਆਪਣੀ ਪਰਿਵਰਤਨ ਯਾਤਰਾ ਦੇ ਐਲਨਾਬਾਦ ਤੋਂ ਹੁੰਦਿਆਂ ਢਾਣੀ ਬਚਨ ਸਿੰਘ, ਢਾਣੀ ਮੌਜੂ, ਤਲਵਾੜਾ ਤੇ ਦਇਆ ਸਿੰਘ ਬੇਹੜ ਦੇ ਪਿੰਡਾਂ ਦੇ ਵਾਸੀਆਂ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਇਨੈਲੋ ਵੱਲੋਂ ਵਿਧਾਨ ਸਭਾ ਚੋਣਾਂ ਵਿੱਚ 50 ਫੀਸਦੀ ਟਿਕਟਾਂ ਨੌਜਵਾਨਾਂ ਨੂੰ ਦਿੱਤੀਆਂ ਜਾਣਗੀਆਂ।ਉਨ੍ਹਾ ਕਿਹਾ ਕਿ ਨੌਜਵਾਨ ਵਿਧਾਨ ਸਭਾ ਵਿੱਚ ਪਹੁੰਚ ਕੇ ਸੂਬੇ ਦੇ ਹਿੱਤ ਵਿੱਚ ਨੀਤੀਆਂ ਬਣਾਉਣਗੇ।ਇਨੈਲੋ ਆਗੂ ਨੇ ਕਿਹਾ ਕਿ ਹੁਣ ਹਰਿਆਣਾ ਵਿੱਚ 1987 ਵਰਗੀ ਲਹਿਰ ਹੈ ਤੇ ਸੂਬੇ ਦੇ ਲੋਕ 87 ਵਾਂਗ ਇਨੈਲੋ ਨੂੰ ਭਰਵਾਂ ਸਮਰਥਨ ਦੇਣਗੇ।ਅਭੈ ਨੇ ਕਿਹਾ ਕਿ ਅੱਜ ਪਰਿਵਾਰਕ ਸ਼ਨਾਖਤੀ ਕਾਰਡਾਂ ਦੀ ਆੜ ਵਿੱਚ ਲੱਖਾਂ ਪਰਿਵਾਰਾਂ ਦੇ ਪੀਲੇ ਰਾਸ਼ਨ ਕਾਰਡ ਕੱਟ ਦਿੱਤੇ ਗਏ ਤੇ ਬਜ਼ੁਰਗਾਂ ਦੀ ਪੈਨਸ਼ਨ ਕੱਟ ਦਿੱਤੀ ਗਈ।ਆਧਾਰ ਕਾਰਡ ਲਿੰਕ ਕਰਨ ਦੇ ਨਾਂਅ 'ਤੇ 1100 ਰੁਪਏ ਫੀਸ ਵਸੂਲੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕਮਜ਼ੋਰ ਕਰਨ ਲਈ ਨਵੇਂ-ਨਵੇਂ ਕਾਨੂੰਨ ਬਣਾਏ ਜਾ ਰਹੇ ਹਨ

14-Jun-PAGE- 3qxd.qxd 6/13/2023 10:38 PM Page 1

ਕਣਕ-ਦਾਲ ਸਕੀਮ 'ਚੋਂ ਨਾਂਅ ਕੱਟਣ ਵਿਰੁੱਧ ਗਰੀਬਾਂ 'ਚ ਭਾਰੀ ਰੋਸ : ਜਾਮਾਰਾਏ/ਪੰਡੋਰੀ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)-ਸੂਬਾ ਸਰਕਾਰ ਵੱਲੋਂ ਗਰੀਬ ਜਨਤਾ ਨੂੰ ਸਹੂਲਤਾਂ ਦੇਣ ਦੀ ਬਜਾਏ ਕਣਕ-ਦਾਲ ਦੇ ਰਾਸ਼ਨ ਕਾਰਡਾਂ 'ਚੋਂ ਨਾਂਅ ਕੱਟ ਕੇ ਸਹੂਲਤਾਂ ਤੋਂ ਵਾਂਝਾ ਕੀਤਾ। ਗਰੀਬ ਲੋਕਾਂ ਦੇ ਨਾਂਅ ਕੱਟਣ ਵਿਰੁੱਧ ਗਰੀਬ ਲੋਕਾਂ 'ਚ ਭਾਰੀ ਰੋਸ ਪਾਇਆ ਜਾ ਰੋਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਮਹੂਰੀ ਕਿਸਾਨ ਸਭਾ ਦੇ ਸੂਬਾਈ ਮੀਤ ਪ੍ਰਧਾਨ ਪਰਗਟ ਸਿੰਘ ਜਾਮਾਰਏ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਅਮਰਜੀਤ ਸਿੰਘ ਕੋਟਲੀ, ਨਰਿੰਦਰ ਸਿੰਘ ਫੌਜੀ ਰਟੋਲ ਨੇ ਪਿੰਡ ਮੀਆਂਪੁਰ 'ਚ ਮਨਰੇਗਾ ਵਰਕਰਜ਼ ਯੂਨੀਅਨ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਨ੍ਹਾਂ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਮਜ਼ਦੂਰ ਵਰਗ ਨਾਲ ਕੋਝਾ ਮਜ਼ਾਕ ਕਰ ਰਹੀ ਹੈ। ਪੰਜਾਬ ਦੇ ਲੋਕਾਂ ਕਾਂਗਰਸ, ਅਕਾਲੀ ਦਲ ਤੋਂ ਖਹਿੜਾ ਛੁਡਾਉਣ ਲਈ ਬਦਲ ਦੇ ਰੂਪ ਵਿੱਚ ਆਮ ਆਦਮੀ ਪਾਰਟੀ ਨੂੰ ਬਹੁਮੱਤ ਨਾਲ ਸਰਕਾਰ ਬਣਾਉਣ ਦਾ ਮੌਕਾ ਦਿੱਤਾ ਸੀ ਪਰ ਗਰੀਬ ਲੋਕਾਂ ਦੀਆਂ ਆਸਾਂ 'ਤੇ ਪੂਰੀ ਨਹੀਂ ਉਤਰੀ। ਇਨ੍ਹਾਂ ਆਗੂਆਂ ਨੇ ਕਿਹਾ ਕਿ ਆਟਾ ਦਾਲ ਸਕੀਮ ਦੀ ਪੜਤਾਲ 'ਚ ਗਰੀਬ ਲੋਕਾਂ ਦੇ ਨਾਂਅ ਕੱਟ ਕੇ ਸਕੀਮ ਤੋਂ ਵਾਝਿਆਂ ਕਰ ਦਿੱਤਾ ਹੈ। ਮਨਰੇਗਾ ਸਕੀਮ ਤਹਿਤ ਕੰਮ ਲੈਣ ਲਈ ਖੱਜਲ ਖੁਆਰ ਕੀਤਾ ਜਾ ਰਿਹਾ ਹੈ ਅਤੇ ਜਿਨ੍ਹਾਂ ਲੋਕਾਂ ਨੇ ਮਨਰੇਗਾ ਸਕੀਮ ਤਹਿਤ ਕੰਮ ਕੀਤਾ ਹੈ ਉਨ੍ਹਾਂ ਨੂੰ ਮਿਹਨਤਾਨਾ ਸਮੇਂ ਸਿਰ ਦਿੱਤਾ ਨਹੀਂ ਜਾ ਰਿਹਾ। ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਣਕ ਦਾਲ ਸਕੀਮ ਦੀ ਪੜਤਾਲ ਪਿੰਡਾਂ 'ਚ ਘਰ-ਘਰ ਜਾ ਕੇ ਨਿਰਪੱਖ ਤੌਰ ਤੇ ਕੀਤੀ ਜਾਵੇ। ਮਨਰੇਗਾ ਤਹਿਤ ਸਾਰਾ ਸਾਲ ਕੰਮ ਦਿੱਤਾ ਜਾਵੇ। ਗਰੀਬ ਲੋਕਾਂ ਨੂੰ ਦਸ-ਦਸ ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਘਰ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਟ ਜਾਰੀ ਕੀਤੀ ਜਾਵੇ। ਇਸ ਮੌਕੇ ਬਲਜਿੰਦਰ ਸਿੰਘ, ਮੰਗਲ ਸਿੰਘ, ਗੁਰਮੇਜ ਸਿੰਘ, ਪ੍ਰਕਾਸ਼ ਕੌਰ, ਪ੍ਰਵੀਨ ਕੌਰ, ਕੇਵਲ ਸਿੰਘ, ਰਕੇਸ਼ ਸਿੰਘ, ਨਿੰਦਰ ਸਿੰਘ, ਚਰਨਜੀਤ ਕੌਰ, ਬਾਵਾ ਸਿੰਘ, ਦਵਿੰਦਰ ਕੌਰ, ਪ੍ਰਵੀਨ ਕੌਰ, ਲਵਜੀਤ ਸਿੰਘ, ਕੁਲਦੀਪ

ਟੈਕਨੀਕਲ ਸਰਵਿਸ ਯੂਨੀਅਨ ਪੁਰਾਣਾ ਸ਼ਾਲਾ ਨੇ ਰੈਲੀ ਕਰਕੇ ਰੋਸ ਜਤਾਇਆ

ਗੁਰਦਾਸਪੁਰ (ਜਨਕ ਮਹਾਜਨ)-ਟੈਕਨੀਕਲ ਸਰਵਿਸ ਯੂਨੀਅਨ ਪੁਰਾਣਾ ਸ਼ਾਲਾ ਵਲੋਂ ਜੁਆਇਨ ਫੋਰਮ ਪੰਜਾਬ ਦੇ ਸੱਦੇ 'ਤੇ ਸਬ ਡਵੀਜਨ ਪੁਰਾਣਾ ਸ਼ਾਲਾ ਵਿਖੇ ਲਖਵਿੰਦਰ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਰੋਸ ਰੇਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਸਕੱਤਰ ਰਣਜੀਤ ਸਿੰਘ, ਮੀਤ ਪ੍ਰਧਾਨ ਸੁਰਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਅਤੇ ਪਰਮਜੀਤ ਸਿੰਘ ਨੇ ਕਿਹਾ ਕਿ 295/19 ਤਹਿਤ ਜੋ ਸਹਾਇਕ ਲਾਇਨਮੈਨ ਪਾਵਰਕਾਮ ਦੀਆਂ ਹਦਾਇਤਾਂ ਤਹਿਤ ਤਿੰਨ ਸਾਲ ਦਾ ਪਰਖ ਕਾਲ ਸਮਾਂ ਪੂਰਾ ਕਰ ਚੁੱਕੇ ਹਨ, ਉਨ੍ਹਾਂ ਦੀ ਪੂਰੀ ਤਨਖ਼ਾਹ ਨਹੀਂ ਦਿੱਤੀ ਜਾ ਰਹੀ ਜਿਸ ਕਾਰਨ ਮੁਲਾਜ਼ਮਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਡੀ.ਏ. ਦੀਆਂ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ, ਬੈਦ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਨਵੀਂ ਭਰਤੀ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਮੁਲਾਜ਼ਮਾਂ ਵਲੋਂ ਆਪਣੀਆਂ ਮੰਗਾਂ ਮਨਵਾਉਣ ਲਈ ਸੰਘਰਸ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ 14 ਜੂਨ ਨੂੰ ਮੁਲਾਜ਼ਮ ਵਰਕ ਟੂ ਰੂਲ ਕੰਮ ਕਰਨਗੇ ਅਤੇ ਬਿਜਲੀ ਮੰਤਰੀਦੇ ਫੀਲਡ ਵਿਚ ਆਉਣ 'ਤੇ ਕਾਲੇ ਝੰਡਿਆਂ ਨਾਲ ਰੋਸ ਵਿਖਾਵਾ ਕਰਨਗੇ। ਉਨ੍ਹਾਂ ਕਿਹਾ 5 ਜੁਲਾਈ ਨੂੰ ਹੈਡ ਆਫਿਸ ਪਟਿਆਲਾ ਦੇ ਤਿੰਨਾਂ ਗੇਟਾਂ 'ਤੇ ਸਵੇਰੇ 7 ਵਜੇ ਤੋਂ 2 ਵਜੇ ਤੱਕ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਗੁਰਦਿਆਲ ਸਿੰਘ, ਪ੍ਰਿਤਪਾਲ ਸਿੰਘ, ਅਨੂਪ ਕੁਮਾਰ, ਸੁਰਿਦਰ ਸਿੰਘ, ਅਸ਼ਵਨੀ ਕੁਮਾਰ, ਹਰਦੀਪ ਸਿੰਘ, ਰਸ਼ਪਾਲ ਸਿੰਘ ਆਦਿ ਹਾਜ਼ਰ ਸਨ।

ਹੱਕੀ ਮੰਗਾਂ ਲਈ ਕਿਸਾਨ-ਮਜ਼ਦੂਰ ਜਥੇਬੰਦੀ ਨੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਨਵਾਂ ਸਲੇਮਸ਼ਾਹ ਵਿਖੇ ਅਬਾਦਕਾਰ ਕਿਸਾਨਾਂ ਮਜ਼ਦੂਰਾਂ ਬੀਬੀਆਂ ਬੱਚਿਆਂ ਵੱਲੋਂ ਅਬਾਦ ਕੀਤੀਆਂ ਜ਼ਮੀਨਾਂ ਦੇ ਪੱਕੇ ਮਾਲਕੀ ਹੱਕ ਲੈਣ ਲਈ ਪਿਛਲੇ ਦਿਨਾਂ ਤੋਂ ਲਗਾਤਾਰ ਧਰਨਾ ਜਾਰੀ ਸੀ, ਅੱਜ ਤੜਕਸਾਰ ਪੁਲਸ ਪ੍ਰਸ਼ਾਸਨ ਵਲੋਂ ਧਰਨਾ ਦੇ ਰਹੇ ਕਿਸਾਨਾਂ, ਮਜ਼ਦੂਰਾਂ, ਬੀਬੀਆਂ, ਬੱਚਿਆਂ 'ਤੇ ਲਾਠੀਚਾਰਜ ਕਰਕੇ ਜ਼ਿਲਾ ਪ੍ਰਧਾਨ ਸਮੇਤ 35-40 ਕਿਸਾਨ ਆਗੂਆਂ ਨੂੰ ਗਿਰਫ਼ਤਾਰ ਕੀਤਾ ਗਿਆ ਤੇ ਧਰਨਾ ਉਖੇੜਿਆ ਗਿਆ,ਜਿਸ ਦੇ ਵਿਰੋਧ ਵਿੱਚ ਜੱਥੇਬੰਦੀ ਵੱਲੋਂ ਪੰਜਾਬ ਭਰ ਵਿੱਚ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ, ਕਿਸਾਨ ਆਗੂਆਂ ਕਿਹਾ ਕਿ ਪਿਛਲੇ 70-75 ਸਾਲਾਂ ਤੋਂ ਆਬਾਦਕਾਰ ਕਿਸਾਨਾਂ ਮਜ਼ਦੂਰਾਂ ਵੱਲੋਂ ਆਪਣੀ ਸਖ਼ਤ ਮਿਹਨਤ ਨਾਲ 300 ਏਕੜ ਅਬਾਦ ਕੀਤੀ ਜ਼ਮੀਨ ਤੇ ਪੱਕੇ ਤੌਰ ਤੇ ਕਾਬਜ਼ ਹਨ । ਉਸ ਜ਼ਮੀਨ ਉੱਤੇ ਪੰਜਾਬ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਮੌਜੂਦਾ ਸਰਕਾਰ ਦਾ ਐਮਐਲਏ ਸਵਨਾ ਦੇ ਭਰਾ ਦਾ ਬੁੱਢਾ ਗਿੱਲ ਰੌਂਗ ਰੇਤ ਮਾਫੀਏ ਦਾ ਧੱਕੇਸ਼ਾਹੀ ਨਾਲ ਕਬਜ਼ਾ ਕਰਵਾ ਦਿੱਤਾ ਗਿਆ ,ਜਿਸ ਦੀ ਜੱਥੇਬੰਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਕਿਸਾਨ ਆਗੂਆਂ ਕਿਹਾ ਕਿ ਜਿੰਨਾ ਸਮਾਂ ਗ੍ਰਿਫਤਾਰ ਕੀਤੇ ਕਿਸਾਨ ਆਗੂਆਂ ਤੇ ਬੀਬੀਆਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ ਤੇ ਅਬਾਦਕਾਰ ਕਿਸਾਨਾਂ ਮਜ਼ਦੂਰਾਂ ਨੂੰ ਪੱਕੇ ਮਾਲਕੀ ਹੱਕ ਨਹੀਂ ਦਿੱਤੇ ਜਾਂਦੇ ਉਨਾ ਚਿਰ ਸਰਕਾਰ ਵਿਰੁੱਧ ਅੰਦੋਲਨ ਜਾਰੀ ਰਹੇਗਾ। ਕਿਸਾਨ ਆਗੂਆਂ ਸਰਕਾਰ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਅੱਜ ਸ਼ਾਮ ਨੂੰ ਸੂਬਾ ਕੋਰ ਕਮੇਟੀ ਦੀ ਮੀਟਿੰਗ ਵਿੱਚ ਸਖ਼ਤ ਐਕਸ਼ਨ ਲਿਆ ਜਾਵੇਗਾ ਤੇ ਉਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੀ ਹੋਵੇਗੀ।

ਕਾਮਰੇਡ ਦਲਜੀਤ ਢੋਟੀਆਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) ਖਡੂਰ ਸਾਹਿਬ ਕਾਮਰੇਡ ਦਲਜੀਤ ਕੌਰ ਢੋਟੀਆਂ ਦੀ ਹੋਈ ਬੇਵਕਤੀ ਮੌਤ 'ਤੇ ਸੀਪੀਆਈ ਬਲਾਕ ਨੌਸ਼ਹਿਰਾ ਪਨੂੰਆਂ ਤੇ ਚੋਹਲਾ ਸਾਹਿਬ ਦੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ, ਮੀਤ ਸਕੱਤਰ ਬੂਟਾ ਸਿੰਘ ਢੋਟੀਆਂ, ਬ੍ਰਾਂਚ ਸਕੱਤਰ ਜਤਿੰਦਰ ਸਿੰਘ ਢੋਟੀਆਂ ਵਲੋਂ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਬੀਬੀ ਦਲਜੀਤ ਕੌਰ ਪਾਰਟੀ ਹਰ ਹੁਕਮ ਨੂੰ ਖੁਸੀ ਪ੍ਰਦਾਨ ਕਰਦੇ ਹਨ ਉਨ੍ਹਾਂ ਅੱਤਵਾਦ ਕਾਲੇ ਦੌਰ ਵੀ ਪਾਰਟੀ ਨਾਲ ਖੜ੍ਹੇ ਰਹੇ। ਕਾਮਰੇਡ ਦਲਜੀਤ ਦੇ ਪਰਿਵਾਰ ਨੇ ਮਜ਼ਦੂਰਾਂ ਦੇ ਹੱਕ 'ਚ ਰਾਖੀ ਕੀਤੀ। ਅੱਤਵਾਦ ਦੇ ਦੌਰ ਚ ਹਿੰਦੂ ਪਰਿਵਾਰਾਂ ਦਾ ਡਟ ਕੇ ਸਾਥ ਦਿੱਤਾ। ਅੱਤਵਾਦੀਆਂ ਹੱਥੋਂ ਸਭ ਤੋਂ ਛੋਟੀ ਉਮਰ ਦਾ ਪਰਿਵਾਰਕ ਮੈਂਬਰ ਸੁਖਦੇਵ ਸਿੰਘ ਨੂੰ ਅੱਤਵਾਦੀਆਂ ਸ਼ਹੀਦ ਕਰ ਦਿੱਤਾ ਉਨ੍ਹਾਂ ਨੇ ਹੁੱਦੇ ਸਮਾਜਿਕ ਤੇ ਸਰਕਾਰੀ ਜੁਲਮ ਦੇ ਸਾਰੀ ਜ਼ਿਦਗੀ ਜੰਗ ਨੂੰ ਜਾਰੀ ਰੱਖਿਆ ਕਾਮਰੇਡ ਦਲਜੀਤ ਦੀ ਅਰਥੀ ਤੇ ਪਾਰਟੀ ਦਾ ਲਾਲ ਝੰਡਾ ਪਾ ਕੇ ਸਰਧਾਂਜ਼ਲੀਆਂ ਭੇਟ ਕੀਤੀਆਂ। ਇਸ ਮੌਕੇ ਕਾਮਰੇਡ ਬੂਟਾ ਸਿੰਘ ਤੋਂ ਇਲਾਵਾ ਢੋਟੀਆਂ ਬਲਾਕ ਸਕੱਤਰ ਸੇਵਾ ਸਿੰਘ ਦਾਦੇਹਰ ਸਾਹਿਬ, ਦਿਲਬਾਗ ਸਿੰਘ, ਬੰਤ ਸਿੰਘ ਕਾਲੀ ਢੋਟੀਆਂ, ਪਸ਼ੌਰਾ ਸਿੰਘ ਢੋਟੀਆਂ ਆਦਿ ਹਾਜ਼ਰ ਸਨ।

ਪੰਜਾਬ ਵਕਫ਼ ਬੋਰਡ ਵੱਲੋਂ ਅੰਮ੍ਰਿਤਸਰ ਦੀਆਂ ਮਸਜਿਦਾਂ ਨੂੰ 7.80 ਲੱਖ ਦੀ ਵਿੱਤੀ ਸਹਾਇਤਾ ਜਾਰੀ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)- ਪੰਜਾਬ ਵਕਫ਼ ਬੋਰਡ ਵੱਲੋਂ ਵੱਖ-ਵੱਖ ਮਸਜਿਦਾਂ ਦੇ ਵਿਕਾਸ ਲਈ ਪਿਛਲੇ 6 ਮਹੀਨਿਆਂ ਦੌਰਾਨ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਗਏ ਹਨ। ਪਿਛਲੇ ਪੰਜ ਮਹੀਨਿਆਂ ਦੌਰਾਨ ਅੰਮ੍ਰਿਤਸਰ ਜ਼ੋਨ ਦੀਆਂ ਵੱਖ-ਵੱਖ ਮਸਜਿਦਾਂ ਨੂੰ 7.80 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ, ਜਿਸ ਸਦਕਾ ਮਸਜਿਦਾਂ ਦੇ ਨਵੇਂ ਵਿਕਾਸ ਕਾਰਜ ਮੁਕੰਮਲ ਕੀਤੇ ਗਏ ਹਨ ਅਤੇ ਜੋ ਮਸਜਿਦਾਂ ਖ਼ਰਾਬ ਹੋ ਗਈਆਂ ਸਨ, ਉਨ੍ਹਾਂ ਦੇ ਮੁੜ ਵਸੇਬੇ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ। ਪੰਜਾਬ ਵਕਫ਼ ਬੋਰਡ ਅੰਮ੍ਰਿਤਸਰ ਦੇ ਅਸਟੇਟ ਅਫਸਰ ਨਦੀਮ ਅਹਿਮਦ ਖਾਨ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪਿਛਲੇ ਕੁਝ ਮਹੀਨਿਆਂ ਤੋਂ ਲਗਾਤਾਰ ਮਸਜਿਦਾਂ ਦੇ ਵਿਕਾਸ ਕਾਰਜ ਮੁਕੰਮਲ ਕੀਤੇ ਜਾ ਰਹੇ ਹਨ। ਪਿੰਡ ਜੇਠੂਵਾਲ, ਅੰਮ੍ਰਿਤਸਰ ਦੀ ਮਸਜਿਦ ਨੂੰ 2.80 ਲੱਖ, ਜਾਮਾ ਮਸਜਿਦ ਫਤਿਆਬਾਦ ਤਹਿਸੀਲ ਖਡੂਰਸਾਹਿਬ ਜ਼ਿਲਾ ਤਰਨਤਾਰਨ ਨੂੰ 1.50 ਲੱਖ, ਜਾਮਾ ਮਸਜਿਦ ਸਠਿਆਲਾ ਤਹਿਸੀਲ ਬਾਬਾ ਬਕਾਲਾ ਨੂੰ 1.50 ਲੱਖ, ਤਹਿਸੀਲ ਬਾਬਾ ਬਕਾਲਾ ਦੀ ਮਸਜਿਦ ਪਿੰਡ ਠੱਟੀਆਂ ਨੂੰ 50 ਹਜ਼ਾਰ, ਮਸਜਿਦ ਖਲੀਫਾ ਰਜਾ-ਏ-ਮੁਸਤਫਾ ਜਲਿਆਂਵਾਲਾ ਬਾਗ ਅੰਮ੍ਰਿਤਸਰ ਨੂੰ 1.50 ਲੱਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਹੈ।

ਇਸ ਤੋਂ ਇਲਾਵਾ ਪਿਛਲੇ ਮਹੀਨਿਆਂ ਵਿੱਚ ਇੱਕ ਦੁਰਘਟਨਾ ਦਾ ਮਾਮਲਾ ਸਾਹਮਣੇ ਆਇਆ ਸੀ ਜਿਸ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਸੀ ਅਤੇ ਉਸ ਨੂੰ 50,000 ਰੁਪਏ ਦੀ ਚੈਰਿਟੀ ਸਹਾਇਤਾ ਦਿੱਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸਾਲ 2022-23 ਵਿੱਚ 5.55 ਕਰੋੜ ਦਾ ਮਾਲੀਆ ਇਕੱਠਾ ਹੋਇਆ ਸੀ, ਇਸ ਵਾਰ ਇਹ ਟੀਚਾ ਵਧਾ ਕੇ 15 ਕਰੋੜ ਕਰ ਦਿੱਤਾ ਗਿਆ ਹੈ, ਜਿਸ ਨੂੰ ਪੂਰਾ ਕਰਨ ਲਈ ਸਾਰੇ ਮੁਲਾਜ਼ਮ ਕੰਮ ਕਰ ਰਹੇ ਹਨ। ਪ੍ਰਸ਼ਾਸਕ ਐਮਐਫ ਫਾਰੂਕੀ ਆਈਪੀਐਸ ਨੇ ਕਿਹਾ ਕਿ ਸਾਡਾ ਮੁੱਖ ਟੀਚਾ ਕਬਰਸਤਾਨ ਅਤੇ ਮਸਜਿਦਾਂ ਦੀ ਦੇਖਭਾਲ ਕਰਨਾ ਹੈ। ਇਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ।

ਨਵਦੀਪ ਸਿੰਘ ਨੇ ਲੇਬਰ ਇਨਫੋਰਸਮੈਂਟ ਅਫਸਰ ਵਜੋਂ ਅਹੁਦਾ ਸੰਭਾਲਿਆ

ਪਠਾਨਕੋਟ (ਦਵਿੰਦਰ ਸਿੰਘ)-ਨਵਦੀਪ ਸਿੰਘ ਲੇਬਰ ਇਨਫੋਰਸਮੈਂਟ ਅਫਸਰ, ਪਠਾਨਕੋਟ ਨੇ ਜਿਲ੍ਹਾ ਪਠਾਨਕੋਟ ਵਿਖੇ ਆਪਣਾ ਚਾਰਜ ਸੰਭਾਲ ਲਿਆ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸਾਰੀ ਕਿਰਤੀ ਬੀਓਸੀ ਬੋਰਡ ਵਿਚ ਬਤੌਰ ਲਾਭਪਾਤਰੀ ਰਜਿਸਟਰਡ ਵੱਧ ਤੋਂ ਵੱਧ ਹੋਣ ਤਾਂ ਜੋ ਕਿ ਬੋਰਡ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਉਨ੍ਹਾਂ ਨੂੰ ਵੀ ਮਿਲ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਕਿਹੜਾ-ਕਿਹੜਾ ਉਸਾਰੀ ਕਾਮਾ ਬਤੌਰ ਲਾਭਪਾਤਰੀ ਇਸ ਬੋਰਡ ਵਿੱਚ ਰਜਿਸਟਰਡ ਹੋ ਸਕਦਾ ਹੈ ਜਿਵੇ ਕਿ ਹਰ ਇਕ ਉਹ ਕਿਰਤੀਆ ਜੋ ਬਤੌਰ ਰਾਜ ਮਿਸਤਰੀ/ਇੱਟਾਂ/ਸੀਮਿੰਟ ਪਕੜਾਉਣ ਵਾਲੇ ਮਜ਼ਦੂਰ, ਕਾਰਪੇਂਟਰ, ਪੇਂਟਰ, ਇਲੈਕਟ੍ਰਿਸ਼ਨ, ਪਲੰਬਰ, ਪੱਥਰ ਦੀ ਰਗੜਾਈ ਕਰਨ ਵਾਲਾ, ਪੀ.ਓ.ਪੀ.ਕਰਨ ਵਾਲੇ, ਸੜਕਾਂ ਬਣਾਉਨ ਵਾਲੇ ਉਸਾਰੀ ਕੰਮ ਨਾਲ ਸਬੰਧਤ ਕਿਰਤੀ, ਭੱਠਿਆਂ ਤੇ ਪਥੇਰ, ਕੱਚੀ ਇੱਟ ਦੀ ਭਰਾਈ ਵਾਲੇ, ਸ਼ੀਸ਼ੇ ਲਗਾਉਣ ਵਾਲੇ ਉਸਾਰੀ ਮਜ਼ਦੂਰ ਅਖਵਾਉਂਦੇ ਹਨ। ਉਸਾਰੀ ਕਿਰਤੀ ਨੂੰ ਰਜਿਸਟਰਡ ਹੋਣ ਵਾਸਤੇ ਉਮਰ 18 ਤੋ 60 ਸਾਲ ਵਿਚਕਾਰ ਹੋਵੇ ਅਤੇ ਪਿਛਲੇ 12 ਮਹੀਨਿਆਂ ਦੋਰਾਨ ਪੰਜਾਬ ਰਾਜ ਵਿਚ ਘੱਟ ਤੋ ਘੱਟ 90 ਦਿਨ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ। ਉਨ੍ਹਾਂ ਦੱਸਿਆ ਕਿ ਰਜਿਸਟਰਡ ਹੋਣ ਲਈ ਕਿਰਤੀ ਆਪਣੇ ਅਤੇ ਆਪਣੀ ਫੈਮਲੀ ਦੇ ਆਧਾਰ ਕਾਰਡ, ਆਪਣੇ ਬੈਂਕ ਖਾਤੇ ਦੀ ਕਾਪੀ, ਫੈਮਲੀ ਫੋਟੋ, 27 ਨੰਬਰ ਫਾਰਮ (ਸਵੈ ਘੋਸ਼ਨਾ ਪੱਤਰ), 29 ਨੰਬਰ ਫਾਰਮ ਤਿਆਰ ਕਰਕੇ ਆਪਣੇ ਨੇੜੇ ਦੇ ਸੇਵਾ ਕੇਂਦਰ ਜਾ ਕੇ ਆਪਣੇ ਆਪ ਨੂੰ ਬਤੌਰ ਲਾਭਪਾਤਰੀ ਬੋਰਡ ਵਿਚ ਰਜਿਸਟਰਡ ਕਰਵਾ ਸਕਦਾ ਹੈ। ਜਿਸ ਲਈ ਕਿਰਤੀ ਨੂੰ 25 ਰੁਪਏ ਇਕ ਵਾਰ ਰਜਿਸਟ੍ਰੇਸ਼ਨ ਫੀਸ ਅਤੇ 10 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ 03 ਸਾਲ ਦਾ ਇਕੱਠਾ 360 ਰੁਪਏ (ਕੁੱਲ 385 ਰੁਪਏ) ਅੰਸ਼ਦਾਨ ਸੇਵਾ ਕੇਂਦਰ ਵਿਚ ਹੀ ਜਮ੍ਹਾਂ ਕਰਵਾਉਣਾ ਪਏਗਾ।

ਸੜਕ ਹਾਦਸੇ 'ਚ ਜ਼ਖਮੀ ਵਿਅਕਤੀ ਦੀ ਮੌਤ

ਗੁਰਦਾਸਪੁਰ, (ਜਨਕ ਮਹਾਜਨ)- ਕਸਬਾ ਪੁਰਾਣਾ ਸ਼ਾਲਾ ਦੇ ਰਹਿਣ ਵਾਲੇ ਸ਼ਵਿੰਦਰ ਸਿੰਘ ਪੁੱਤਰ ਤਾਰਾ ਸਿੰਘ ਨੇ ਪੁਲਸ ਨੂੰ ਕੀਤੀ ਸ਼ਿਕਾਇਤ ਵਿਚ ਦੱਸਿਆ ਕਿ ਉਹ ਬੀਤੀ 9 ਜੂਨ ਨੂੰ ਆਪਣੇ ਪ

14-JUNE-PAGE-4.qxd 6/13/2023 10:39 PM Page 1

ਨਵਾਂ ਜ਼ਮਾਨਾ
ਬੁੱਧਵਾਰ, 14 ਜੂਨ 2023

ਲੜਕੀਆਂ ਦੀ ਸੁਰੱਖਿਆ ਅਹਿਮ ਮੁੱਦਾ

ਲੋਕ ਸਭਾ ਦੀਆਂ 2014 ਦੀਆਂ ਚੋਣਾਂ ਦੌਰਾਨ ਨਰਿੰਦਰ ਮੋਦੀ ਨੇ ਔਰਤਾਂ ਦੀ ਸੁਰੱਖਿਆ ਦੇ ਮੁੱਦੇ ਨੂੰ ਜ਼ੋਰ-ਸ਼ੋਰ ਨਾਲ ਉਠਾਇਆ ਸੀ। ਇਸ ਮੁੱਦੇ ਉੱਤੇ ਭਰੋਸਾ ਕਰਕੇ ਔਰਤਾਂ ਨੇ ਵੱਡੀ ਪੱਧਰ 'ਤੇ ਭਾਜਪਾ ਨੂੰ ਵੋਟਾਂ ਪਾ ਕੇ ਸੱਤਾ ਵਿੱਚ ਲਿਆਂਦਾ ਸੀ। ਭਾਜਪਾ ਪਿਛਲੇ 9 ਸਾਲ ਤੋਂ ਕੇਂਦਰ ਦੀ ਸੱਤਾ ਉੱਤੇ ਕਾਬਜ਼ ਹੈ। ਕਈ ਸੂਬਿਆਂ ਵਿੱਚ ਵੀ ਉਸ ਦਾ ਰਾਜ ਹੈ। ਇਨ੍ਹਾਂ ਬੀਤੇ ਨੌ ਸਾਲਾਂ ਵਿੱਚ ਔਰਤਾਂ ਵਿਰੁੱਧ ਅਪਰਾਧ ਘਟੇ ਨਹੀਂ, ਸਗੋਂ ਵਧੇ ਹਨ। ਔਰਤਾਂ ਵਿਰੁੱਧ ਅਪਰਾਧਾਂ ਕਾਰਨ ਭਾਜਪਾ ਦੇ ਕਈ ਚੁਣੇ ਵਿਧਾਇਕਾਂ ਤੇ ਸਾਂਸਦਾਂ ਨੂੰ ਜੇਲ੍ਹ ਦੀ ਹਵਾ ਖਾਣੀ ਪਈ ਹੈ। ਇਨ੍ਹੀਂ ਦਿਨੀਂ ਵੀ ਭਾਜਪਾ ਸਾਂਸਦ ਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਵਿਰੁੱਧ ਮਹਿਲਾ ਭਲਵਾਨ ਜਿਨਸੀ ਸ਼ੋਸ਼ਣ ਦੇ ਦੋਸ਼ ਲਾ ਕੇ ਉਸ ਦੀ ਗ੍ਰਿਫ਼ਤਾਰੀ ਲਈ ਅੰਦੋਲਨ ਕਰ ਰਹੀਆਂ ਹਨ। ਔਰਤਾਂ ਦੀ ਸੁਰੱਖਿਆ ਦੀ ਦੁਹਾਈ ਦੇਣ ਵਾਲੇ ਨਰਿੰਦਰ ਮੋਦੀ ਤੇ ਹੋਰ ਭਾਜਪਾ ਆਗੂ ਬ੍ਰਿਜ ਭੂਸ਼ਣ ਨੂੰ ਬਚਾਉਣ ਲਈ ਅੱਡੀ-ਚੋਟੀ ਦਾ ਜ਼ੋਰ ਲਾ ਰਹੇ ਹਨ।

ਇਸ ਸਮੇਂ ਔਰਤਾਂ, ਖਾਸ ਕਰ ਛੋਟੀ ਉਮਰ ਦੀਆਂ ਬੱਚੀਆਂ ਦੀ ਸੁਰੱਖਿਆ ਦਾ ਮਸਲਾ ਇੱਕ ਗੰਭੀਰ ਸਮਾਜਕ ਸਮੱਸਿਆ ਦਾ ਰੂਪ ਧਾਰਨ ਕਰ ਚੁੱਕਾ ਹੈ। ਕੌਮੀ ਅਪਰਾਧ ਬਿਊਰੋ ਦੇ ਅੰਕੜਿਆਂ ਮੁਤਾਬਕ 2021 ਵਿੱਚ ਦੇਸ਼ ਭਰ ਅੰਦਰ 69 ਹਜ਼ਾਰ 14 ਬੱਚੇ ਗੁੰਮ ਹੋਏ ਸਨ। ਇਨ੍ਹਾਂ ਵਿੱਚ 55 ਹਜ਼ਾਰ 120 ਬੱਚੀਆਂ ਸਨ, ਜੋ ਕੁੱਲ ਗੁੰਮਸ਼ੁਦਾ ਬੱਚਿਆਂ ਦਾ 80 .ਫ਼ੀਸਦੀ ਬਣਦੀਆਂ ਹਨ। ਔਸਤਨ ਸਾਡੇ ਦੇਸ਼ ਵਿੱਚ ਹਰ ਸਾਲ 75 ਹਜ਼ਾਰ ਬੱਚੇ ਗੁੰਮ ਹੁੰਦੇ ਹਨ। ਇਹ ਗਿਣਤੀ ਉਨ੍ਹਾਂ ਬੱਚਿਆਂ ਦੀ ਹੈ, ਜਿਨ੍ਹਾਂ ਦੀ ਐੱਫ਼ ਆਈ ਆਰ ਦਰਜ ਹੁੰਦੀ ਹੈ। ਲੜਕੀਆਂ ਗੁੰਮ ਹੋਣ ਉਤੇ ਜਦੋਂ ਮਾਪੇ ਥਾਣੇ ਰਪਟ ਦਰਜ ਕਰਾਉਣ ਜਾਂਦੇ ਹਨ ਤਾਂ ਅੱਗੋਂ ਘੜਿਆ-ਘੜਾਇਆ ਜਵਾਬ ਮਿਲਦਾ ਹੈ ਕਿ ਕਿਸੇ ਮੁੰਡੇ ਨਾਲ ਭੱਜ ਗਈ ਹੋਵੇਗੀ। ਇੰਜ ਗਰੀਬ ਪਰਵਾਰਾਂ ਦੇ ਬਹੁਤ ਸਾਰੇ ਕੇਸਾਂ ਵਿੱਚ ਪੁਲਸ ਰਪਟ ਵੀ ਦਰਜ ਨਹੀਂ ਕਰਦੀ।

ਗੁੰਮ ਹੋਈਆਂ ਲੜਕੀਆਂ ਨੂੰ ਕਈ ਮਾਮਲਿਆਂ ਵਿੱਚ ਘਰੇਲੂ ਨੌਕਰਾਣੀ ਵਜੋਂ ਵੇਚ ਦਿੱਤਾ ਜਾਂਦਾ ਹੈ ਜਾਂ ਫਿਰ ਦੇਹ ਵਪਾਰ ਵਿੱਚ ਧੱਕ ਦਿੱਤਾ ਜਾਂਦਾ ਹੈ। ਸਾਡੇ ਦੇਸ਼ ਵਿੱਚ ਕਈ ਸਮਾਜਕ ਤਬਕਿਆਂ ਵਿੱਚ ਲਿੰਗ ਅਨੁਪਾਤ ਅਸਾਵਾਂ ਹੁੰਦਾ ਹੈ, ਜਿਸ ਤਰ੍ਹਾਂ ਗੁਜਰਾਤ ਦੇ ਪਟੇਲ ਤੇ ਹਰਿਆਣਾ ਅਤੇ ਰਾਜਸਥਾਨ ਦੇ ਜਾਟ ਹਨ। ਲੜਕੀਆਂ ਘੱਟ ਹੋਣ ਕਾਰਨ ਇਹ ਵਿਆਹ ਲਈ ਦੂਜੇ ਸੂਬਿਆਂ ਵਿੱਚੋਂ ਸਮੱਗਲ ਕਰਕੇ ਲਿਆਂਦੀਆਂ ਲੜਕੀਆਂ ਨੂੰ ਖਰੀਦਦੇ ਹਨ। ਇਨ੍ਹਾਂ ਨੂੰ ਪਾਰੋ ਜਾਂ ਦਾਸੀ ਕਿਹਾ ਜਾਂਦਾ ਹੈ। ਆਮ ਤੌਰ ਉੱਤੇ ਇਹ ਲੜਕੀਆਂ ਗਰੀਬ ਆਦਿਵਾਸੀ ਜਾਂ ਦਲਿਤ ਭਾਈਚਾਰੇ ਦੀਆਂ ਹੁੰਦੀਆਂ ਹਨ। ਪਿਛਲੇ ਦਿਨੀਂ 'ਦੀ ਹਿੰਦੂ' ਵਿੱਚ ਇੱਕ ਰਿਪੋਰਟ ਛਪੀ ਸੀ ਕਿ ਕਿਵੇਂ ਆਦਿਵਾਸੀ, ਦਲਿਤ ਤੇ ਓ ਬੀ ਸੀ ਲੜਕੀਆਂ ਨੂੰ ਸਮੱਗਲ ਕਰਕੇ ਪਟੇਲ ਭਾਈਚਾਰੇ ਦੇ ਕੁੰਵਾਰੇ ਮੁੰਡਿਆਂ ਨੂੰ ਵੇਚਿਆ ਜਾਂਦਾ ਹੈ।

ਝਾਰਖੰਡ ਵਿੱਚ ਇਸ ਸਮੇਂ ਮਨੁੱਖੀ ਤਸਕਰੀ ਦੀ ਸਮੱਸਿਆ ਅਤੀ ਗੰਭੀਰ ਹੋ ਚੁੱਕੀ ਹੈ। ਇੱਥੇ ਤਸਕਰੀ ਦਾ ਸ਼ਿਕਾਰ ਬੱਚੀਆਂ ਮੁੱਖ ਤੌਰ ਉੱਤੇ ਮੁੰਡਾ, ਗੌਂਡ ਤੇ ਸੰਥਾਲ ਆਦਿਵਾਸੀ ਕਬੀਲਿਆਂ ਦੀਆਂ ਹੁੰਦੀਆਂ ਹਨ। ਦਿੱਲੀ ਦੀਆਂ ਪਲੇਸਮੈਂਟ ਏਜੰਸੀਆਂ ਦੇ ਏਜੰਟ ਇਨ੍ਹਾਂ ਲੜਕੀਆਂ ਨੂੰ ਨੌਕਰੀ ਦਾ ਲਾਲਚ ਦੇ ਕੇ ਲੈ ਜਾਂਦੇ ਹਨ। ਇਸ ਤੋਂ ਬਾਅਦ ਇਹ ਬੱਚੀਆਂ ਅਜਿਹੀ ਦਲਦਲ ਵਿੱਚ ਫਸ ਜਾਂਦੀਆਂ ਹਨ ਕਿ ਮੁੜ ਨਿਕਲਣ ਬਾਰੇ ਸੋਚ ਵੀ ਨਹੀਂ ਸਕਦੀਆਂ। ਪਿਛਲੇ ਮਈ ਮਹੀਨੇ ਵਿੱਚ ਅਜਿਹੀਆਂ 11 ਲੜਕੀਆਂ ਨੂੰ ਬੇਂਗਲੂਰੂ ਤੋਂ ਬਚਾ ਕੇ ਰਾਂਚੀ ਲਿਆਂਦਾ ਗਿਆ ਸੀ। ਇਹ ਸਾਰੀਆਂ 14 ਤੋਂ 17 ਸਾਲ ਦੀਆਂ ਸਨ।

ਗੁੰਮ ਹੋਏ ਜਾਂ ਨੌਕਰੀ ਦੇ ਬਹਾਨੇ ਬਹਿਲਾ-ਫੁਸਲਾ ਕੇ ਗੁੰਮ ਕਰ ਦਿੱਤੇ ਗਏ ਬੱਚਿਆਂ ਦੇ ਮਾਪਿਆਂ ਦੀ ਤਕਲੀਫ਼ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਇਨਸਾਨ ਆਪਣੇ ਬੱਚੇ ਦੀ ਮੌਤ ਨੂੰ ਬਰਦਾਸ਼ਤ ਕਰ ਲੈਂਦਾ ਹੈ, ਕਿਉਂਕਿ ਉਸ ਦੀ ਮੌਤ ਉਨ੍ਹਾਂ ਦੇ ਸਾਹਮਣੇ ਹੋਈ ਹੁੰਦੀ ਹੈ। ਬੱਚਾ ਗਾਇਬ ਹੋ ਜਾਵੇ, ਉਸ ਦਾ ਦੁੱਖ ਮਾਪਿਆਂ ਨੂੰ ਸਾਰੀ ਜ਼ਿੰਦਗੀ ਚੈਨ ਨਾਲ ਜਿਉਣ ਨਹੀਂ ਦਿੰਦਾ। ਸਵਾਲ ਸਿਰਫ਼ ਮਾਂ-ਪਿਓ ਦਾ ਹੀ ਨਹੀਂ, ਸਗੋਂ ਗੁੰਮ ਹੋਏ ਬੱਚੇ-ਬੱਚੀਆਂ ਦਾ ਵੀ ਹੈ ਕਿ ਉਨ੍ਹਾਂ ਦੀ ਜ਼ਿੰਦਗੀ ਕਿਨ੍ਹਾਂ ਹਾਲਤਾਂ ਵਿੱਚ ਗੁਜ਼ਰਦੀ ਹੈ। ਇਸ ਦੀ ਕਲਪਨਾ ਕਰਕੇ ਹੀ ਰੂਹ ਕੰਬ ਜਾਂਦੀ ਹੈ।

ਸੰਸਦੀ ਚੋਣਾਂ 'ਚ ਪੁਰਾਣੀ ਪੈਨਸ਼ਨ ਸਕੀਮ ਦਾ ਜਾਦੂ ਚੱਲਣ ਦੀਆਂ ਸੰਭਾਵਨਾਵਾਂ

ਪ੍ਰਭਜੀਤ ਸਿੰਘ ਰਸੂਲਪੁਰ

ਹਿਮਾਚਲ ਪ੍ਰਦੇਸ਼ ਤੋਂ ਬਾਅਦ ਹੁਣ ਕਰਨਾਟਕ ਰਾਜ ਵਿੱਚ ਵੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸ਼ਾਨਦਾਰ ਜਿੱਤ ਵਿੱਚ ਵੱਡਾ ਯੋਗਦਾਨ ਪੁਰਾਣੀ ਪੈਨਸ਼ਨ ਸਕੀਮ ਦਾ ਵੀ ਹੈ, ਜਿਸ ਦੀ ਪਿਛਲੇ 20 ਸਾਲਾਂ ਤੋਂ ਉਸ ਰਾਜ ਦਾ ਮੁਲਾਜ਼ਮ ਵਰਗ ਮੰਗ ਕਰ ਰਿਹਾ ਹੈ। ਦੋਵਾਂ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਇਹ ਵਾਅਦਾ ਕੀਤਾ ਗਿਆ ਸੀ ਕਿ ਕਾਂਗਰਸ ਦੇ ਸੱਤਾ ਵਿੱਚ ਆਉਂਦੇ ਹੀ ਸਭ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ। ਇਸ ਐਲਾਨ ਨੂੰ ਰਾਜਾਂ ਦੇ ਮੁਲਾਜ਼ਮਾਂ ਨੇ ਆਪਣੇ ਭਵਿੱਖ ਅਤੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਹੋਈ ਬੰਪਰ ਵੋਟਿੰਗ ਦੇ ਮੱਦੇਨਜ਼ਰ ਪ੍ਰਵਾਨ ਕੀਤਾ। ਨਤੀਜਾ ਇਹ ਹੋਇਆ ਕਿ ਕਾਂਗਰਸ ਪਾਰਟੀ ਉਪਰੋਕਤ ਰਾਜਾਂ ਵਿੱਚ ਸੱਤਾ ਵਿੱਚ ਆਈ।

ਅਸ਼ੋਕ ਗਹਿਲੋਤ ਦਾ ਜਾਦੂ

ਪਿਛਲੇ ਸਾਲ ਫਰਵਰੀ 2022 'ਚ ਰਾਜਸਥਾਨ ਦੇ ਕਾਂਗਰਸੀ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਵਿਧਾਨ ਸਭਾ 'ਚ ਬੱਜਟ ਪੇਸ਼ ਕਰਦੇ ਹੋਏ ਰਾਜਸਥਾਨ ਦੇ ਕਰਮਚਾਰੀਆਂ ਲਈ ਪੁਰਾਣੀ ਪੈਨਸ਼ਨ ਯੋਜਨਾ ਨੂੰ ਹੈਰਾਨੀਜਨਕ ਤਰੀਕੇ ਨਾਲ ਲਾਗੂ ਕਰਨ ਦਾ ਐਲਾਨ ਕੀਤਾ ਸੀ। ਰਾਜਸਥਾਨ ਵਿੱਚ ਕਿਤੇ ਵੀ ਮੁਲਾਜ਼ਮਾਂ ਵੱਲੋਂ ਇਸ ਮੰਗ ਨੂੰ ਲੈ ਕੇ ਕੋਈ ਜ਼ਿਆਦਾ ਵੱਡਾ ਅੰਦੋਲਨ ਤਾਂ ਨਹੀਂ ਸੀ ਕੀਤਾ ਜਾ ਰਿਹਾ, ਪਰ ਹੌਲੀ-ਹੌਲੀ ਲਗਾਤਾਰ ਚੱਲਦੇ ਅੰਦੋਲਨ ਨੇ ਰਾਜਸਥਾਨ ਸਰਕਾਰ ਨੂੰ ਮਜਬੂਰ ਕਰ ਦਿੱਤਾ ਕਿ ਉਹ ਮੁਲਾਜ਼ਮਾਂ ਦੇ ਸੁਰੱਖਿਅਤ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਐਲਾਨ ਕਰੇ। ਇਸ ਐਲਾਨ ਤੋਂ ਤੁਰੰਤ ਬਾਅਦ ਪੂਰੇ ਭਾਰਤ ਵਿੱਚ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਅਚਾਨਕ ਮੰਗ ਉੱਠਣ ਲੱਗੀ। ਗਹਿਲੋਤ ਨੇ ਇਸ ਯੋਜਨਾ ਨੂੰ ਯੋਜਨਾਬੱਧ ਢੰਗ ਨਾਲ ਲਾਗੂ ਕੀਤਾ। ਇਸ ਸਕੀਮ ਦਾ ਅਧਿਐਨ ਕਰਨ ਲਈ ਕਈ ਰਾਜਾਂ ਦੀਆਂ ਟੀਮਾਂ ਰਾਜਸਥਾਨ ਵੀ ਆਈਆਂ। ਇਸ ਤੋਂ ਬਾਅਦ ਛੱਤੀਸਗੜ੍ਹ ਦੇ ਮੁੱਖ ਮੰਤਰੀ ਭੁਪੇਸ਼ ਬਘੇਲ ਨੇ ਵੀ ਇਸ ਨੂੰ ਛੱਤੀਸਗੜ੍ਹ ਵਿੱਚ ਲਾਗੂ ਕਰ ਦਿੱਤਾ ਹੈ। ਇਸ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ (ਜੋ ਅਜੇ ਐਲਾਨ ਮਾਤਰ ਹੀ ਹੈ) ਅਤੇ ਝਾਰਖੰਡ ਦੇ ਸੀ ਐੱਮ ਹੇਮੰਤ ਸੋਰੇਨ ਨੇ ਇਸ ਨੂੰ ਲਾਗੂ ਕੀਤਾ। ਹੁਣ ਹਿਮਾਚਲ ਪ੍ਰਦੇਸ਼ ਦੇ ਸੀ ਐੱਮ ਸੁਖਵਿੰਦਰ ਸੁੱਖੂ ਨੇ ਵੀ ਪੁਰਾਣੀ ਪੈਨਸ਼ਨ ਭਾਵ ਓ ਪੀ ਐੱਸ ਨੂੰ ਆਪਣੇ ਰਾਜ 'ਚ ਲਾਗੂ ਕਰ ਦਿਤਾ ਹੈ। ਯਾਦ ਰਹੇ ਇਕ ਅਪ੍ਰੈਲ ਤੋਂ ਹਿਮਾਚਲ ਪ੍ਰਦੇਸ ਚ ਰਾਜ ਦੇ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦਾ ਜੀ ਪੀ ਐੱਫ ਫੰਡ ਕੱਟਣਾ ਸ਼ੁਰੂ ਹੋ ਗਿਆ ਹੈ। ਕਾਂਗਰਸ ਦੀ ਜਿੱਤ ਤੋਂ ਬਾਅਦ ਕਰਨਾਟਕ ਵਿੱਚ ਵੀ ਇਸ ਨੂੰ ਲਾਗੂ ਕੀਤਾ ਜਾ ਰਿਹਾ ਹੈ। ਇਹ ਸਪੱਸ਼ਟ ਹੈ ਕਿ ਪੁਰਾਣੀ ਪੈਨਸ਼ਨ ਸਕੀਮ ਅਗਲੇ ਸਾਲ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੱਡਾ ਮੁੱਦਾ ਬਣਨ ਜਾ ਰਹੀ ਹੈ।

ਸਾਲ 2004 ਵਿੱਚ ਐੱਨ ਡੀ ਏ ਸਰਕਾਰ ਦੇ ਮੁਖੀ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੇ ਪੂਰੇ ਭਾਰਤ ਵਿੱਚ ਸਰਕਾਰੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬੰਦ ਕਰਕੇ ਨਵੀਂ ਪੈਨਸ਼ਨ ਸਕੀਮ ਲਾਗੂ ਕੀਤੀ ਸੀ। ਨਵੀਂ ਪੈਨਸਨ ਸਕੀਮ ਵਿੱਚ ਪੈਨਸ਼ਨ ਲਈ ਮੁਲਾਜ਼ਮ ਦੀ ਤਨਖਾਹ ਵਿੱਚੋਂ ਬਰਾਬਰ ਯੋਗਦਾਨ ਦੀ ਕਟੌਤੀ ਕੀਤੀ ਗਈ ਸੀ, ਜਿਸ ਵਿੱਚ 10 ਫੀਸਦੀ (ਹੁਣ 14 %) ਸਰਕਾਰ ਵੱਲੋਂ ਅਤੇ 10 ਫੀਸਦੀ ਮੁਲਾਜ਼ਮ ਵੱਲੋਂ ਕੀਤੀ ਜਾਂਦੀ ਸੀ। ਇਹ ਪੈਸਾ ਸਰਕਾਰ ਨੇ ਸਟਾਕ ਮਾਰਕੀਟ ਵਿੱਚ ਲਗਾਇਆ ਸੀ। ਕਰਮਚਾਰੀਆਂ ਦਾ ਭਵਿੱਖ ਸਟਾਕ ਮਾਰਕੀਟ ਦੇ ਭਵਿੱਖ 'ਤੇ ਨਿਰਭਰ ਕਰਦਾ ਹੈ। ਮੁਲਾਜ਼ਮਾਂ ਦੀ ਸੇਵਾਮੁਕਤੀ ਤੋਂ ਬਾਅਦ ਇਸ ਸਕੀਮ ਵਿੱਚ 1000 ਤੋਂ 2000 ਤੱਕ ਪੈਨਸ਼ਨ ਮਿਲਦੀ ਹੈ, ਜਿਸ ਤੋਂ ਬਾਅਦ ਪੂਰੇ ਭਾਰਤ ਵਿੱਚ ਰੋਸ ਹੈ।

ਗਹਿਲੋਤ ਦਾ ਫਾਰਮੂਲਾ ਸਾਰਿਆਂ ਨੂੰ ਪਸੰਦ ਆਇਆ

ਅਸ਼ੋਕ ਗਹਿਲੋਤ ਦੇ ਤਰਕਸ ਵਿੱਚੋਂ ਜਿਵੇਂ ਹੀ ਪੁਰਾਣੀ ਪੈਨਸ਼ਨ ਸਕੀਮ ਦਾ ਤੀਰ ਨਿਕਲਿਆ, ਕਾਂਗਰਸ ਪਾਰਟੀ ਨੇ ਇਸ ਨੂੰ ਅਪਣਾ ਲਿਆ। ਜਿੱਥੇ ਵੀ ਵਿਧਾਨ ਸਭਾ ਚੋਣਾਂ ਹੋਈਆਂ, ਇਸ ਨੂੰ ਚੋਣ ਮਨੋਰਥ ਪੱਤਰ ਵਿੱਚ ਸ਼ਾਮਲ ਕੀਤਾ ਗਿਆ ਅਤੇ ਨਤੀਜੇ ਕਾਂਗਰਸ ਦੇ ਹੱਕ ਵਿੱਚ ਆਉਣ ਲੱਗੇ। ਕਾਂਗਰਸ ਸਰਕਾਰ ਨੂੰ ਭਾਵੇਂ ਇਸ ਦਾ ਫਾਇਦਾ ਹੋਇਆ ਹੋਵੇ, ਪਰ ਇਹ ਵੀ ਸੱਚ ਹੈ ਕਿ ਇਸ ਤੋਂ ਬਾਅਦ ਉਨ੍ਹਾਂ ਮੁਲਾਜ਼ਮਾਂ ਦਾ ਭਵਿੱਖ ਸੁਹਾਵਣਾ ਹੋ ਗਿਆ ਹੈ, ਜੋ ਮੁਲਾਜ਼ਮ ਹੁਣ ਤੱਕ ਭਵਿੱਖ ਨੂੰ ਲੈ ਕੇ ਚਿੰਤਤ ਰਹਿੰਦੇ ਸਨ। ਪੁਰਾਣੀ ਪੈਨਸ਼ਨ ਸਕੀਮ ਬਹਾਲ ਹੋਣ ਤੋਂ ਬਾਅਦ ਮੁਲਾਜ਼ਮਾਂ ਨੂੰ ਭਵਿੱਖ ਪ੍ਰਤੀ ਯਕੀਨ ਹੋ ਗਿਆ ਹੈ ਕਿ ਉਹ ਬੁਢਾਪੇ 'ਚ ਸੇਵਾ-ਮੁਕਤ ਜੀਵਨ ਇੱਜ਼ਤ ਨਾਲ ਬਤੀਤ ਕਰ ਸਕਣਗੇ। ਪੁਰਾਣੀ ਪੈਨਸ਼ਨ ਬਹਾਲੀ ਕਰਨ ਵਾਲੇ ਰਾਜਾਂ ਦੇ ਮੁਲਾਜ਼ਮ ਆਗੂ ਕਹਿੰਦੇ ਹਨ ਕਿ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ ਮੁਲਾਜ਼ਮਾਂ ਲਈ ਕੀਤੇ ਗਏ ਹੋਰ ਐਲਾਨਾਂ 'ਤੇ ਭਾਰੀ ਹੈ। ਇਹ ਇਕ ਐਲਾਨ ਇਸ ਤਰ੍ਹਾਂ ਹੈ ਕਿ ਇਸ ਤੋਂ ਬਾਅਦ 2004 ਤੋਂ ਬਾਅਦ ਨੌਕਰੀ 'ਤੇ ਜੁਆਇਨ ਕਰਨ ਵਾਲੇ ਮੁਲਾਜ਼ਮਾਂ ਦਾ ਬੁਢਾਪਾ ਸੁਰੱਖਿਅਤ ਹੋ ਗਿਆ ਹੈ।

ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਕਿਹਾ ਹੈ ਕਿ ਕਾਂਗਰਸ ਦੇਸ਼ ਭਰ ਵਿੱਚ ਪੁਰਾਣੀ ਪੈਨਸ਼ਨ ਯੋਜਨਾ (ਓ ਪੀ ਐੱਸ) ਨੂੰ ਲਾਗੂ ਕਰਨ ਲਈ ਕੇਂਦਰ ਸਰਕਾਰ ਨੂੰ 'ਮਜਬੂਰ' ਕਰੇਗੀ। ਕਾਂਗਰਸ ਦੇ ਦਬਾਅ ਹੇਠ ਹੀ ਨਵੀਂ ਪੈਨਸ਼ਨ ਸਕੀਮ (ਐੱਨ.ਪੀ.ਐੱਸ.) 'ਤੇ ਰੀਵਿਊ ਕਮੇਟੀ ਬਣਾਈ ਗਈ ਹੈ।

ਕਰੋੜਾਂ ਮੁਲਾਜ਼ਮ ਪਰਵਾਰ ਭਾਰਤ ਭਰ 'ਚ ਪੁਰਾਣੀ ਪੈਨਸ਼ਨ ਬਹਾਲ ਹੋਣ ਦੀ ਉਡੀਕ 'ਚ ਬੈਠੇ ਕੋਈ ਸ਼ੁੱਭ ਖਬਰ ਉਡੀਕ ਰਹੇ ਸਨ। ਉਹ ਪੁਰਾਣੀ ਪੈਨਸ਼ਨ ਬਹਾਲੀ ਲਈ ਪੂਰੀ ਤਰ੍ਹਾਂ ਆਸਵੰਦ ਹਨ। ਜਦ ਨੀਤੀ ਆਯੋਗ ਦੀ ਮੀਟਿੰਗ 'ਚ ਗਹਿਲੋਤ ਅਤੇ ਕਾਂਗਰਸ ਦੇ ਮੁੱਖ ਮੰਤਰੀਆਂ ਨੇ ਆਪਣੀ ਪੁਰਾਣੀ ਪੈਨਸ਼ਨ ਬਹਾਲੀ ਵਾਲੀ ਨੀਤੀ ਆਪਣੇ ਰਾਜਾਂ 'ਚ ਜਾਰੀ ਰੱਖਣ ਦਾ ਅਹਿਦ ਲੈਂਦਿਆਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਪੂਰੇ ਦੇਸ਼ ਵਿਚ ਜਲਦੀ-ਜਲਦੀ ਬਹਾਲ ਕੀਤਾ ਜਾਵੇ, ਪਰ ਇੱਥੇ ਉਹਨਾਂ ਲਈ 'ਉਹ ਫਿਰੇ ਨੱਥ ਘੜਾਉਣ ਨੂੰ ਅਤੇ ਉਹ ਫਿਰੇ ਨੱਕ ਵਢਾਉਣ ਨੂੰ'' ਵਾਲੀ ਅਖੌਤ ਪੂਰੀ ਸੱਚ ਸਾਬਿਤ ਹੋਈ। ਆਪਣੇ ਭਾਸ਼ਣ ਵਿੱਚ ਪੀ ਐੱਮ ਮੋਦੀ ਨੇ ਕਾਂਗਰਸ ਦੀਆਂ ਪੁਰਾਣੀ ਪੈਨਸ਼ਨ ਬਹਾਲੀ ਵਰਗੀਆਂ ਯੋਜਨਾਵਾਂ ਨੂੰ ਦੇਸ਼ ਨੂੰ ਦੀਵਾਲੀਆ ਕਰਨ ਵਾਲੀਆਂ ਦੱਸਦਿਆਂ ਸਾਫ ਕਰ ਦਿੱਤਾ ਹੈ ਕਿ ਜੇ ਭਾਜਪਾ ਸਰਕਾਰ ਰਾਜਸਥਾਨ 'ਤੇ ਸੱਤਾ ਪ੍ਰਾਪਤ ਕਰਦੀ ਹੈ ਤਾਂ ਉਹ ਫਿਲਹਾਲ ਗਹਿਲੋਤ ਸਰਕਾਰ ਦੁਆਰਾ ਲਾਗੂ ਕੀਤੀਆਂ ਓ.ਪੀ.ਐੱਸ., ਚਿਰੰਜੀਵੀ, ਸਮਾਜਿਕ ਸੁਰੱਖਿਆ ਪੈਨਸ਼ਨ ਸਮੇਤ ਸਾਰੀਆਂ ਸਕੀਮਾਂ ਨੂੰ ਜਾਰੀ ਰੱਖਣ ਦੇ ਮੂਡ ਵਿੱਚ ਨਹੀਂ ਹੈ। ਯਾਦ ਰਹੇ ਪ੍ਰਧਾਨ ਮੰਤਰੀ ਮੋਦੀ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਨੀਤੀ ਆਯੋਗ ਦੇ ਡਿਪਟੀ ਚੇਅਰਮੈਨ ਆਦਿ ਨੇ ਕੁਝ ਮਹੀਨੇ ਪਹਿਲਾਂ ਵੀ ਪੁਰਾਣੀ ਪੈਨਸ਼ਨ ਸਕੀਮ ਨੂੰ ਬੇਲੋੜਾ ਦੱਸਿਆ ਸੀ। ਉਹਨਾਂ ਨੇ ਕਾਰਪੋਰੇਟ ਪੱਖੀ ਆਰਥਿਕ ਸਲਾਹਕਾਰਾਂ ਤੋਂ ਪ੍ਰਮੁੱਖ ਰਾਸ਼ਟਰੀ ਅਖਬਾਰਾਂ ਅਤੇ ਵੱਡੇ ਰਸਾਲਿਆਂ 'ਚ ਪੁਰਾਣੀ ਪੈਨਸ਼ਨ ਬਹਾਲੀ ਨੂੰ 'ਖਜ਼ਾਨੇ 'ਤੇ ਬੋਝ' ਕਰਾਰ ਦਿੰਦੇ ਲੇਖ ਵੀ ਛਪਵਾਏ ਸਨ।

ਹੁਣ ਪੰਜਾਬ ਦੀ ਗੱਲ ਕਰੀਏ ਤਾਂ ਓਲਡ ਪੈਨਸ਼ਨ ਸਕੀਮ ਕਦੋਂ ਦੇਵੋਗੇ ? ਦੇ ਜੁਆਬ 'ਚ ਪੰਜਾਬ ਦੇ ਖਜ਼ਾਨਾ ਮੰਤਰੀ ਇਕ ਇੰਟਰਵਿਊ 'ਚ ਕਹਿੰਦੇ ਹਨ ਕਿ ਓਲਡ ਪੈਨਸ਼ਨ ਸਕੀਮ ਲਾਗੂ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੋ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ, ਦੋਵੇਂ ਹੀ ਕਮੇਟੀਆਂ ਸਾਰੇ ਸਟੇਕ ਹੋਲਡਰਾਂ ਦੇ ਨਾਲ ਚਰਚਾ ਕਰਕੇ ਆਪਣੀ-ਆਪਣੀ ਰਿਪੋਰਟ ਦੇ ਰਹੀਆਂ ਹਨ ਅਤੇ ਉਮੀਦ ਹੈ ਕਿ ਛੇਤੀ ਹੀ ਫਾਈਨਲ ਰਿਪੋਰਟ ਅਤੇ ਪ

14-JUNE-PAGE-5.qxd 6/13/2023 10:34 PM Page 1

ਬਿਜਲੀ ਕਾਮਿਆਂ ਵੱਲੋਂ ਹੱਕੀ ਮੰਗਾਂ ਲਾਗੂ ਕਰਵਾਉਣ ਲਈ ਰੋਸ ਰੈਲੀਆਂ

ਮੁਕਤਸਰ ਸਾਹਿਬ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)

ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਜ਼ੋਨ ਕਮੇਟੀ ਬਠਿੰਡਾ ਜੁਆਇੰਟ ਫੋਰਮ ਪੰਜਾਬ ਦੀ ਕਾਲ 'ਤੇ ਗੁਰੂ ਹਰਸਹਾਏ ਦਫਤਰ ਦੇ ਗੇਟ ਅੱਗੇ ਨਾਨਕ ਚੰਦ ਦੀ ਪ੍ਰਧਾਨਗੀ ਹੇਠ ਰੋਸ ਰੈਲੀ ਹੋਈ, ਜਿਸ ਵਿੱਚ ਪਾਵਰਕਾਮ/ਟਰਾਂਸਕੋ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਰੈਲੀ ਵਿੱਚ ਸਾਥੀ ਸ਼ਿੰਗਾਰ ਮਹਿਰੋਕ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਰੈਲੀ ਦੌਰਾਨ ਸੰਬੋਧਨ ਕਰਦਿਆਂ ਸਾਥੀ ਸ਼ਿੰਗਾਰ ਮਹਿਰੋਕ ਸਰਕਲ ਸਕੱਤਰ ਫਿਰੋਜ਼ਪੁਰ ਨੇ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਸੀ ਆਰ ਏ 295/19 ਦੇ ਸਾਥੀਆਂ ਦਾ ਪਰਖ ਕਾਲ ਦਾ ਸਮਾਂ ਪੂਰਾ ਹੋਣ 'ਤੇ ਨਾ ਹੀ ਸਾਥੀਆਂ ਨੂੰ ਰੈਗੂਲਰ ਕੀਤਾ ਗਿਆ ਹੈ, ਨਾ ਹੀ ਪੂਰੀ ਤਨਖਾਹ ਬਣਾਈ ਗਈ ਹੈ। ਇਨਕੁਆਰੀ ਦੇ ਨਾਂ 'ਤੇ ਹੀ ਸਹਾਇਕ ਲਾਈਨਮੈਨਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਆਰ ਟੀ ਐੱਮ ਤੇ ਓ ਸੀ ਸਮੇਤ ਹੋਰ ਕੈਟਾਗਰੀਆਂ ਨੂੰ ਪੇ ਬੈਂਡ ਦਾ ਲਾਭ ਦੇਣ ਲਈ, ਸ/ਡਵੀਜ਼ਨ/ਡਵੀਜ਼ਨ ਪੱਧਰ 'ਤੇ ਸਮੂੱਚੇ ਜ਼ੋਨ ਪੱਧਰੀ ਰੋਸ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਸਰਕਲ ਫਿਰੋਜ਼ਪੁਰ ਵੱਲੋਂ 23 ਜੂਨ ਨੂੰ ਸਰਕਲ ਪੱਧਰਾ ਰੋਸ ਧਰਨਾ ਦਿੱਤਾ ਜਾਵੇਗਾ। ਪਾਵਰਕਾਮ ਤੇ ਟਰਾਂਸਕੋ ਦੀਆਂ ਮੈਨੇਜਮੈਂਟ ਤੇ ਬਿਜਲੀ ਮੰਤਰੀ ਪੰਜਾਬ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਜਥੇਬੰਦੀਆਂ ਨੂੰ 20 ਦਿਨ ਦੇ ਅੰਦਰ ਅੰਦਰ ਦਿੱਤੇ ਭਰੋਸੇ ਅਨੁਸਾਰ ਹੱਲ ਨਾ ਕਰਨ ਵਿਰੁੱਧ ਸਖਤ ਰੋਸ ਪਾਇਆ ਜਾ ਰਿਹਾ ਹੈ ਤੇ ਮੈਨੇਜਮੈਂਟਾਂ ਦੀਆਂ ਟਾਲ ਮਟੋਲ ਦੀਆਂ ਨੀਤੀਆਂ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 14 ਜੂਨ ਤੋਂ ਅਗਲੇ ਫੈਸਲੇ ਤੱਕ ਵਰਕ ਟੂ ਰੂਲ ਅਨੁਸਾਰ ਕੰਮ ਕਰਨਗੇ ਤੇ ਪਾਵਰਕਾਮ ਸਮੇਤ ਟਰਾਂਸਕੋ ਦੇ ਚੇਅਰਮੈਨਾਂ ਤੇ ਡਾਇਰੈਕਟਰਾਂ, ਬਿਜਲੀ ਮੰਤਰੀ ਪੰਜਾਬ ਦੇ ਫੀਲਡ 'ਚ ਦੌਰਿਆਂ ਸਮੇਂ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕਰਨਗੇ। 15 ਜੂਨ ਤੋਂ 23 ਜੂਨ ਤੱਕ ਸਰਕਲ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ ਤੇ ਸੂਬਾ ਪੱਧਰ 'ਤੇ ਇੱਕ ਰੋਜ਼ਾ ਹੜਤਾਲ ਦੀ ਤਿਆਰੀ ਕੀਤੀ ਜਾਵੇਗੀ। ਪੰਜ ਜੁਲਾਈ ਨੂੰ ਹੈੱਡ ਆਫਿਸ ਪਟਿਆਲਾ ਦੇ ਤਿੰਨੇ ਗੇਟਾਂ 'ਤੇ 7 ਵਜੇ ਸਵੇਰੇ ਤੋਂ 2 ਵਜੇ ਦੁਪਹਿਰ ਤੱਕ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਉਪਰੰਤ 20 ਜੁਲਾਈ ਨੂੰ ਬਿਜਲੀ ਮੰਤਰੀ ਪੰਜਾਬ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ। ਸਾਥੀ ਸ਼ਿੰਗਾਰ ਮਹਿਰੋਕ ਨੇ ਦੱਸਿਆ ਕਿ ਜੇਕਰ ਪਾਵਰਕਾਮ ਮੈਨੇਜਮੈਂਟ ਤੇ ਬਿਜਲੀ ਮੰਤਰੀ ਪੰਜਾਬ ਨੇ 25 ਮਈ ਨੂੰ ਜਥੇਬੰਦੀਆਂ ਨੂੰ ਮੀਟਿੰਗ ਵਿੱਚ ਦਿੱਤੇ ਭਰੋਸੇ ਅਨੁਸਾਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਰੈਲੀ ਨੂੰ ਹੋਰਨਾਂ ਤੋਂ ਇਲਾਵਾ ਸਾਥੀ ਸੁਰਿੰਦਰ ਕੁਮਾਰ, ਬਲਵੀਰ ਕੁਮਾਰ, ਬਲਕਾਰ ਚੰਦ, ਸੁਖਦੇਵ ਸਿੰਘ, ਜਸਵਿੰਦਰਪਾਲ, ਪਰਵਿੰਦਰ ਸਿੰਘ, ਸੰਦੀਪ ਸਿੰਘ, ਬਲਦੇਵ ਸਿੰਘ ਆਦਿ ਨੇ ਸੰਬੋਧਨ ਕੀਤਾ।

ਬਰੇਟਾ

ਮੁਕਤਸਰ (ਸ਼ਮਿੰਦਰਪਾਲ/ਪੂਜਾ) : ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ ਸਥਿਤ ਪਾਵਰਕਾਮ ਦਫਤਰ ਵਿਖੇ ਮੰਗਲਵਾਰ ਨੂੰ ਪੀ ਐੱਸ ਈ ਬੀ ਇੰਪਲਾਇਜ਼ ਜੁਆਇੰਟ ਫੰਰਟ ਦੇ ਸੱਦੇ 'ਤੇ ਪਾਵਰਕਾਮ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਮੰਗਾਂ ਖਾਤਰ ਪੰਜਾਬ ਸਰਕਾਰ ਤੇ ਮੈਨੇਜਮੈਂਟ ਖਿਲਾਫ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਭੜਾਸ ਕੱਢੀ ਗਈ। ਇਸ ਮਗਰੋਂ ਸਰਕਾਰ ਦੀ ਅਰਥੀ ਫੂਕੀ ਗਈ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਕਾਰਪੋਰੇਸ਼ਨ ਦੀਆਂ ਦੋਨੋਂ ਮੈਨੇਜਮੈਂਟਾਂ ਵੱਲੋਂ ਵਾਰ-ਵਾਰ ਮੰਨੀਆਂ ਗਈਆਂ ਮੰਗਾਂ ਪ੍ਰਤੀ ਟਾਲ-ਮਟੋਲ ਵਾਲੀ ਨੀਤੀ ਅਪਣਾਈ ਜਾ ਰਹੀ ਹੈ, ਜਿਸ ਦੇ ਰੋਸ ਵਜੋਂ ਉਹ ਸੰਘਰਸ਼ ਕਰ ਰਹੇ ਨੇ। ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ 'ਚ ਮੁਲਾਜ਼ਮ ਆਗੂ ਸ਼ਾਮਲ ਹੋਏ ਤੇ ਸਰਕਾਰ ਦੇ ਰਵੱਈਏ ਵਿਰੁੱਧ ਰੋਸ ਜ਼ਾਹਰ ਕਰਦਿਆਂ ਨਾਅਰੇਬਾਜ਼ੀ ਕੀਤੀ।

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਜੁਆਇੰਟ ਫੋਰਮ ਦੇ ਸੱਦੇ 'ਤੇ 220 ਕੇਵੀਏ ਫਿਰੋਜ਼ਪੁਰ ਛਾਉਣੀ ਵਿਖੇ ਟੈਕਨੀਕਲ ਸਰਵਸ ਯੂਨੀਅਨ ਨੇ ਗੇਟ ਰੋਸ ਰੈਲੀ ਕੀਤੀ ਗਈ। ਇਸ ਰੋਸ ਧਰਨੇ ਦੀ ਪ੍ਰਧਾਨਗੀ ਸਾਥੀ ਸ਼ਿੰਦਰ ਸਿੰਘ ਨੇ ਕੀਤੀ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਸੀਆਰਏ 295/19 ਰਾਹੀਂ ਭਰਤੀ ਹੋਏ ਸਹਾਇਕ ਲਾਈਨਮੈਨ ਸਾਥੀਆਂ ਦਾ ਪਰਖ਼ਕਾਲ ਦਾ ਸਮਾਂ ਪੂਰਾ ਹੋ ਜਾਣ ਦੇ ਬਾਵਜੂਦ ਪੂਰੇ ਤਨਖ਼ਾਹ ਸਕੇਲ ਨਹੀਂ ਲਾਗੂ ਨਾ ਕਰਕੇ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਆਪਣੀਆਂ ਮੰਗਾਂ ਨੂੰ ਲੈ ਕੇ 14 ਜੂਨ 2023 ਤੋਂ ਬਿਜਲੀ ਕਾਮੇ ਵਰਕ-ਟੂ-ਰੂਲ ਅਨੁਸਾਰ ਆਪਣੀ ਬਣਦੀ ਡਿਊਟੀ ਕਰਨਗੇ, ਜਿਸ ਦੇ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਹੋਵੇਗੀ। ਰਵੀ ਸ਼ਰਮਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਰਕਾਰ ਤੇ ਮੈਨੇਜਮੈਂਟ ਵਿਰੁੱਧ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਸੀਜ਼ਨ ਵਿੱਚ ਕੰਮ ਠੱਪ ਕਰਕੇ ਸਰਕਲ ਫ਼ਿਰੋਜ਼ਪੁਰ ਵਿਖੇ ਇਕ ਵਿਸ਼ਾਲ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਰੋਸ ਰੈਲੀ ਵਿੱਚ ਸਬ ਡਵੀਜ਼ਨ ਕੈਂਟ ਨੰਬਰ 1 ਦੇ ਪ੍ਰਧਾਨ ਸ਼ਿੰਦਰ ਸਿੰਘ, ਗੁਰਨਾਮ ਸਿੰਘ, ਬੰਸੀ ਲਾਲ, ਸੁਰਜੀਤ ਸਿੰਘ ਤੇ ਕੈਂਟ ਨੰਬਰ 2 ਦੇ ਮੀਤ ਪ੍ਰਧਾਨ ਜਸਵੰਤ ਸਿੰਘ, ਸਹਾਇਕ ਸਕੱਤਰ ਪ੍ਰਦੀਪ ਕੁਮਾਰ, ਸਾਥੀ ਪ੍ਰਿੰਸ, ਲਾਈਨਮੈਨ ਦਰਸ਼ਨ ਸਿੰਘ, ਹਰਜੀਤ ਸਿੰਘ, ਅਜੈ ਕੁਮਾਰ, ਦਿਲਬਾਜ ਸਿੰਘ, ਵਿਜੈ ਸਿੰਘ, ਪ੍ਰਦੀਪ ਸਿੰਘ, ਸੰਜੀਵ ਮੱਕੜ, ਸੁਰਿੰਦਰ ਸਿੰਘ, ਬਲਜਿੰਦਰ ਸਿੰਘ, ਦੀਪਕ ਕੰਬੋਜ਼, ਹਰਪਿੰਦਰ ਸਿੰਘ, ਪਵਨ ਕੁਮਾਰ, ਸੁਖਦੇਵ ਸਿੰਘ, ਵਿਨੋਦ ਕੁਮਾਰ, ਅਮਨ ਆਦਿ ਸਾਥੀਆਂ ਨੇ ਹਿੱਸਾ ਲਿਆ।

ਬਰੇਟਾ (ਗੋਬਿੰਦ ਸ਼ਰਮਾ)-ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਦੇ ਸੱਦੇ ਤੇ ਸਬ ਡਵੀਜ਼ਨ ਬਰੇਟਾ ਵਿਖੇ ਸਮੂਹ ਮੁਲਾਜ਼ਮਾਂ ਨੇ ਇਕੱਠੇ ਹੋ ਕੇ ਰੋਹ ਭਰਪੂਰ ਰੈਲੀ ਕੀਤੀ, ਜਿਸ ਨੂੰ ਵੱਖ ਵੱਖ ਜਥੇਬੰਦੀਆਂ ਦੇ ਬੁਲਾਰਿਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਨਾਲ ਬਿਜਲੀ ਮੰਤਰੀ ਪੰਜਾਬ ਤੇ ਬੋਰਡ ਮੈਨੇਜਮੈਂਟ ਬੋਰਡ 25 ਜੂਨ ਨੂੰ ਮੀਟਿੰਗ ਕਰਕੇ ਮੁਲਾਜ਼ਮ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਸੀ, ਪ੍ਰੰਤੂ 20 ਦਿਨ ਬੀਤਣ ਦੇ ਬਾਵਜੂਦ ਕੋਈ ਵੀ ਮੰਗ ਲਾਗੂ ਨਹੀਂ ਕੀਤੀ ਗਈ ਜਿਵੇਂ 295/19 ਮੁਲਜ਼ਮਾਂ ਉਪਰ ਪਾਏ ਗਏ ਝੂਠੇ ਪਰਚੇ ਰੱਦ ਕਰਨ ਪ੍ਰੋਬੇਸ਼ਨ ਸਮਾਂ ਪੂਰਾ ਕਰ ਚੁੱਕੇ ਮੁਲਾਜ਼ਮਾਂ ਨੂੰ ਰੈਗੂਲਰ ਸਕੇਲ ਦੇਣ, ਮੋਬਾਇਲ ਭੱਤਾ ਲਾਗੂ ਕਰਨ, ਬੰਦ ਕੀਤਾ 09,16,23 ਸਾਲਾ ਸਕੇਲ ਲਾਗੂ ਕਰਨਾ ਤੇ ਬਰਾਬਰ ਦੀਆਂ ਕੈਟਾਗਿਰੀਆਂ ਨੂੰ ਪੇ ਬੈਂਡ ਦਾ ਲਾਭ ਦੇਣਾ ਮੁਲਾਜ਼ਮਾਂ ਨੂੰ ਸੋਧੇ ਸਕੇਲਾਂ ਦਾ ਏਰੀਅਰ ਦੇਣਾ, ਵੇਜਫਾਰਮੂਲੇਸ਼ਨ ਕਮੇਟੀ 'ਚ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੂੰ ਸ਼ਾਮਲ ਕਰਕੇ ਸਕੇਲਾਂ ਦੌਰਾਨ ਤਰੁੱਟੀਆਂ ਨੂੰ ਦੂਰ ਕਰਨਾ ਤੇ ਕਾਰਪੋਰੇਸ਼ਨਾਂ ਅੰਦਰ ਆਊਟ ਸੋਰਸਿੰਗ ਤੇ ਠੇਕੇਦਾਰੀ ਸਿਸਟਮ ਨੂੰ ਬੰਦ ਕਰਕੇ ਰੈਗੂਲਰ ਭਰਤੀ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਆਦਿ ਮੰਗਾਂ ਜਿਉਂ ਦੀ ਤਿਉਂ ਲਮਕ ਰਹੀਆਂ ਹਨ। ਸਗੋਂ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਪ੍ਰੋਬੇਸ਼ਨਲ ਪੀਰੀਅਡ ਵਾਲੇ ਮੁਲਜ਼ਮਾਂ ਸਬੰਧੀ ਮਾਨਯੋਗ ਹਾਈ ਕੋਰਟ ਵੱਲੋਂ ਦਿੱਤੇ ਫੈਸਲੇ ਦੇ ਉਲਟ ਸੁਪਰੀਮ ਕੋਰਟ ਵਿੱਚ ਪਾਉਣ ਦੇ ਨਾਦਰਸ਼ਾਹੀ ਹੁਕਮ ਕਰਕੇ ਮੁਲਾਜ਼ਮ ਵਿਰੋਧੀ ਫੈਸਲਾ ਕੀਤਾ, ਜਿਸ ਦਾ ਮੁਲਾਜ਼ਮ ਜਥੇਬੰਦੀਆਂ ਡੱਟ ਕੇ ਵਿਰੋਧ ਕਰਨਗੀਆਂ। ਰੋਸ ਰੈਲੀ ਵਿੱਚ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ। ਰੈਲੀ 'ਚ ਭਾਨਾ ਸਿੰਘ (ਪਹਿਲਵਾਨ) ਰਣਜੀਤ ਕੁਮਾਰ, ਨਰੋਤਮ ਸਿੰਘ, ਇੰਪਲਾਈਜ਼ ਫੈਡਰੇਸ਼ਨ (ਫਲਜੀਤ), ਜਰਨਲ ਸਕੱਤਰ ਗੁਰਚਰਨ ਸਿੰਘ, ਤਰਸੇਮ ਸਿੰਘ, ਜਗਸੀਰ ਸਿੰਘ, ਮੱਖਣ, ਸੋਨੀ ਸਿੰਘ, ਜਗਮੀਤ ਸਿੰਘ ਹਾਜ਼ਰ ਸਨ।

ਗੁਰੂ ਹਰਸਹਾਏ

ਫਿਰੋਜ਼ਪੁਰ

ਸਫਾਈ ਸੇਵਕਾਂ ਨੇ ਘੜਾ ਭੰਨ ਕੇ ਸਰਕਾਰ ਖਿਲਾਫ ਕੀਤਾ ਰੋਸ ਪ੍ਰਦਰਸ਼ਨ

ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ ਨੂੰ ਦਿੱਤਾ ਮੰਗ ਪੱਤਰ

ਨਾਭਾ (ਵਰਿੰਦਰ ਵਰਮਾ)-ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਨਾਭਾ ਵੱਲੋਂ ਪ੍ਰਧਾਨ ਅਜੈ ਕੁਮਾਰ ਹੰਸ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਕਰਕੇ ਪੁਰਾਣੀ ਬਿਲਡਿੰਗ ਦੁਲੱਦੀ ਗੇਟ ਵਿਖੇ ਘੜਾ ਭੰਨਿਆ ਗਿਆ ਤੇ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪ੍ਰਧਾਨ ਅਜੈ ਕੁਮਾਰ ਹੰਸ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ 10 ਸਾਲ ਦੀ ਪਾਲਸੀ ਨੂੰ ਰੱਦ ਕੀਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਸ਼ਹਿਰ ਦੀਆਂ ਬਿੱਟਾਂ ਅਨੁਸਾਰ ਸਫਾਈ ਸੇਵਕਾਂ ਦੀ ਭਰਤੀ ਕੀਤੀ ਜਾਵੇ ਤੇ ਬਰਾਬਰ ਕੰਮ ਬਰਾਬਰ ਤਨਖਾਹ ਦਿੱਤੀ ਜਾਵੇ, ਜ਼ਿਲ੍ਹਾ ਸ਼ਹਿਰ ਸਥਾਨਕ ਸੰਸਥਾਵਾਂ ਨੇ ਪੀ.ਐੱਫ. ਮੁਲਾਜ਼ਮਾਂ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਇਆ ਹੈ, ਸਮੇਤ ਵਿਆਜ ਜਮ੍ਹਾਂ ਕਰਵਾਇਆ ਜਾਵੇ, ਤਰਸ ਦੇ ਆਧਾਰ 'ਤੇ ਨੌਕਰੀ ਬਿਨਾਂ ਸ਼ਰਤ ਤੇ ਯੋਗਤਾ ਮੁਤਾਬਿਕ ਦਿੱਤੀ ਜਾਵੇ, ਮੁਲਾਜ਼ਮਾਂ ਨੂੰ ਕੀਤਾ ਟੈਕਸ (200 ਰੁਪਏ) ਮਹੀਨਾ ਦੇ ਛੂਟ ਦਿੱਤੀ ਜਾਵੇ, ਪੰਜਾਬ ਸਰਕਾਰ ਤੇ ਭਾਰਤ ਸਰਕਾਰ ਵੱਲੋਂ ਵੱਖ ਵੱਖ ਸਮੇਂ 'ਤੇ ਸਫਾਈ ਸੇਵਕਾਂ ਤੇ ਸੀਵਰਮੈਨਾਂ ਦੇ ਲਾਭ ਲਈ ਜਾਰੀ ਕੀਤੇ ਗਏ ਪੱਤਰ ਸਥਾਨਕ ਸਰਕਾਰ ਵਿਭਾਗ ਵੱਲੋਂ ਲਾਗੂ ਕੀਤੇ ਜਾਣ। ਉਨ੍ਹਾਂ ਨੇ ਦੱਸਿਆ ਕਿ ਸ਼ਹਿਰੀ ਸਥਾਨਕ ਸਸਥਾਵਾਂ ਦੇ ਸਮੂਹ ਸਫਾਈ ਸੇਵਕਾਂ ਤੇ ਸੀਵਰਮੈਨਾਂ ਨੂੰ ਦਰਜਾ ਚਾਰ ਕੈਟਾਗਿਰੀ ਤੋਂ ਅਲੱਗ ਵੱਖ ਵੱਖ ਕੈਟਾਗਿਰੀ ਵਿੱਚ ਤਬਦੀਲ ਕੀਤਾ ਜਾਵੇ ਤੇ ਇਨ੍ਹਾਂ ਦੀ ਬੇਸਕ ਪੇ ਘੱਟੋ ਘੱਟ 30,000 ਰੁਪਏ ਕੀਤੀ ਜਾਵੇ ਆਦਿ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸਮੂਹ ਸਫਾਈ ਸੇਵਕ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਦਾਰ ਸਰਕਾਰ ਤੇ ਪ੍ਰਸ਼ਾਸਨ ਹੀ ਹੋਵੇਗਾ। ਇਸ ਮੌਕੇ ਆਪਣੀ ਮੰਗਾਂ ਨੂੰ ਲੈ ਕੇ ਸਫਾਈ ਸੇਵਕਾਂ ਨੇ ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ ਨੂੰ ਮੰਗ ਪੱਤਰ ਦਿੱਤਾ। ਮੰਗ ਪੱਤਰ ਲੈਣ ਉਪਰੰਤ ਪ੍ਰਧਾਨ ਸੁਜਾਤਾ ਚਾਵਲਾ ਨੇ ਸਫਾਈ ਸੇਵਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਪੰਜਾਬ ਸਰਕਾਰ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਅਜੈ ਕੁਮਾਰ ਹੰਸ, ਵਾਈਸ ਪ੍ਰਧਾਨ ਕ੍ਰਿਸ਼ਨ ਕੁਮਾਰ, ਜਨਰਲ ਸਕੱਤਰ ਜਸਪਾਲ ਸਿੰਘ, ਕੈਸ਼ੀਅਰ ਰੂਬਲ ਮੱਟੂ, ਨੀਤੂ ਰਾਣੀ, ਮੂਰਲੀ ਦੇਵੀ, ਉਰਮਿਲਾ ਦੇਵੀ, ਨੀਨਾ ਰਾਣੀ, ਪਰਮਜੀਤ ਕੌਰ, ਰਾਜਨ ਰਾਮਪਾਲ, ਰਾਕੇਸ ਕੁਮਾਰ, ਦਰਸ਼ਨ ਕੁਮਾਰ, ਰਮੇਸ਼ ਵਿੱਕੀ, ਪੂਜਾ ਮੱਟੂ, ਜੈਮਲ ਸਿੰਘ, ਕਮਲਾ ਦੇਵੀ ਆਦਿ ਸਫਾਈ ਸੇਵਕ ਹਾਜ਼ਰ ਸਨ।

ਮਾਨੂੰਕੇ ਵੱਲੋਂ ਨਵੇਂ 11 ਕੇ ਵੀ ਸ਼ੇਰਪੁਰ ਕਲਾਂ ਫੀਡਰ ਦਾ ਉਦਘਾਟਨ

ਜਗਰਾਉਂ (ਨਛੱਤਰ ਸੰਧੂ)-ਨਾਨਕਸਰ ਸੰਪਰਦਾ ਦੇ ਬਾਨੀ ਤੇ ਮਹਾਨ ਰੱਬੀ ਰੂਹ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਜਨਮ ਭੂਮੀਂ ਸ਼ੇਰਪੁਰ ਕਲਾਂ ਨੂੰ 24 ਘੰਟੇ ਨਿਰਵਿਘਨ ਤੇ ਸਿੱਧੀ ਬਿਜਲੀ ਸਪਲਾਈ ਦੇਣ ਲਈ ਬਿਜਲੀ ਵਿਭਾਗ ਵੱਲੋਂ 66 ਕੇ ਵੀ ਗਰਿੱਡ ਗਾਲਿਬ ਕਲਾਂ ਤੋਂ ਨਵਾਂ 11 ਕੇ ਵੀ ਸ਼ੇਰਪੁਰ ਕਲਾਂ (ਸ਼ਹਿਰੀ) ਫੀਡਰ ਉਸਾਰਿਆ ਗਿਆ ਹੈ ਅਤੇ ਇਸ ਫੀਡਰ ਨੂੰ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਵੱਲੋਂ ਰਸਮੀਂ ਤੌਰ 'ਤੇ ਫੀਡਰ ਦੇ ਬਰੇਕਰ ਦੀ ਸਵਿੱਚ ਆਨ ਕਰਕੇ ਚਾਲੂ ਕਰ ਦਿੱਤਾ ਗਿਆ। ਇਸ ਸਬੰਧੀ ਪਿੰਡ ਸ਼ੇਰਪੁਰ ਕਲਾਂ ਵਿਖੇ ਰੱਖੇ ਗਏ ਉਦਘਾਟਨੀ ਸਮਾਰੋਹ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਨੇ ਆਖਿਆ ਕਿ ਉਨ੍ਹਾਂ ਦੀ ਦਿਲੀ ਇੱਛਾ ਸੀ ਕਿ ਧੰਨ ਧੰਨ ਬਾਬਾ ਨੰਦ ਸਿੰਘ ਜੀ ਜਨਮ ਅਸਥਾਨ ਨਗਰ ਸ਼ੇਰਪੁਰ ਕਲਾਂ ਨੂੰ ਇੱਕ ਵੱਖਰੀ ਬਿਜਲੀ

page-6-14-(JUNE)-2023-G-(BV).qxd 6/13/2023 10:44 PM Page 1

ਕਿਸਾਨ ਝੋਨੇ ਦੀ ਅਗੇਤੀ ਲੁਆਈ ਤੋਂ ਕਰਨ ਗੁਰੇਜ਼ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)--ਲਗਾਤਾਰ ਡਿੱਗ ਰਹੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਪੰਜਾਬ ਸਰਕਾਰ ਵਲੋਂ ਸਮੁੱਚੇ ਪੰਜਾਬ ਵਿੱਚ ਝੋਨੇ ਦੀ ਲੁਆਈ ਅਤੇ ਕੱਦੂ ਕਰਕੇ ਝੋਨੇ ਦੀ ਕਾਸ਼ਤ ਲਈ ਪਨੀਰੀ ਦੀ ਖੇਤਾਂ ਵਿੱਚ ਲੁਆਈ ਦੀਆਂ ਮਿਤੀਆਂ ਸਬੰਧੀ ਨੋਟੀਫਿਕੇਸ਼ਨ ਮਿਤੀ 15.05.2023 ਨੂੰ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਝੋਨੇ ਦੀ ਪਨੀਰੀ ਦੀ ਲੁਆਈ ਲਈ ਮਿਤੀ 21 ਜੂਨ ਨਿਰਧਾਰਤ ਕੀਤੀ ਗਈ ਹੈ ਅਤੇ ਇਸ ਦੌਰਾਨ ਫਸਲ ਲਈ ਪਾਣੀ ਦੀ ਪੂਰਤੀ ਵਾਸਤੇ ਲੋੜੀਂਦੀ ਬਿਜਲੀ ਵੀ ਮੁਹੱਈਆ ਕਰਵਾਈ ਜਾਵੇਗੀ। ਕੱਦੂ ਕਰਕੇ ਝੋਨੇ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਿਸਾਨ ਪਨੀਰੀ ਦੀ ਅਗੇਤੀ ਲੁਆਈ ਤੋਂ ਗੁਰੇਜ਼ ਕਰਨ ਤਾਂ ਜੋ ਜ਼ਮੀਨ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇ ਅਤੇ ਉਪਲਬੱਧ ਕੁਦਰਤੀ ਸੋਮਿਆਂ ਦੀ ਸੁਚੱਜੀ ਵਰਤੋਂ ਕੀਤੀ ਜਾ ਸਕੇ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੇਵ ਸਿੰਘ ਨੇ ਦੱਸਿਆ ਕਿ ਅਗੇਤੀ ਲੁਆਈ ਵਾਲੇ ਝੋਨੇ ਦੀ ਫਸਲ 'ਤੇ ਪਿਛਲੇ ਸਾਲ ਦੌਰਾਨ ਝੋਨੇ ਦੀ ਮਧਰੇਪਣ ਦੀ ਬਿਮਾਰੀ ਵੱਧ ਦੇਖਣ ਨੂੰ ਮਿਲੀ ਸੀ। ਇਸ ਲਈ ਨਿਰਧਾਰਤ ਮਿਤੀ ਤੋਂ ਹੀ ਝੋਨੇ ਦੀ ਲੁਆਈ ਖੇਤਾਂ ਵਿੱਚ ਕੀਤੀ ਜਾਵੇ ਤਾਂ ਜੋ ਪਾਣੀ ਦੀ ਹੋਣ ਵਾਲੀ ਵਧੇਰੇ ਖਪਤ ਨੂੰ ਘਟਾਇਆ ਜਾ ਸਕੇ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਦਿਨੀਂ ਬਲਾਕ ਹੁਸ਼ਿਆਰਪੁਰ-2 ਦੇ ਪਿੰਡ ਪੱਟੀ ਅਤੇ ਬਲਾਕ ਟਾਂਡਾ ਦੇ ਪਿੰਡ ਰਾਣੀ ਵਿਖੇ ਕਿਸਾਨਾਂ ਵਲੋਂ ਨਿਰਧਾਰਤ ਮਿਤੀ ਤੋਂ ਪਹਿਲਾਂ ਝੋਨੇ ਦੀ ਲੁਆਈ ਦੇ ਕੇਸ ਸਾਹਮਣੇ ਆਏ ਸਨ, ਜਿਸ ਸਬੰਧੀ ਕਾਰਵਾਈ ਕਰਦਿਆਂ ਪੰਜਾਬ ਪਰਿਜ਼ਰਵੇਸ਼ਨ ਆਫ ਸਬ-ਸਾਇਲ ਵਾਟਰ ਐਕਟ, 2009 ਦੀ ਉਲੰਘਣਾ ਕਰਨ ਵਾਲੇ ਸਬੰਧਤ ਕਿਸਾਨਾਂ ਦਾ ਅਗੇਤਾ ਝੋਨਾ ਖੇਤਾਂ ਵਿੱਚ ਹੀ ਵਾਹ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਕਿਸਾਨ ਨੂੰ ਅਗੇਤਾ ਝੋਨਾ ਨਹੀਂ ਲਗਾਉਣ ਦਿੱਤਾ ਜਾਵੇਗਾ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣ ਲਈ ਸਰਕਾਰ ਵਲੋਂ ਚਲਾਈ ਜਾ ਰਹੀ ਮੁਹਿੰਮ ਵਿੱਚ ਪੂਰਨ ਸਹਿਯੋਗ ਕਰਨ ਦੀ ਅਪੀਲ ਕੀਤੀ।

ਕਲਾਸੀਫਾਈਡ ਇਸ਼ਤਿਹਾਰ

COURT NOTICE

In the Court of Ramanpreet Kaur Judicial Magistrate First Class, Amritsar.

Proclamation Requiring the Appearance of a Person Accused

CNR No. PBAS03-001485-2018

Next Date : 31.7.2023

Sushant Enterpricess

Versus

Perfect Packing Industry

Publication issued to : Whereas complaint/case has been made before me that Gurpreet Singh S/o Inderjit Singh R/o Near Alam Garh Chowk Railway Phatak Abohar 2nd address Gali No. 3, Purani Suraj Nagri, 3rd Chowk Corner House, Abohar has committed (or is suspected to have committed) the offence punishable under section of and it has been returned to warrant of arrest thereupon issued that the said Gurpreet Singh cannot be found and whereas it has been shown to my satisfaction that the said Gurpeet Singh has absconded (or is concealing himself/herself to avoid the service of the said warrant)

Proclamation is hereby made that the said Gurpreet Singh is required to appear before this Court (or before me) on 31.7.2023 to answer the said complaint/case

For details logon to https://highcourtchd.gov.in/?trs=district_ notice &district=Amritsar

Judicial Magistrate First Class, Amritsar.

Dated, this day of 12.6.2023

COURT NOTICE

In the Court of Ramanpreet Kaur Judicial Magistrate First Class, Amritsar.

Proclamation Requiring the Appearance of a Person Accused

CNR No. PBAS03-000246-2021

Next Date : 10.7.2023

Indusind Bank Limited

Versus

Puneet

Publication issued to : Whereas complaint/case has been made before me that Puneet S/o Tarlochan Singh R/o V.P.O. Malakpur, Tehsil and Distt. Gurdaspur has committed (or is suspected to have committed) the offence punishable under section of and it has been returned to warrant of arrest thereupon issued that the said Puneet cannot be found and whereas it has been shown to my satisfaction that the said Puneet has absconded (or is concealing himself/herself to avoid the service of the said warrant)

Proclamation is hereby made that the said Puneet is required to appear before this Court (or before me) on 10.7.2023 to answer the said complaint/case

For details logon to https://highcourtchd.gov.in/ ?trs=district_ notice&district=Amritsar

Judicial Magistrate First Class, Amritsar.

Dated, this day of 12.6.2023

COURT NOTICE

In the Court of Ms. Deepti Gupta Addl. Principal Judge Family Court, Sunam.

CNR No. PBSGF2-000403-2022

Next Date : 2.8.2023

Raj Kumar

Versus

Mamta

Publication issued to : Mamta F/o Attar Singh R/o Nai Wala Road/Mani Sharan Nagar, Barnala Distt. Barnala

In above titled case, the defendant (s)/respondent (s) Mamta F/o Attar Singh R/o Nai Wala Road/ Mani Sharan Nagar, Barnala, Distt. Barnala could not be served. It is ordered that defendant (s)/respondent (s) should appear in person or through counsel on 2.8.2023 at 10.00 a.m.

For details logon to https://highcourtchd.gov.in/?trs= district notice&district=Sangrur

Addl. Principal Judge Family Court, Sunam.

Dated, this day of 6.6.2023

ਪਬਲਿਕ ਨੋਟਿਸ

ਮੈਂ, ਰਜਨੀ ਅੱਗਰਵਾਲ ਪਤਨੀ ਸ੍ਰੀ ਸੁਨੀਤ ਅੱਗਰਵਾਲ ਹਾਊਸ ਨੰਬਰ 75, ਰਮਨੀਕ ਐਵੀਨਿਊ, ਨੂਰਪੁਰ, ਜਲੰਧਰ ਰਹ ਅਮ ਅਤੇ ਖਾਸ ਨੂੰ ਸੂਚਿਤ ਕਰਦੀ ਹਾਂ ਕਿ ਪੁਰਾਣੇ ਪ੍ਰਾਪਰਟੀ ਦੇ ਕਾਗਜ਼ਾਤ ਸੋਲ ਡੀਡ ਨੰਬਰ 4056 ਮਿਤੀ 12-09-2012 ਜੋ ਕਿ ਬਿਮਲਾ ਦੇਵੀ ਦੇ ਨਾਂਅ 'ਤੇ ਹੈ ਅਤੇ ਸੋਲ ਡੀਡ ਨੰਬਰ 1512 ਮਿਤੀ 11-06-2014 ਜੋ ਕਿ ਸਾਹਿਬਜ਼ਾਦਾ ਅਜੀਤ ਸਿੰਘ ਐਜੂਕੇਸ਼ਨਲ ਟਰੱਸਟ ਅਤੇ ਜੀ ਪੀ ਏ ਨੰਬਰ 274 ਮਿਤੀ 28-05-2013 ਜੋ ਕਿ ਰੁਪਿਦਰ ਸਿੰਘ ਅਤੇ ਸਿਮਰਜੀਤ ਸਿੰਘ ਦੇ ਨਾਂਅ 'ਤੇ ਅਤੇ ਜੀ ਪੀ ਏ ਨੰਬਰ 2120 ਮਿਤੀ 27-12-2017 ਜੋ ਕਿ ਰੋਜ਼ੀ ਸਚਦੇਵਾ ਅਤੇ ਰਵਿੰਦਰ ਸਿਘ ਦੇ ਨਾਂਅ 'ਤੇ ਅਤੇ ਐੱਸ ਪੀ ਏ ਨੰਬਰ 2018-19-187-4-981 ਮਿਤੀ 26-02-2019 ਜੋ ਕਿ ਮੁਕੇਸ਼ ਸਹਿਦੇਵ ਦੇ ਨਾਂਅ 'ਤੇ ਹੈ, ਇਹ ਦਸਤਾਵੇਜ਼ ਸਬ ਰਜਿਸਟਰਾਰ ਜਲੰਧਰ ਪਾਸ ਰਜਿਸਟਰਡ ਹਨ। ਲਕਸ਼ਮੀਪੁਰਾ ਇਲਾਕੇ ਵਿਖੇ ਗ੍ਰੀਨ ਹੋ ਗਏ ਹਨ। ਜਿਸ ਵੀ ਕਿਸੇ ਵਿਅਕਤੀ ਨੂੰ ਮਿਲੇ ਜਾਂ ਇਤਰਾਜ਼ ਹੋਵੇ ਤਾਂ ਸ੍ਰੀ ਹਰਜੋਤ ਸਿਘ ਕੋਹਲੀ (ਐਡਵੋਕੇਟ) ਮੋਬਾਇਲ ਨੰਬਰ 98882-75744 ਅਤੇ ਐੱਲ ਆਈ ਸੀ ਹਾਊਸਿੰਗ ਫਾਇਨਾਂਸ ਦੇ ਜਲੰਧਰ ਆਫਿਸ, ਫੋਨ ਨੰਬਰ 01815002940-47 ਤੇ 15 ਦਿਨਾਂ ਦੇ ਅੰਦਰ-ਅੰਦਰ ਸੰਪਰਕ ਕਰਨ। (ਰਾਹੁਲ)

ਅਦਾਲਤੀ ਇਸ਼ਤਿਹਾਰ

ਦਫਤਰ ਨਾਇਬ ਤਹਿਸੀਲਦਾਰ-ਕਮ-ਸਰਕਲ ਰੈਵੀਨਿਊ ਅਫਸਰ, ਸਬ-ਤਹਿਸੀਲ ਤਰਸਿੱਕਾ, ਤਹਿ: ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਸੁਖਵਿੰਦਰ ਕੌਰ ਪਤਨੀ ਹਰਦੀਪ ਸਿੰਘ ਵਾਸੀ ਪਿੰਡ ਭੱਟੀਕੇ ਸਬ ਤਹਿ: ਤਰਸਿੱਕਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਨੇ ਇਸ ਦਫਤਰ ਵਿੱਚ ਦਰਖਾਸਤ ਦਿੱਤੀ ਹੈ ਕਿ ਉਸ ਦੀ ਜ਼ਮੀਨ ਪਿੰਡ ਬਿੰਜਰਵਾਲ, ਸਬ ਤਹਿ: ਤਰਸਿੱਕਾ, ਤਹਿ: ਬਾਬਾ ਬਕਾਲਾ ਸਾਹਿਬ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੈ। ਇਹ ਕਿ ਜਮ੍ਹਾਂਬੰਦੀ ਸਾਲ 2020-2021 ਵਿੱਚ ਸਵਿੰਦਰਪਾਲ ਕੌਰ ਪੁੱਤਰੀ ਅਮੈਬ ਸਿੰਘ ਜੋ ਗਲਤ ਦਰਜ ਕੀਤਾ ਹੋਇਆ ਹੈ, ਜਦੋਂ ਕਿ ਉਸ ਦਾ ਅਸਲ ਨਾਂਅ ਸੁਖਵਿੰਦਰ ਕੌਰ ਹੈ। ਸੁਖਵਿੰਦਰ ਕੌਰ ਦਾ ਨਾਂਅ ਦਰੁੱਸਤ ਕੀਤਾ ਜਾਵੇ। ਇਸ ਲਈ ਉਸ ਨਾਂਅ ਦੀ ਦਰੁੱਸਤੀ ਦਾ ਅਮਲ ਰਿਕਾਰਡ ਵਿੱਚ ਦਰੁੱਸਤ ਕਰਨ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਵਿੱਚ ਹਾਜ਼ਰ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਨਾਂਅ ਦੀ ਦਰੁੱਸਤੀ ਕਰ ਦਿੱਤੀ ਜਾਵੇਗੀ।

ਸਰਕਲ ਰੈਵੇਨਿਊ ਅਫਸਰ, ਸਬ ਤਹਿਸੀਲ ਤਰਸਿੱਕਾ

ਨੰ: 223/ਮਿਤੀ : 12.6.2023

Public Notice

I, Gurminder Pal Singh S/o Chanan Singh r/o Village Pandori Sumlan PO Dhoot Kalan Tehsil & District Hoshiarpur, Punjab, India states that In India I am known as Gurminder Pal Singh S/o Chanan Singh and in USA my name is Jaspal Singh S/o Tarlochan Singh. Gurminder Pal Singh S/o Chanan Singh and Jaspal Singh S/o Tarlochan Singh is one and the same person. All concerned note. (parshotam)

We, Ashok Bhagat S/o Ram Partap Bhagat and Sunita Devi W/o Ashok Bhagat both are R/o Street No.2, Gulab Devi Hospital Road, Shiv Nagar, Nagra, Jalandhar, Punjab declare that our son Anshu Kumar is out of our control. We disinherit him from our moveable and immovable properties. We and our family shall not be held responsible for any of his acts, deeds and things. All please note.

ਆਮ ਸੂਚਨਾ

ਝੰਡਾ ਸਿੰਘ ਪੁੱਤਰ ਸੰਗਤ ਸਿੰਘ, ਵਾਸੀ ਬਾਬਾ ਬਕਾਲਾ ਨਾਮ ਚੱਲਦਾ ਟਿਊਬਵੈਲ ਕੁਨੈਕਸ਼ਨ ਏ.ਪੀ. 01/30 ਕੇ. ਨੂੰ ਇੰਦਰਜੀਤ ਸਿੰਘ ਪੁੱਤਰ ਝੰਡਾ ਸਿੰਘ, ਵਾਸੀ ਬਾਬਾ ਬਕਾਲਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ । ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ, ਬਾਬਾ ਬਕਾਲਾ ਪੁੱਜਣ । (Athoula)

ਇੱਕ ਟਿਊਬਵੈੱਲ ਕੁਨੈਕਸ਼ਨ 5 ਹਾਰਸ ਪਾਵਰ, ਖਾਤਾ ਨੰ. ਐੱਚ-465 (ਹੁਣ ਏ ਪੀ 10/465) ਜੋ ਜਨਰੈਲ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਚੋਗਾਵਾਂ, ਤਹਿਸੀਲ/ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਤੋਂ ਸੁਖਜਿੰਦਰ ਸਿੰਘ ਪੁੱਤਰ ਰਣਜੀਤ ਸਿੰਘ ਦੇ ਨਾਂਅ ਉਪਰ ਤਬਦੀਲ ਕੀਤਾ ਜਾ ਰਿਹਾ ਹੈ। 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਫਤਿਹਪੁਰ ਕੋਲ ਇਤਰਾਜ਼ ਕੀਤਾ ਜਾ ਸਕਦਾ ਹੈ।

ਮੈਂ, ਬਲਬੀਰ ਸਿੰਘ ਪੁੱਤਰ ਫੌਜਾ ਸਿੰਘ ਵਾਸੀ ਪਿੰਡ ਪਰਸੋ ਦਾ ਪਿੰਡ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਪੰਜਾਬ। ਮੈਂ ਅਤੇ ਮੇਰੇ ਪਰਵਾਰਕ ਮੈਂਬਰ ਬਲਬੀਰ ਕੌਰ (ਪਤਨੀ), ਕੁਲਜਿੰਦਰ ਸਿੰਘ (ਪੁੱਤਰ) ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਉਪਰੋਕਤ ਪਤੇ 'ਤੇ ਰਹਿੰਦੇ ਹਾਂ। ਮੇਰੀ ਲੜਕੀ ਅਮਰਜੀਤ ਕੌਰ ਪਤਨੀ ਉਂਕਾਰ ਸਿੰਘ ਤੇ ਉਨ੍ਹਾਂ ਦਾ ਪੁੱਤਰ ਅਮ੍ਰਿਤਪਾਲ ਸਿੰਘ ਤੇ ਉਸ ਦੀ ਪਤਨੀ ਸਨੇਹਾ ਕਲਸੀ, ਰੋਜ਼ ਐਵੀਨਿਊ ਨਬੀਪੁਰ, ਗੁਰਦਾਸਪੁਰ ਦੇ ਰਿਹਾਇਸ਼ੀ ਹਨ, ਹੁਣ ਸਾਡੇ ਪਰਵਾਰ ਦੇ ਸਾਰੇ ਮੈਂਬਰਾਂ ਦਾ ਮੇਰੀ ਲੜਕੀ ਦੇ ਪਰਵਾਰ ਨਾਲ ਕੋਈ ਸੰਬੰਧ ਅਤੇ ਲੈਣ-ਦੇਣ ਨਹੀਂ ਰਿਹਾ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3003139-130, ਜੋ ਕਿ ਗੁਰਪਾਲ ਸਿੰਘ ਪੁੱਤਰ ਨਰੰਜਣ ਸਿੰਘ ਰਕਬਾ ਮੋਟਰ ਪਿੰਡ ਲੱਖਣ ਕਲਾਂ, ਕਪੂਰਥਲਾ ਦੇ ਨਾਂਅ 'ਤੇ ਚੱਲ ਰਹੀ ਹੈ, ਨੂੰ ਬਲਕਾਰ ਸਿੰਘ ਪੁੱਤਰ ਉਤਮ ਸਿੰਘ ਵਾਸੀ 700, ਅਜੀਤ ਨਗਰ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ 'ਤੇ ਕਰਵਾਉਣ ਲਈ ਅਰਜ਼ੀ ਦਿੱਤੀ ਹੈ। ਇਸ ਸੰਬੰਧ ਵਿੱਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 30 ਦਿਨਾਂ ਦੇ ਅੰਦਰ-ਅੰਦਰ ਪਾਵਰਕਾਮ ਦੇ ਦਫਤਰ ਸਬ-ਅਰਬਨ ਸ/ਡ ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ 30031338-49, ਜੋ ਕਿ ਗੁਰਦੀਪ ਸਿੰਘ ਪੁੱਤਰ ਅਰਜਨ ਸਿੰਘ ਰਕਬਾ ਮੋਟਰ ਕਾਂਜਲੀ ਰੋਡ ਕਪੂਰਥਲਾ ਦੇ ਨਾਂਅ 'ਤੇ ਚੱਲ ਰਹੀ ਹੈ, ਨੂੰ ਸੁਰਿੰਦਰ ਕੌਰ ਪਤਨੀ ਜਗਤਾਰ ਸਿੰਘ ਵਾਸੀ 106, ਮੁਹੱਲਾ ਕਿਲੇਵਾਲਾ ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ 'ਤੇ ਕਰਵਾਉਣ ਲਈ ਅਰਜ਼ੀ ਦਿੱਤੀ ਹੈ। ਇਸ ਸੰਬੰਧ ਵਿੱਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪਾਵਰਕਾਮ ਦੇ ਦਫਤਰ ਸਿਟੀ ਨੰਬਰ-2 ਅੰਜਲਾ ਰੋਡ ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ 300312-9678, ਜੋ ਕਿ ਜੋਗਾ ਸਿੰਘ ਪੁੱਤਰ ਚੰਦਾ ਸਿੰਘ ਰਕਬਾ ਮੋਟਰ ਪਿੰਡ ਬਰਿੰਦਪੁਰ, ਕਪੂਰਥਲਾ ਦੇ ਨਾਂਅ 'ਤੇ ਚੱਲ ਰਹੀ ਹੈ, ਨੂੰ ਕੁਲਦੀਪ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਬਰਿੰਦਪੁਰ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ 'ਤੇ ਕਰਵਾਉਣ ਲਈ ਅਰਜ਼ੀ ਦਿੱਤੀ ਹੈ। ਇਸ ਸੰਬੰਧ ਵਿੱਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪਾਵਰਕਾਮ ਦੇ ਦਫਤਰ ਸਿਟੀ ਨੰਬਰ-1, ਨੇੜੇ ਫੁਆਰਾ ਚੌਕ ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

ਮੋਟਰ ਕਨੈਕਸ਼ਨ ਖਾਤਾ ਨੰਬਰ ਏ.ਪੀ. 35/0248 ਕਾਬਲ ਸਿੰਘ ਪੁੱਤਰ ਸੂਜਾ ਸਿੰਘ ਨੂੰ ਆਪਣੇ ਨਾਮ ਕਰਨ ਲਈ ਮੇਸਰ ਸਿੰਘ ਪੁੱਤਰ ਬਚਨ ਸਿੰਘ ਹਿੱਸੇਦਾਰ ਰਕਬਾ ਰੁਕਨੇ ਵਾਲਾ (ਫਿਰੋਜ਼ਪੁਰ) ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐਸ.ਡੀ.ਓ. ਵੰਡ ਮੱਲਾਂ ਵਾਲਾ ਨਾਲ ਸੰਪਰਕ ਕਰੇ ।

ਬੇਦਖਲੀ ਨੋਟਿਸ

ਮੈਂ, ਰਜਨੀ ਪਤਨੀ ਲੇਟ ਸ੍ਰੀ ਦੇਵਾ ਨੰਦ ਵਾਸੀ ਮਕਾਨ ਨੰ: 1898, ਗਲੀ ਨੰ: 3, ਹਿਮਤਪੁਰਾ, ਆਊਟ ਸਾਇਡ ਗਿਲਵਾਲੀ ਗੇਟ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰੀ ਲੜਕੀ ਰਿਤੀਕਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਬਿਨਾਂ ਕੁਝ ਦੱਸੇ ਘਰੋਂ ਬਾਹਰ ਚਲੀ ਗਈ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਅਤੇ ਲੈਣ-ਦੇਣ ਨਹੀਂ ਰਿਹਾ। (ਕਮਲੇਸ਼)

ਮੈਂ, ਕਮਲੇਸ਼ ਪਤਨੀ ਲੇਟ ਵਿਜੈ ਕੁਮਾਰ ਵਾਸੀ ਮਕਾਨ ਨੰਬਰ 1535, ਨਵੀਂ ਆਬਾਦੀ ਫੈਜ਼ਪੁਰਾ, ਨੇੜੇ ਸ਼ੰਭੂ ਨਾਥ ਕੈਮੀਕਲ, ਰਣਜੀਤ ਐਵੇਨਿਊ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰੇ ਲੜਕੇ ਆਕਾਸ਼ ਕੁਮਾਰ, ਸੂਰਜ ਕੁਮਾਰ ਅਤੇ ਚੰਦ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ । ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (ਕਮਲੇਸ਼)

ਮੈਂ, ਕੁਲਵਿੰਦਰ ਕੌਰ ਵਿਧਵਾ ਸ੍ਰੀ ਸੁਖਦੇਵ ਵਾਸੀ ਪਿੰਡ ਦਸ਼ਮੇਸ਼ ਨਗਰ (ਪਰਜੀਆਂ ਖੁਰਦ), ਤਹਿ: ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਜੈ ਕੁਮਾਰ ਅਤੇ ਉਸ ਦੀ ਪਤਨੀ ਰਣਜੀਤ ਕੌਰ, ਦੂਜਾ ਲੜਕਾ ਸੁਭਾਸ਼ ਅਤੇ ਉਸ ਦੀ ਪਤਨੀ ਸੁਮਨਜੀਤ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਵਾਰਕ ਮੈਂਬਰਾਂ ਦਾ ਕੋਈ ਤਲਕ-ਵਾਸਤਾ ਨਹੀਂ ਹੋਵੇਗਾ।

ਮੈਂ, ਹਿਦ ਪਾਲ ਪੁੱਤਰ ਗੁਨੂੰ ਰਾਮ ਵਾਸੀ ਮਕਾਨ ਨੰ. ਬੀ-1/942, ਮੁਹੱਲਾ ਰਾਮ ਨਗਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਤੋਸ਼ ਕੁਮਾਰ ਉਰਫ ਬੱਬੀ ਜੋ ਕਿ ਕੁਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨ.ਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਬੇਦਖਲੀ ਨੋਟਿਸ

ਮੈ ਪਰਮਜੀਤ ਸਿੰਘ ਪੁੱਤਰ ਸ਼੍ਰੀ ਸ਼ਿਗਾਰਾ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਭਟਨੂਰਾ ਲੁਬਾਣਾ ਤਹਿਸੀਲ ਤੇ ਜਿਲਾ ਜਲੰਧਰ,ਪੰਜਾਬ ਬਿਆ

14-JUNE-PAGE-7.qxd 6/13/2023 10:35 PM Page 1

ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਮੁਹਾਲੀ ਅਧੀਨ ਨਾਭਾ 'ਚ ਰੋਸ ਪ੍ਰਦਰਸ਼ਨ

ਨਾਭਾ (ਵਰਿੰਦਰ ਵਰਮਾ)-ਪੰਜਾਬ ਵਿੱਚ ਜਾਲ੍ਹੀ ਐੱਸ. ਸੀ. ਸਰਟੀਫਿਕੇਟ ਬਣਾ ਕੇ ਨੌਕਰੀ ਕਰ ਚੁੱਕੇ ਤੇ ਕਰ ਰਹੇ ਜਨਰਲ ਵਰਗ ਦੇ ਲੋਕਾਂ ਵਿਰੁੱਧ ਕਾਰਵਾਈ ਕਰਵਾਉਣ ਲਈ ਮੁਹਾਲੀ ਵਿਖੇ ਪ੍ਰੋ: ਹਰਨੇਕ ਸਿੰਘ ਦੀ ਅਗਵਾਈ ਵਿੱਚ ਲੰਮੇ ਸਮੇਂ ਤੋਂ ਮੋਰਚਾ ਸ਼ੁਰੂ ਕੀਤਾ ਹੋਇਆ ਹੈ, ਪ੍ਰੰਤੂ ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ ਅਤੇ ਨਾ ਹੀ ਕੋਈ ਗੱਲਬਾਤ ਕੀਤੀ, ਜਿਸ ਕਰਕੇ ਮੋਰਚੇ ਵੱਲੋਂ 12 ਜੂਨ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ।

ਬੰਦ ਦੇ ਸੱਦੇ ਤੋਂ ਘਬਰਾ ਕੇ ਸਰਕਾਰ ਨੂੰ ਤਿੰਨ ਮੈਂਬਰੀ ਕਮੇਟੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਬਣਾਉਣੀ ਪਈ ਤੇ ਮੋਰਚੇ ਨੂੰ ਮੁੱਖ ਮੰਤਰੀ ਵੱਲੋਂ ਟਾਈਮ ਦੇਣ ਕਰਕੇ ਬੰਦ ਦਾ ਸੱਦਾ ਵਾਪਸ ਲੈਣਾ ਪਿਆ, ਪਰ ਨਾਭਾ ਵਿਖੇ ਬੰਦ ਦਾ ਸੱਦਾ ਵਾਪਸ ਲੈਣ ਦੇ ਬਾਵਜੂਦ ਸੈਂਕੜੇ ਲੋਕਾਂ ਵੱਲੋਂ ਡੇਰਾ ਸ੍ਰੀ ਗੁਰੂ ਰਵਿਦਾਸ ਬੋੜਾਂ ਗੇਟ ਨਾਭਾ ਵਿਖੇ ਪਹੁੰਚ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਐੱਸ.ਡੀ.ਐੱਮ. ਨਾਭਾ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਦੀ ਅਗਵਾਈ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਰਜਿ: ਨਾਭਾ ਦੇ ਜਨਰਲ ਸਕੱਤਰ ਅਮਰ ਸਿੰਘ ਟੋਡਰਵਾਲ, ਸ੍ਰ. ਗੁਰਮੁੱਖ ਸਿੰਘ ਤੂੰਗਾਂ ਬਸਪਾ ਜਨਰਲ ਸਕੱਤਰ ਨਾਭਾ, ਰਾਜ ਸਿੰਘ ਟੋਡਰਵਾਲ ਪ੍ਰਧਾਨ ਜਬਰ ਜ਼ੁਲਮ ਵਿਰੋਧੀ ਫਰੰਟ ਪੰਜਾਬ ਤੇ ਸ੍ਰੀਮਤੀ ਭਿੰਦਰ ਕੌਰ ਸਰਪੰਚ ਟੋਡਰਵਾਲ ਵੱਲੋਂ ਕੀਤੀ ਗਈ। ਰਵਿਦਾਸ ਸੁਸਾਇਟੀ ਵੱਲੋਂ ਦਲਵੀਰ ਸਿੰਘ ਛੀਟਾਂਵਾਲਾ, ਰਾਮਧਨ ਸਿੰਘ ਰਾਮਗੜ੍ਹ, ਕਰਮ ਸਿੰਘ, ਜਸਵੀਰ ਸਿੰਘ ਫੌਜੀ, ਗੁਰਜੰਟ ਸਿੰਘ ਜੰਟਾ ਮਹਿਮੀ, ਕੇਵਲ ਸਿੰਘ ਕੋਟ ਕਲਾਂ ਬਸਪਾ ਨਾਭਾ, ਅਵਤਾਰ ਸਿੰਘ ਅਗੇਤੀ ਬਸਪਾ ਨਾਭਾ, ਸੰਦੀਪ ਸਿੰਘ ਤੇ ਬੇਅੰਤ ਸਿੰਘ ਮੂਲਾਬੱਧਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਕ੍ਰਿਸ਼ਨ ਸਿੰਘ ਭੜੋ, ਗ੍ਰੰਥੀ ਬਲਜਿੰਦਰ ਸਿੰਘ, ਆਤਮਾ ਸਿੰਘ ਰਾਣੀ ਬਾਗ, ਵਾਲਮੀਕਿ ਸਭਾ ਨਾਭਾ ਵੱਲੋਂ ਸੋਨੀ ਹੰਸ, ਵਿਸ਼ਾਲ, ਵਿੱਕੀ, ਤਲਵਿੰਦਰ ਸਿੰਘ ਆਦਿ ਤੋਂ ਬਿਨਾਂ ਸੈਂਕੜੇ ਵਰਕਰ ਹਾਜ਼ਰ ਸਨ।

ਅਨੁਸੂਚਿਤ ਜਾਤੀ ਤੇ ਜਨਜਾਤੀਆਂ ਦੇ ਜਾਲ੍ਹੀ ਸਰਟੀਫਿਕੇਟ ਬਣਾਉਣ ਵਾਲਿਆਂ ਖਿਲਾਫ ਰੋਸ ਪ੍ਰਦਰਸ਼ਨ

ਮੱਖੂ (ਰਛਪਾਲ ਸਿੰਘ ਸੰਧੂ)

ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਜਾਲ੍ਹੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਵਾਲਮੀਕਿ ਵੈੱਲਫੇਅਰ ਸੁਸਾਇਟੀ, ਆਦਿ ਧਰਮ ਸਮਾਜ ਤੇ ਹੋਰ ਪਿੰਡਾਂ ਦੀਆਂ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਪੰਜਾਬ ਬੰਦ ਦੇ ਦਿੱਤੇ ਸੱਦੇ 'ਤੇ ਸ਼ਹਿਰ ਬੰਦ ਕਰਵਾਇਆ ਗਿਆ। ਸ਼ਹਿਰ ਵਾਸੀਆਂ ਵੱਲੋਂ ਕੁਝ ਸਮੇਂ ਬਜ਼ਾਰ ਬੰਦ ਕਰਕੇ ਪੰਜਾਬ ਬੰਦ ਦਾ ਪੂਰਨ ਸਹਿਯੋਗ ਦਿੱਤਾ ਗਿਆ। ਇਸ ਮੌਕੇ ਵਾਲਮੀਕਿ ਵੈੱਲਫੇਅਰ ਸੁਸਾਇਟੀ, ਆਦਿ ਧਰਮ ਸਮਾਜ ਅਤੇ ਸ਼ਹਿਰ ਤੇ ਪਿੰਡਾਂ ਦੀਆਂ ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਅਨੁਸੂਚਿਤ ਜਾਤੀ ਤੇ ਜਨ ਜਾਤੀਆਂ ਦੇ ਸਰਟੀਫਿਕੇਟ ਬਣਾਉਣ ਵਾਲਿਆਂ ਖਿਲਾਫ ਰੋਸ ਪ੍ਰਦਰਸ਼ਨ ਜੱਲ੍ਹਾ ਚੌਕੀ ਤੋਂ ਲੈ ਕੇ ਜ਼ੀਰਾ ਵਾਲਾ ਮੋੜ ਤੱਕ ਕੱਢਿਆ ਗਿਆ। ਇਸ ਰੋਸ ਪ੍ਰਦਰਸ਼ਨ ਦੌਰਾਨ ਅਨੁਸੂਚਿਤ ਜਾਤੀ ਤੇ ਜਨ ਜਾਤੀਆਂ ਦੇ ਜਾਲ੍ਹੀ ਸਰਟੀਫਿਕੇਟ ਬਣਾਉਣ ਵਾਲੇ ਤੇ ਗਰੀਬਾਂ ਦਾ ਹੱਕ ਮਾਰਨ ਵਾਲੇ ਵਿਅਕਤੀਆਂ ਖਿਲਾਫ ਸਖਤ ਤੋਂ ਸਖਤ ਕਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ, ਰਾਜਾ ਘਾਰੂ, ਬਾਬਾ ਮਨਹੋਰ, ਸ਼ਿੰਦਰਪਾਲ ਸੰਧੂ, ਵਿਸ਼ਾਖਾ ਸਿੰਘ, ਬਲਵਿੰਦਰ ਸਿੰਘ, ਥੋਮਸ ਭੱਟੀ, ਭੁੱਲਰ, ਸੱਤਪਾਲ ਸੰਧੂ, ਪ੍ਰਧਾਨ ਗੁਰਦੇਵ ਸਿੰਘ ਪੱਧਰੀ, ਕਰਨ ਮਿੱਠੇ, ਹਰਦੇਵ ਸਿੰਘ ਮਿੱਠੇ, ਯੋਧਾ ਕੁਤਬਪੁਰ, ਸਾਹਿਲ ਧਾਲੀਵਾਲ, ਗਗਨ, ਮੁਨੀਸ਼ ਲਵ ਵਿੰਜੋਕੇ, ਪ੍ਰਿੰਸ, ਲੱਖਾ, ਸ਼ੇਰ ਗਿੱਲ ਆਦਿ ਹਾਜ਼ਰ ਸਨ।

ਰੋਸ ਪ੍ਰਦਰਸ਼ਨ ਕਰਦੇ ਹੋਏ ਐੱਸ ਸੀ ਸਮਾਜ ਦੇ ਲੋਕ।

ਭੋਗ 'ਤੇ ਵਿਸ਼ੇਸ਼

ਮਿਲਾਪੜੇ ਸੁਭਾਅ ਦੇ ਮਾਲਕ ਸਨ ਮਾਤਾ ਚਰਨਜੀਤ ਕੌਰ

ਚਰਨਜੀਤ ਕੌਰ ਦਾ ਜਨਮ 15 ਜਨਵਰੀ 1952 ਨੂੰ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਭਾਣਾ ਵਿਖੇ ਸਰਦਾਰ ਖੁਸ਼ਹਾਲ ਸਿੰਘ ਸੋਢੀ ਦੇ ਗ੍ਰਹਿ ਵਿਖੇ ਬੀਬੀ ਭਾਈਆਂ ਦੀ ਕੁੱਖੋਂ ਹੋਇਆ। ਸਮੇਂ ਅਨੁਸਾਰ ਮੁੱਢਲੀ ਪੜ੍ਹਾਈ ਤੋਂ ਬਾਅਦ ਉਨ੍ਹਾ ਦੀ ਸ਼ਾਦੀ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਕੜਮਾ ਦੇ ਸਰਪੰਚ ਡਾਕਟਰ ਰਘਬੀਰ ਸਿੰਘ ਉੱਪਲ ਦੇ ਬੇਟੇ ਸੁਖਜੀਤ ਸਿੰਘ ਉੱਪਲ ਨਾਲ ਹੋਈ, ਜੋ ਕਿ ਪੰਜਾਬ ਰੋਡਵੇਜ਼ ਵਿੱਚ ਮਾਣਮੱਤੀਆਂ ਸੇਵਾਵਾਂ ਨਿਭਾਉਣ ਉਪਰੰਤ ਬਤੌਰ ਇੰਸਪੈਕਟਰ ਸੇਵਾ ਮੁਕਤ ਹੋਏ ਹਨ।

ਪ੍ਰਮਾਤਮਾ ਦੀ ਅਪਾਰ ਕਿਰਪਾ ਨਾਲ ਉਨ੍ਹਾ ਦੀ ਕੁੱਖੋਂ ਦੋ ਪੁੱਤਰਾਂ ਨੇ ਜਨਮ ਲਿਆ। ਵੱਡਾ ਸਪੁੱਤਰ ਰਵਿੰਦਰ ਸਿੰਘ ਕਾਲਾ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣ ਦੇ ਨਾਲ ਨਾਲ ਬਤੌਰ ਜੱਗਬਾਣੀ ਅਖਬਾਰ ਦੇ ਪੱਤਰਕਾਰ, ਪਿੰਡ ਕੜਮਾ ਦੇ ਨੰਬਰਦਾਰ ਵਜੋਂ ਤੇ ਪ੍ਰੈੱਸ ਕਲੱਬ ਮਮਦੋਟ 'ਚ ਬਤੌਰ ਸੀਨੀਅਰ ਉੱਪ ਪ੍ਰਧਾਨ ਵਜੋਂ ਬਾਖੂਬੀ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾ ਦਾ ਛੋਟਾ ਸਪੁੱਤਰ ਜਤਿੰਦਰ ਸਿੰਘ ਆਪਣੀ ਦੁਕਾਨਦਾਰੀ ਦੇ ਕਾਰੋਬਾਰ ਨਾਲ ਪਿਤਾ ਪੁਰਖੀ ਖੇਤੀ ਦਾ ਕੰਮਕਾਰ ਦੋਵੇਂ ਭਰਾ ਮਿਲ ਕੇ ਦੇਖਦੇ ਹਨ। ਮਾਤਾ ਚਰਨਜੀਤ ਕੌਰ ਦੀ ਵਿਸ਼ੇਸ਼ਤਾ ਇਹ ਸੀ ਕਿ ਸਿਰਫ਼ ਆਪਣੇ ਸਾਂਝੇ ਪਰਿਵਾਰ ਹੀ ਨਹੀਂ ਸਾਰੇ ਰਿਸ਼ਤੇਦਾਰਾਂ ਨਾਲ ਬਹੁਤ ਮਿਲਾਪੜਾ ਤੇ ਪਿਆਰ ਭਰਿਆ ਸੁਨੇਹਾ ਰੱਖਦੀ ਸੀ। ਆਪਣੇ ਸੱਸ ਸਹੁਰੇ ਦੇ ਦੇਹਾਂਤ ਤੋਂ ਬਾਅਦ ਸਾਂਝੇ ਪਰਿਵਾਰ ਵਿੱਚ ਥੰਮ੍ਹ ਦੀ ਤਰ੍ਹਾਂ ਉਸ ਨੇ ਸਾਰਿਆਂ ਰਿਸ਼ਤੇਦਾਰਾਂ ਤੇ ਬਾਕੀ ਨਜ਼ਦੀਕੀਆਂ ਅਤੇ ਪਿੰਡ ਨਿਵਾਸੀਆਂ ਨਾਲ ਗੂੜ੍ਹਾ ਸਨੇਹ ਬਣਾ ਕੇ ਰੱਖਿਆ। ਮਾਤਾ ਚਰਨਜੀਤ ਕੌਰ, ਜੋ ਬੀਤੀ 5 ਜੂਨ ਨੂੰ ਸੰਖੇਪ ਬਿਮਾਰੀ ਤੋਂ ਬਾਅਦ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ, ਨਮਿੱਤ ਰੱਖੇ ਸਹਿਜ ਪਾਠ ਦੇ ਭੋਗ ਉਪਰੰਤ ਅੰਤਮ ਅਰਦਾਸ ਮੌਕੇ ਅੱਜ 14 ਜੂਨ ਨੂੰ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ ਇੱਕ ਵਜੇ ਤੱਕ ਦਾਣਾ ਮੰਡੀ ਮਮਦੋਟ (ਫਿਰੋਜ਼ਪੁਰ) ਵਿਖੇ ਰਿਸ਼ਤੇਦਾਰਾਂ ਤੇ ਸਾਕ ਸਨੇਹੀਆਂ ਵੱਲੋਂ ਉਨ੍ਹਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

—ਜਸਬੀਰ ਸਿੰਘ ਕੰਬੋਜ ਪੱਤਰਕਾਰ ਮਮਦੋਟ (ਫਿਰੋਜ਼ਪੁਰ)

ਕਾਤਰਾਂ

ਸੀ ਆਰ ਪੀ ਐੱਫ 'ਚ ਭਰਤੀ ਦੇ ਚਾਹਵਾਨਾਂ ਨੂੰ ਦਿੱਤੀ ਜਾਵੇਗੀ ਮੁਫਤ ਸਿਖਲਾਈ : ਹਰਮੇਲ ਸਿੰਘ

ਸ੍ਰੀ ਮੁਕਤਸਰ ਸਾਹਿਬ (ਸ਼ਸ਼ਿੰਦਰਪਾਲ, ਪੂਜਾ)-ਹਰਮੇਲ ਸਿੰਘ ਕੈਂਪ ਇੰਚਾਰਜ ਸੀ-ਪਾਈਟ ਕੈਂਪ, ਕਾਲਝਰਾਣੀ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ (ਬਠਿੰਡਾ-ਬਾਦਲ ਰੋਡ ਵਿਖੇ) ਜ਼ਿਲ੍ਹਾ ਬਠਿੰਡਾ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਤੇ ਫਾਜ਼ਿਲਕਾ ਦੇ ਸੀ.ਆਰ.ਪੀ.ਐੱਫ. ਵਿੱਚ ਭਰਤੀ ਹੋਣ ਦੇ ਚਾਹਵਾਨ ਲੜਕਿਆਂ ਨੂੰ ਫਿਜੀਕਲ ਤੇ ਲਿਖਤੀ ਪੇਪਰ ਦੀ ਮੁਫਤ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾ ਦੱਸਿਆ ਕਿ ਸਿਖਲਾਈ ਲੈਣ ਦੇ ਚਾਹਵਾਨ ਲੜਕੇ 19 ਜੂਨ 2023 ਤੋਂ 30 ਜੂਨ 2023 ਤੱਕ ਦਸਵੀਂ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ, ਅਧਾਰ ਕਾਰਡ ਦੀ ਫੋਟੋ ਕਾਪੀ, ਆਨਲਾਈਨ ਅਪਲਾਈ ਫਾਰਮ ਦੀ ਫੋਟੋ ਕਾਪੀ, 02 ਪਾਸਪੋਰਟ ਸਾਈਜ਼ ਫੋਟੋਜ, ਜਾਤੀ ਸਰਟੀਫਿਕੇਟ, ਰੈਂਜ਼ੀਡੈਂਸ ਸਰਟੀਫਿਕੇਟ ਲੈ ਕੇ ਕੈਂਪ ਵਿਖੇ ਸਵੇਰੇ 09:00 ਵਜੇ ਪਹੁੰਚ ਕੇ ਸਿਖਲਾਈ ਲਈ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਫਿਜੀਕਲ ਸਿਖਲਾਈ ਤੇ ਲਿਖਤੀ ਪੇਪਰ ਦੀ ਤਿਆਰੀ ਕਰਨ ਵਾਲੇ ਯੁਵਕਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ।

ਮਾਣੂੰਕੇ ਦਾ ਅਕਸ਼ ਖਰਾਬ ਕਰਨ ਵਾਲੇ ਗੁਰੇਜ਼ ਕਰਨ : ਛਿੰਦਰਪਾਲ ਸਿੰਘ

ਜਗਰਾਉਂ (ਸੰਜੀਵ ਅਰੋੜਾ)-ਪਿਛਲੇ ਲੰਬੇ ਸਮੇਂ ਤੋਂ ਹਲਕਾ ਜਗਰਾਉਂ ਦੀ ਸੇਵਾ ਕਰਨ ਵਾਲੇ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦਾ ਅਕਸ਼ ਖਰਾਬ ਕਰਨ ਵਾਲੇ ਥੋੜ੍ਹਾ ਗੁਰੇਜ਼ ਕਰਨ, ਕਿਉਂਕਿ ਉਹ ਸਾਫ਼ ਸੁਥਰੇ ਅਕਸ਼ ਵਾਲੇ ਹਨ ਤੇ ਹਮੇਸ਼ਾ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਦੇ ਯਤਨ ਕੀਤੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਛਿੰਦਰਪਾਲ ਸਿੰਘ ਮੀਨੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਪਿਛਲੇ ਸਮੇਂ 'ਚ ਵੀ ਬੀਬੀ ਮਾਣੂੰਕੇ ਉੱਪਰ ਵਿਰੋਧੀ ਪਾਰਟੀਆਂ ਵੱਲੋਂ ਕਾਫੀ ਇਲਜ਼ਾਮ ਲਗਾਏ ਗਏ ਸਨ, ਪਰ ਇਹ ਸਿਰਫ਼ ਝੂਠ ਹੀ ਸਾਬਿਤ ਹੋਏ, ਕਿਉਂਕਿ ਬੀਬੀ ਮਾਣੂੰਕੇ ਨੇ ਹਲਕਾ ਜਗਰਾਉਂ ਦੇ ਵਿਕਾਸ ਤੋਂ ਬਿਨਾਂ ਕੋਈ ਲਾਲਚ ਮੰਨ 'ਚ ਰੱਖਿਆ ਹੀ ਨਹੀਂ। ਉਨ੍ਹਾ ਕਿਹਾ ਕਿ ਬੀਬੀ ਮਾਣੂੰਕੇ ਉੱਪਰ ਕੋਠੀ ਦੱਬਣ ਦੇ ਇਲਜ਼ਾਮ ਲਗਾਏ ਜਾ ਰਹੇ ਹਨ, ਉਹ ਬਿਲਕੁਲ ਝੂਠੇ ਹਨ, ਇਹ ਕੋਠੀ ਬੀਬੀ ਮਾਣੂੰਕੇ ਵੱਲੋਂ ਕਿਰਾਏ ਉੱਪਰ ਲਈ ਗਈ ਹੈ, ਉਸ ਦਾ ਕਾਨੂੰਨੀ ਤੌਰ 'ਤੇ ਇਕਰਾਰਨਾਮਾ ਹੋਇਆ ਹੈ। ਉਨਾ ਕਿਹਾ ਕਿ ਵਿਰੋਧੀ ਜਾਣਬੁੱਝ ਕੇ ਵਿਧਾਇਕਾ ਨੂੰ ਬਦਨਾਮ ਕਰ ਰਹੇ ਹਨ।

ਧੋਖਾਧੜੀ ਦੇ ਦੋਸ਼ 'ਚ ਔਰਤ ਸਣੇ ਦੋ ਵਿਰੁੱਧ ਮਾਮਲਾ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਦੇਸ਼ ਭੇਜਣ ਦੇ ਨਾਮ 'ਤੇ ਧੋਖਾਧੜੀ ਕਰਨ ਦੇ ਦੋਸ਼ 'ਚ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਇੱਕ ਔਰਤ ਸਣੇ ਦੋ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਸ਼ਿਕਾਇਤ 'ਚ ਪਿੰਡ ਰਾਜਲਾ (ਪਟਿਆਲਾ) ਦੇ ਵਸਨੀਕ ਸਤਨਾਮ ਸਿੰਘ ਨੇ ਦੋਸ਼ ਲਗਾਏ ਸਨ ਕਿ ਪਰਮਜੀਤ ਸਿੰਘ ਉਰਫ ਰਿਧੀ ਵਾਸੀ ਮੰਡੀ ਗੋਬਿੰਦਗੜ੍ਹ ਤੇ ਕੁਲਦੀਪ ਕੌਰ ਵਾਸੀ ਪਿੰਡ ਬਡਗੁੱਜਰਾਂ ਨੇ ਲੋਕਾਂ ਨੂੰ ਵਿਦੇਸ਼ ਭੇਜਣ ਲਈ ਮੰਡੀ ਗੋਬਿੰਦਗੜ੍ਹ ਵਿਖੇ ਰਿਖੀ ਟੂਰਜ਼ ਐਂਡ ਟ੍ਰੈਵਲਜ਼ ਨਾਮ 'ਤੇ ਕੰਪਨੀ ਖੋਲ੍ਹੀ ਹੋਈ ਹੈ ਜਿਨ੍ਹਾਂ ਨੇ ਉਸ ਦੇ ਜਾਣਕਾਰਾਂ ਅਮਨਦੀਪ ਸਿੰਘ ਵਾਸੀ ਪਿੰਡ ਅਰਾਈਮਾਜਰਾ (ਪਟਿਆਲਾ), ਜਗਜੀਤ ਸਿੰਘ ਵਾਸੀ ਮੋਗਾ ਤੇ ਬੰਟੀ ਸ਼ਰਮਾ ਵਾਸੀ ਬਰਨਾਖੇੜੀ (ਪਟਿਆਲਾ) ਨੂੰ ਰਸ਼ੀਆ (ਰੂਸ) ਭੇਜਣ ਦਾ ਝਾਂਸਾ ਦੇ 3,60,000/- ਰੁਪਏ ਹਾਸਲ ਕਰ ਲਏ, ਪਰ ਉਕਤ ਵਿਅਕਤੀਆਂ ਵੱਲੋਂ ਨਾ ਤਾਂ ਇਨ੍ਹਾਂ ਨੂੰ ਰੂਸ ਭੇਜਿਆ ਗਿਆ ਤੇ ਨਾ ਹੀ ਰਕਮ ਵਾਪਸ ਕੀਤੀ ਗਈ। ਪਰਮਜੀਤ ਸਿੰਘ ਉਰਫ ਰਿਧੀ ਤੇ ਕੁਲਦੀਪ ਕੌਰ ਵਿਰੁੱਧ ਮੁਕੱਦਮਾ ਦਰਜ ਕਰਵਾਉਣ ਉਪਰੰਤ ਡੀ.ਐੱਸ.ਪੀ. ਅਮਲੋਹ ਜੰਗਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਧਰਨਾ ਅੱਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਫਿਰੋਜ਼ਪੁਰ ਦੀ ਮੀਟਿੰਗ ਬਲਕਾਰ ਸਿੰਘ ਮਾੜੀਮੇਘਾ ਦੀ ਪ੍ਰਧਾਨਗੀ ਹੇਠ ਕਰਮਚਾਰੀ ਦਲ ਦਫਤਰ(ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ) ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੇ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰਜ਼ ਆਗੂ ਸ਼ਾਮਲ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਮੰਗਾਂ ਪੂਰੀਆਂ ਨਾ ਕਰਨ 'ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੰਗਾਂ ਦੀ ਪੂਰਤੀ ਲਈ 14 ਜੂਨ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਧਰਨਾ ਦਿੱਤਾ ਜਾਵੇਗਾ ਤੇ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਜਾਵੇਗਾ।ਮੀਟਿੰਗ ਵਿੱਚ ਬਲਕਾਰ ਸਿੰਘ ਮਾੜੀਮੇਘਾ, ਖਜ਼ਾਨ ਸਿੰਘ, ਜਸਪਾਲ ਸਿੰਘ ਚੰਨਣ ਸਿੰਘ, ਕਿਸ਼ਨ ਚੰਦ ਜਾਗੀਵਾਲੀਆ, ਅਜੀਤ ਸੋਢੀ, ਹਰਭਗਵਾਨ ਕੰਬੋਜ, ਰਕੇਸ਼ ਸ਼ਰਮਾ, ਬੂਟਾ ਸਿੰਘ, ਡਮਰ ਬਹਾਦਰ, ਹਰਕ੍ਰਿਸ਼ਨ ਕੇਵਲ ਸਿੰਘ ਆਦਿ ਹਾਜ਼ਰ ਸਨ।

ਤੇਲ ਕੀਮਤਾਂ 'ਚ ਵਾਧੇ ਵਿਰੁੱਧ ਬੀ ਕੇ ਯੂ (ਰਾਜੇਵਾਲ) ਵੱਲੋਂ ਟ੍ਰੈਕਟਰ ਮਾਰਚ

ਪਟਿਆਲਾ 'ਚ ਮਰਨ ਵਰਤ 'ਤੇ ਬੈਠੇ ਆਗੂਆਂ 'ਤੇ ਪੁਲਸ ਕਾਰਵਾਈ ਵਿਰੁੱਧ ਨੀਲੋਂ ਨੈਸ਼ਨਲ ਹਾਈਵੇ ਕੀਤਾ ਜਾਮ

ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਡੀਜ਼ਲ ਤੇ ਪੈਟਰੋਲ ਉਤੇ ਲਾਏ ਵੈਟ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਨੇ ਸ਼ਹਿਰ ਵਿੱਚ ਟ੍ਰੈਕਟਰ ਮਾਰਚ ਕੱਢ ਕੇ ਆਪਣਾ ਰੋਸ ਪ੍ਰਦਰਸ਼ਨ ਕੀਤਾ ਅਤੇ

14-Jun-PAGE- 8 qxd.qxd 6/13/2023 10:41 PM Page 1

ਮਾਹਿਲਪੁਰ 'ਚ ਕਈ ਪਰਵਾਰ ਆਪ 'ਚ ਸ਼ਾਮਲ

ਮਾਹਿਲਪੁਰ (ਸਫਰੀ, ਨਿਰਮਲ ਸਿੰਘ ਮੁੰਗੋਵਾਲ)-ਆਮ ਆਦਮੀ ਪਾਰਟੀ ਦੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਹੁਰਾਂ ਵੱਲੋਂ ਨਗਰ ਪੰਚਾਇਤ ਮਾਹਿਲਪੁਰ ਦੇ ਵਾਰਡ ਨੰਬਰ 1 ਤੋਂ ਕਈ ਪਰਵਾਰਾਂ ਨੂੰ ਆਪ 'ਚ ਸ਼ਾਮਲ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਲੋਕ ਹਿੱਤੂ ਕਾਰਜਾਂ ਨੂੰ ਦੇਖਦਿਆਂ ਲੋਕ ਆਪ ਮੁਹਾਰੇ ਆਪ ਪਾਰਟੀ 'ਚ ਸ਼ਾਮਲ ਹੋ ਰਹੇ ਹਨ। ਬਿਜਲੀ ਦੇ ਬਿੱਲਾਂ ਦੀ 600 ਯੂਨਿਟ ਮੁਆਫੀ ਨਾਲ ਆਮ ਲੋਕਾਂ ਨੇ ਹੀ ਨਹੀਂ ਸਗੋਂ ਵਿਸ਼ੇਸ਼ ਵਰਗ ਦੇ ਲੋਕਾਂ ਨੇ ਵੀ ਪੰਜਾਬ ਸਰਕਾਰ ਦੇ ਇਸ ਕਾਰਜ਼ ਦੀ ਸ਼ਲਾਘਾ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਯੋਗਤਾ ਦੇ ਅਨੁਸਾਰ ਨੌਜਵਾਨਾਂ ਨੂੰ 30000 ਹਜ਼ਾਰ ਦੇ ਕਰੀਬ ਨਿਯੁਕਤੀ ਪੱਤਰ ਸੌਂਪ ਕੇ ਸ਼ਲਾਘਾਯੋਗ ਕਾਰਜ਼ ਕੀਤਾ ਹੈ। ਕਿਸਾਨਾਂ ਨੂੰ ਨਿਰਵਿਘਨ ਬਿਜਲੀ ਦੀ ਸਪਲਾਈ ਤੇ ਕੰਢੀ ਨਹਿਰ 'ਚ ਛੱਡੇ ਗਏ ਪਾਣੀ ਦੀ ਸਿੰਜ਼ਾਈ ਨਾਲ਼ ਬੰਜ਼ਰ ਖੇਤ ਵੀ ਫਸਲਾਂ ਨਾਲ਼ ਲਹਿਲਹਾਉਣਗੇ। ਇਸ ਮੌਕੇ ਕ੍ਰਿਸ਼ਨਜੀਤ ਰਾਓ ਕੈਂਡੋਵਾਲ਼ ਜ਼ਿਲ੍ਹਾ ਪ੍ਰਧਾਨ ਆਪ ਬੁੱਧੀਜੀਵੀ ਵਿੰਗ ਹੁਸ਼ਿਆਰਪੁਰ ਵੱਲੋਂ ਆਮ ਆਦਮੀ ਪਾਰਟੀ ਦੇ ਕੰਮਕਾਰ ਸੰਬੰਧੀ ਚਰਚਾ ਕਰਦਿਆਂ ਕਿਹਾ ਕਿ ਲੋਕ ਪਾਰਟੀ ਦੀਆਂ ਕੰਮ ਕਰਨ ਦੀਆਂ ਨੀਤੀਆਂ ਤੇ ਸਰਕਾਰ ਵਲੋਂ ਲੋਕ ਹਿੱਤ ਕਾਰਜ਼ ਕਰਨ ਦੀ ਨੀਅਤ ਤੋਂ ਪੂਰੀ ਤਰ੍ਹਾਂ ਖੁਸ਼ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਪੰਜਾਬ ਦੇ ਲੋਕਾਂ ਦੀ ਭਲਾਈ ਅਣਥੱਕ ਮਿਹਨਤ ਕਰ ਰਹੇ ਹਨ। ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਹੁਰਾਂ ਜਸਵੀਰ ਸਿੰਘ ਜੱਸੀ ਐਨ ਆਰ ਆਈ ਲਖਬੀਰ ਸਿੰਘ ਜੀਵਨ ਲਾਲ ਸ਼ਰਮਾਂ ਕਮਲ ਕ੍ਰਿਸ਼ਨ ਜੰਗ ਬਹਾਦਰ ਗੁਰਦਿਆਲ ਸਿੰਘ ਰਮਨਦੀਪ ਸਿੰਘ ਹਰਵਿੰਦਰ ਸਿੰਘ ਨਰਿੰਦਰ ਸਿੰਘ ਰਣਜੀਤ ਸਿੰਘ ਸਰਬਜੀਤ ਸਿੰਘ ਬਲਜੀਤ ਕੌਰ ਸੁਰਿੰਦਰ ਕੌਰ ਕਮਲੇਸ਼ ਬਡਵਾਲ ਪਰਮਜੀਤ ਕੌਰ ਗੁਰਮੀਤ ਕੌਰ ਸਮੇਤ ਅਨੇਕਾਂ ਪਰਵਾਰ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਵਾਇਆ ਗਿਆ। ਇਸ ਮੌਕੇ ਡਾਕਟਰ ਸ਼ੈਲੀ ਸਰਪੰਚ ਜੁਝਾਰ ਸਿੰਘ, ਮਨਾਨ ਸਦੀਕੀ, ਵਿਕੀ ਕਹਾਰਪੁਰ ਸਤਪਤਲ ਓਕਾਰ ਸਿੰਘ ਬਲਿਹਾਰ ਸਿੰਘ ਸਮੇਤ ਪਾਰਟੀ ਵਰਕਰ

ਨੌਜਵਾਨਾਂ ਦੇ ਹੱਥਾਂ 'ਚ ਹੈ ਭਾਰਤ ਦੀ ਤਕਦੀਰ : ਸੋਮ ਪ੍ਰਕਾਸ਼

ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ) ਕੇਂਦਰੀ ਵਣਜ ਅਤੇ ਉਦਯੋਗ ਰਾਜ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੇ ਹੱਥਾਂ ਵਿਚ ਭਾਰਤ ਦੀ ਤਕਦੀਰ ਹੈ। ਉਨ੍ਹਾਂ ਕਿਹਾ ਕਿ ਦੇਸ਼ ਉਵੇਂ ਬਣੇਗਾ ਜਿਵੇਂ ਇਸ ਦੇਸ਼ ਦੇ ਨੌਜਵਾਨ ਇਸ ਨੂੰ ਬਣਾਉਣਗੇ। ਇਸ ਲਈ ਦੇਸ਼ ਦੇ ਵਿਕਾਸ ਵਿਚ ਸਾਡੇ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ ਅਤੇ ਭਾਰਤ ਨੂੰ ਦੁਬਾਰਾ ਤੋਂ ਵਿਸ਼ਵ ਗੁਰੂ ਬਣਾਉਣ ਦੀ ਜ਼ਿੰਮੇਵਾਰੀ ਵੀ ਸਾਡੇ ਨੌਜਵਾਨਾਂ ਦੇ ਮੋਢਿਆ 'ਤੇ ਹੈ। ਉਹ ਅੱਜ ਰਿਆਤ-ਬਾਹਰਾ ਗਰੁੱਪ ਆਫ਼ ਇੰਸਟੀਚਿਊਟਸ ਹੁਸ਼ਿਆਰਪੁਰ ਵਿਚ ਨਹਿਰੂ ਯੁਵਾ ਕੇਂਦਰ ਵਲੋਂ ਆਯੋਜਿਤ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਵਿਚ ਬਤੌਰ ਮੁੱਖ ਮਹਿਮਾਨ ਨੌਜਵਾਨਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਤੋਂ ਪਹਿਲਾਂ ਉਨ੍ਹਾਂ ਨੇ ਸ਼ਮ੍ਹਾਂ ਰੌਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਸਾਬਕਾ ਕੈਬਿਨਟ ਮੰਤਰੀ ਪੰਜਾਬ ਤੀਕਸ਼ਨ ਸੂਦ, ਨਹਿਰੂ ਯੁਵਾ ਕੇਂਦਰ ਦੇ ਸਟੇਟ ਡਾਇਰੈਕਟਰ ਪਰਮਜੀਤ ਸਿੰਘ, ਕੈਂਪਸ ਡਾਇਰੈਕਟਰ ਰਿਆਤ-ਬਾਹਰਾ ਗਰੁੱਪ ਆਫ਼ ਇੰਸਟੀਚਿਊਟਸ ਡਾ. ਚੰਦਰ ਮੋਹਨ, ਜ਼ਿਲ੍ਹਾ ਯੁਵਾ ਅਫ਼ਸਰ ਰਾਕੇਸ਼ ਕੁਮਾਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ। ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਨਹਿਰੂ ਯੁਵਾ ਕੇਂਦਰ ਵਲੋਂ ਆਜ਼ਾਦੀ ਦੇ ਅੰਮ੍ਰਿਤ ਮਹਾਉਤਸਵ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਦਾ ਉਦੇਸ਼ 2047 ਤੱਕ ਭਾਰਤ ਨੂੰ ਦੁਨੀਆ ਵਿਚ ਪਹਿਲੇ ਨੰਬਰ 'ਤੇ ਲਿਆਉਣਾ ਹੈ। ਉਨ੍ਹਾਂ ਕਿਹਾ ਕਿ 2047 ਵਿਚ ਭਾਰਤ ਦੀ ਆਜ਼ਾਦੀ ਦੇ 100 ਸਾਲ ਪੂਰੇ ਹੋ ਜਾਣਗੇ, ਇਸ ਲਈ ਹਰ ਨਾਗਰਿਕ ਵਿਸ਼ੇਸ਼ ਕਰਕੇ ਯੁਵਾ 'ਪੰਚ ਪ੍ਰਣ' ਲੈ ਕੇ ਇਸ ਦਿਸ਼ਾ ਵਿਚ ਵਲ ਵਧਣ। ਉਨ੍ਹਾਂ ਕਿਹਾ ਕਿ ਇਹ ਪੰਚ ਪ੍ਰਣ 'ਵਿਕਸਿਤ ਭਾਰਤ', ਗੁਲਾਮੀ ਦੀ ਮਾਨਸਿਕਤਾ ਤੋਂ ਮੁਕਤੀ', 'ਵਿਰਾਸਤ 'ਤੇ ਮਾਣ', ਏਕਤਾ ਅਤੇ ਇਕਜੁੱਟਤਾ' ਅਤੇ ਨਾਗਰਿਕਾਂ ਦਾ ਕਰਤੱਵ' ਹੈ। ਸੋਮ ਪ੍ਰਕਾਸ਼ ਨੇ ਇਸ ਦੌਰਾਨ ਯੁਵਾ ਉਤਸਵ ਵਿਚ ਮੁੱਖ ਤੌਰ 'ਤੇ ਕਰਵਾਏ ਗਏ ਪੇਟਿੰਗ, ਕਵਿਤਾ ਲੇਖਣ, ਫੋਟੋਗ੍ਰਾਫ਼ੀ, ਭਾਸ਼ਣ ਅਤੇ ਗਰੁੱਪ ਕਲਚਰਲ ਮੁਕਾਬਲੇ ਦੇ ਜੇਤੂਆਂ ਨੂੰ ਵੀ ਇਨਾਮ ਵੰਡੇ। ਭਾਸ਼ਣ ਮੁਕਾਬਲੇ ਵਿਚ ਤਾਨੀਆ ਪਹਿਲੇ, ਸ਼ਗੁਨ ਦੂਜੇ ਅਤੇ ਬਲਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਮੋਬਾਇਲ ਫੋਟੋਗ੍ਰਾਫ਼ੀ ਵਿਚ ਰੋਹਿਨ ਸੈਣੀ ਪਹਿਲੇ, ਵਿਵੇਕ ਕੁਮਾਰ ਦੂਜੇ ਅਤੇ ਯਾਦਵਿੰਦਰ ਸਿੰਘ ਤੀਜੇ ਸਥਾਨ 'ਤੇ ਰਹੇ। ਪੇਟਿੰਗ ਮੁਕਾਬਲਿਆਂ ਵਿਚ ਅਮਨਪ੍ਰੀਤ ਸਿੰਘ ਪਹਿਲੇ, ਬਲਜੀਤ ਕੌਰ ਦੂਜੇ ਅਤੇ ਹਰਲੀਨ ਕੌਰ ਤੀਜੇ ਸਥਾਨ 'ਤੇ ਰਹੀ। ਗਰੁੱਪ ਕਲਚਰਲ ਮੁਕਾਬਲੇ ਵਿਚ ਸਰਕਾਰੀ ਕਾਲਜ ਹੁਸ਼ਿਆਰਪੁਰ ਦੀ ਭੰਗੜਾ ਟੀਮ ਪਹਿਲੇ, ਸਰਕਾਰੀ ਕਾਲਜ ਹੁਸ਼ਿਆਰਪੁਰ ਦੀ ਗਿੱਧਾ ਟੀਮ ਦੂਜੇ ਅਤੇ ਆਰ.ਬੀ.ਆਈ.ਏ.ਐਨ.ਟੀ ਸਕੂਲ ਦੀ ਲੜਕੀਆਂ ਦੀ ਭੰਗੜਾ ਟੀਮ ਤੀਜੇ ਸਥਾਨ 'ਤੇ ਰਹੀ। ਇਸ ਤੋਂ ਪਹਿਲਾਂ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਅਤੇ ਸੈਲਫ਼ ਹੈਲਪ ਗਰੁੱਪਾਂ ਵਲੋਂ ਲਗਾਏ ਗਏ ਸਟਾਲਾਂ ਦਾ ਵੀ ਦੌਰਾ ਕੀਤਾ। ਇਸ ਮੌਕੇ ਵਿਦਿਆਰਥੀਆਂ ਵਲੋਂ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਰੰਗਮੰਚ ਕਲਾਕਾਰ ਅਸ਼ੋਕ ਪੁਰੀ, ਡਾਇਰੈਕਟਰ ਪ੍ਰਸ਼ਾਸਨ ਕੁਲਦੀਪ ਰਾਣਾ, ਰਜਿੰਦਰ ਕੁਮਾਰ ਮੈਂਡੀ, ਪ੍ਰੋ: ਮਨੋਜ, ਡਾ. ਪਲਵੀ ਪੰਡਤ, ਵਿਜੇ ਰਾਣਾ, ਅਸ਼ਵਨੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਚਾਦਰ ਦੀ ਰਸਮ ਤੋਂ ਬਾਅਦ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

ਮੇਹਲੀ (ਗੁਰਨਾਮ) ਪਿੰਡ ਜੱਸੋ-ਮਜ਼ਾਰਾ ਨਜ਼ਦੀਕ ਧਾਰਮਿਕ ਅਸਥਾਨ ਤਕੀਆ ਪੀਰ ਬਾਬਾ ਰੋਸ਼ਨ ਸ਼ਾਹ ਚਿਸ਼ਤੀ ਦੇ ਦਰਬਾਰ ਵਿਖੇ ਗੱਦੀ ਨਸ਼ੀਨ ਸੁਰਜੀਤ ਸ਼ਾਹ ਚਿਸ਼ਤੀ ਦੀ ਅਗਵਾਈ ਵਿੱਚ ਮੇਲਾ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਮੇਲੇ ਦੌਰਾਨ ਪੰਜਾਬ ਦੇ ਮਸ਼ਹੂਰ ਕਲਾਕਾਰ ਗਾਇਕ ਗੁਰਪਾਲ ਕਲੇਰ, ਸਿਮਾ ਸਾਧਵੀ, ਸਾਬਰੀ ਸਾਹਿਬ, ਦਵਿੰਦਰ ਸੰਧੂ, ਬਲਜਿੰਦਰ ਰਾਜੂ ਅਤੇ ਕੌਰ ਸਿਸਟਰਜ਼ ਨੇ ਧਾਰਮਿਕ ਗੀਤਾਂ ਰਾਹੀ ਆਪਣੀ ਹਾਜ਼ਰੀ ਭਰੀ। ਉਪਰੰਤ ਚਾਦਰ ਦੀ ਰਸਮ ਨਾਲ ਮੇਲੇ ਦੀ ਸਮਾਪਤੀ ਹੋਈ। ਇਸ ਮੌਕੇ ਸੰਗਤਾਂ ਵਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਅਤੁੱਟ ਲਗਰ ਵਰਤਾਇਆ ਗਿਆ। ਇਸ ਮੌਕੇ ਮੰਨਾ ਸ਼ਾਹ ਸੇਵਾਦਾਰ, ਮੱਲ੍ਹਾ ਸੋਢੀਆਂ ਮਸਤਾਂ ਡੇਰੇ ਅਤੇ ਕਟਾਰੀਆਂ ਤੋਂ ਇਲਾਵਾ ਵੱਖ-ਵੱਖ ਡੇਰਿਆਂ ਤੋਂ ਸੇਵਾਦਾਰਾਂ ਨੇ ਹਾਜ਼ਰੀ ਭਰੀ।

ਵਿਸ਼ਵ ਬਾਲ ਮਜ਼ਦੂਰੀ ਵਿਰੋਧੀ ਦਿਵਸ 'ਤੇ ਜਾਗਰੂਕਤਾ ਸਮਾਗਮ

ਹੁਸ਼ਿਆਰਪੁਰ, ਓ ਪੀ ਰਾਣਾ, ਬਲਬੀਰ ਸਿੰਘ ਸੈਣੀ) ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਿਲਬਾਗ ਸਿੰਘ ਜੌਹਲ ਦੇ ਨਿਰਦੇਸ਼ਾਂ 'ਤੇ ਸੀ ਜੇ ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਵੱਲੋਂ ਵਿਸ਼ਵ ਬਾਲ ਮਜ਼ਦੂਰੀ ਵਿਰੋਧੀ ਦਿਵਸ 'ਤੇ ਵਰਧਮਾਨ ਯਾਰਨ ਐਂਡ ਥਰੈਡਜ਼ ਹੁਸ਼ਿਆਰਪੁਰ ਵਿਖੇ ਇਕ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵਰਕਰ, ਸਟਾਫ਼ ਅਤੇ ਅਧਿਕਾਰੀ ਵੀ ਮੌਜੂਦ ਸਨ। ਇਸ ਤੋਂ ਇਲਾਵਾ ਉਨ੍ਹਾਂ ਬਲਵੀਰ ਕਲੋਨੀ ਵਿਚ ਵੀ ਜਾਗਰੂਕਤਾ ਪ੍ਰੋਗਰਾਮ ਦੌਰਾਨ ਭਾਰਤ ਵਿਚ ਬਾਲ ਮਜ਼ਦੂਰੀ ਕਾਨੂੰਨ, ਜੁਵੇਨਾਈਲ ਜਸਟਿਸ ਐਕਟ ਤਹਿਤ ਬੱਚਿਆਂ ਵਿਰੁੱਧ ਅਪਰਾਧ, ਰਾਈਟ ਟੂ ਐਜੂਕੇਸ਼ਨ, ਪੋਸਕੋ, ਮੁਫ਼ਤ ਕਾਨੂੰਨੀ ਸਹਾਇਤਾ ਆਦਿ ਬਾਰੇ ਚਰਚਾ ਕੀਤੀ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਇਸ ਸਾਲ ਵਿਸ਼ਵ ਬਾਲ ਮਜ਼ਦੂਰੀ ਦਿਵਸ ਦਾ ਥੀਮ ਬਾਲ ਮਜ਼ਦੂਰੀ ਦੇ ਖਾਤਮੇ ਲਈ ਸਮਾਜਿਕ ਨਿਆ ਹੈ। ਇਸ ਮੌਕੇ ਵਰਧਮਾਨ ਯਾਰਨਜ਼ ਐਂਡ ਥਰੈਡਜ਼ ਦੇ ਡਾਇਰੈਕਟਰ ਇੰਦਰਮੋਹਨ ਜੀਤ ਸਿੰਘ ਸਿੱਧੂ, ਜੇ.ਪੀ. ਸਿੰਘ, ਰਿਸ਼ੀ ਸ਼ਰਮਾ, ਪ੍ਰਦੀਪ ਡਡਵਾਲ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਨਲ ਐਡਵੋਕੇਟ ਮਲਕੀਤ ਸਿੰਘ ਅਤੇ ਪੈਰਾ ਲੀਗਲ ਵਲੰਟੀਅਰ ਪਵਨ ਕੁਮਾਰ ਵੀ ਮੌਜੂਦ ਸਨ।

ਸੀਨੀਅਰ ਸਿਟੀਜ਼ਨ ਕੌਂਸਲ ਨੇ ਵਿਸ਼ਵ ਦੁਰਵਿਹਾਰ ਦਿਵਸ ਮਨਾਇਆ

ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)-ਸੀਨੀਅਰ ਸਿਟੀਜ਼ਨ ਕੌਂਸਲ ਵਲੋਂ ਵਿਸ਼ਵ ਦੁਰਵਿਵਹਾਰ ਦਿਵਸ ਮਨਾਇਆ ਗਿਆ। ਕੌਂਸਲ ਦੇ ਪ੍ਰਧਾਨ ਸਾਬਕਾ ਕੈਪਟਨ ਹਰਪਾਲ ਸਿੰਘ ਸੰਧੂ ਨੇ ਆਪਣੇ ਹੱਕਾਂ ਅਤੇ ਮਿਲਦੀ ਕਾਨੂੰਨੀ ਸਹਾਇਤਾ ਬਾਰੇ ਦੱਸਿਆ। ਉਨ੍ਹਾਂ ਬਜ਼ੁਰਗਾਂ ਨਾਲ ਹੁੰਦੇ ਦੁਰਵਿਵਹਾਰ ਤੋਂ ਬਚਣ ਸਬੰਧੀ ਕਈ ਸੁਝਾਅ ਵੀ ਦਿੱਤੇ । ਸਾਬਕਾ ਪ੍ਰਿੰਸੀਪਲ ਅਜਾਇਬ ਸਿੰਘ ਮਾਂਗਟ ਨੇ ਬਜ਼ੁਰਗਾਂ ਨੂੰ ਪਰਵਾਰ ਵਿਚ ਆਉਂਦੀਆਂ ਸਮੱਸਿਆਵਾਂ ਨੂੰ ਕਿਵੇਂ ਹੱਲ ਕਰਨਾ ਹੈ, ਬਾਰੇ ਦੱਸਿਆ ਕਿ ਜੇਕਰ ਕੋਈ ਵੀ ਪਰਵਾਰਕ ਮੈਂਬਰ ਆਪਣੇ ਬਜ਼ੁਰਗਾਂ ਨੂੰ ਤੰਗ ਪ੍ਰੇਸ਼ਾਨ ਕਰਦਾ ਹੈ ਤਾਂ ਸਰਕਾਰ ਵੱਲੋਂ ਬਣਾਏ ਹੈਲਪਲਾਈਨ ਨੰਬਰ 14567 'ਤੇ ਫੋਨ ਕਰਕੇ ਸਹਾਇਤਾ ਲਈ ਜਾ ਸਕਦੀ ਹੈ। ਮਾਤਾ ਸੱਤਿਆ ਦੇਵੀ ਬਿਰਧ ਆਸ਼ਰਮ ਦੇ ਚੇਅਰਮੈਨ ਪ੍ਰੋ ਆਰ ਸੀ ਢੰਡ , ਸਾਬਕਾ ਪ੍ਰਿੰਸੀਪਲ ਲਛਮਣ ਸਿੰਘ ਅਤੇ ਸੁਰਿੰਦਰਜੀਤ ਵਰਮਾ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਜਲਦੀ ਹੀ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ । ਇਸ ਦੌਰਾਨ ਹੀ ਹੈਲਪੇਜ ਇੰਡੀਆ ਵਲੋਂ ਰਾਜ ਸਿੰਘ ਅਤੇ ਹਰਮਨ ਸਿੰਘ ਦੀ ਅਗਵਾਈ ਹੇਠ ਆਈ ਟੀਮ ਵੱਲੋਂ ਕੌਂਸਲ ਦੇ ਮੈਂਬਰਾਂ ਨੂੰ ਸਾਈਬਰ ਕ੍ਰਾਈਮ ਬਾਰੇ ਜਾਣੂ ਕਰਵਾਇਆ । ਇਸ ਤੋਂ ਬਾਅਦ ਮੈਂਬਰਾਂ ਨੇ ਇਕ ਮਤਾ ਪਾਸ ਕਰਕੇ ਪ੍ਰਸ਼ਾਸ਼ਨ ਨੂੰ ਅਪੀਲ ਕੀਤੀ ਕਿ ਚਮਕੌਰ ਸਾਹਿਬ ਸ਼ਹਿਰ ਅੰਦਰ ਚੌੜੀ ਹੋ ਰਹੀ ਸੜਕ ਕਾਰਨ ਦਰੱਖਤਾਂ ਦੀ ਕਟਾਈ ਨਾ ਕੀਤੀ ਜਾਵੇ । ਇਸ ਮੌਕੇ ਕੈਪਟਨ ਗੁਰਦੇਵ ਸਿੰਘ, ਸੁਰਿੰਦਰਪਾਲ ਸਿੰਘ , ਅਮਰਜੀਤ ਸਿੰਘ, ਗੁਰਦਿਆਲ ਸਿੰਘ, ਰਘਬੀਰ ਸਿੰਘ ਅਤੇ ਅਜਮੇਰ ਸਿੰਘ ਆਦਿ ਹਾਜਰ ਸਨ ।

ਰਾਜਾ ਨੂੰ ਸੂਬਾ ਵਾਈਸ ਪ੍ਰਧਾਨ ਨਿਯੁਕਤ ਕਰਨ 'ਤੇ ਵਰਕਰਾਂ ਦੇ ਹੌਸਲੇ ਹੋਏ ਬੁਲੰਦ

ਟਾਂਡਾ ਉੜਮੁੜ (ਉਂਕਾਰ ਸਿੰਘ ਜਸਵਿੰਦਰ ਸੰਧੂ)- ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਟਾਂਡਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੂੰ ਆਪ ਦਾ ਸੂਬਾ ਵਾਇਸ ਪ੍ਰਧਾਨ ਬਣਾਉਣ 'ਤੇ ਟਾਂਡਾ ਹਲਕੇ ਵਿਚ ਖੁਸ਼ੀ ਦੀ ਲਹਿਰ ਦੌੜ ਗਈ। ਆਪ ਕੋਰ ਕਮੇਟੀ ਦੀ ਇਕ ਹੰਗਾਮੀ ਮੀਟਿੰਗ ਕੀਤੀ ਗਈ ਜਿਸ ਵਿੱਚ ਕਮੇਟੀ ਦੇ ਮੈਂਬਰ ਜਗਜੀਵਨ ਜੱਗੀ, ਸੁਖਵਿੰਦਰ ਸਿੰਘ ਅਰੋੜਾ, ਰਾਜਿੰਦਰ ਸਿੰਘ ਮਾਰਸ਼ਲ, ਕੇਸ਼ਵ ਸਿੰਘ ਸੈਣੀ, ਹਰਦੀਪ ਸਿੰਘ ਹੈਪੀ, ਮਾਸਟਰ ਕੁਲਵੰਤ ਸਿੰਘ ਜਹੂਰਾ, ਸਚਿਨ ਪੁਰੀ, ਉਂਕਾਰ ਸਿੰਘ, ਜਸਵੰਤ ਸਿੰਘ ਬਿੱਟੂ ਜਲਾਲਪੁਰ, ਜਰਨੈਲ ਸਿੰਘ ਕੁਰਾਲਾ ਅਤੇ ਹਰਦੀਪ ਸਿੰਘ ਮੋਹਕਮਗੜ੍ਹ ਤੋਂ ਇਲਾਵਾ ਆਪ ਵਰਕਰਾਂ ਨੇ ਭਾਗ ਲਿਆ ਤੇ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਵਿਧਾਇਕ ਰਾਜਾ ਨੂੰ ਸੂਬਾ ਵਾਇਸ ਪ੍ਰਧਾਨ ਨਿਯੁਕਤ ਕਰਨ 'ਤੇ ਹਲਕਾ ਟਾਂਡਾ ਦੇ ਵਰਕਰਾਂ ਦੇ ਹੌਸਲੇ ਬੁਲੰਦ ਹੋ ਗਏ ਹਨ ਅਤੇ ਹੁਣ ਉਹ ਆਪਣੀ ਪਾਰਟੀ ਦੀ ਮਜਬੂਤੀ ਲਈ ਹੋਰ ਮਿਹਨਤ ਕਰਨਗੇ। ਉਨ੍ਹਾਂ ਕਿਹਾ ਕਿ ਦਿੱਲੀ ਦੀ ਤਰਜ 'ਤੇ ਪੰਜਾਬ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿਚ ਹੋਰ ਵਾਧਾ ਕਰਨ ਲਈ ਅਸੀਂ ਸਾਰੇ ਆਪਣਾ ਬਣਦਾ ਯੋਗਦਾਨ ਪਾਵਾਂਗੇ।

ਬਿਜਲੀ ਦਾ ਟਾਵਰ ਡਿੱਗਣ ਕਾਰਨ ਦੋ ਕਰਮਚਾਰੀਆਂ ਦੀ ਮੌਤ

ਰੋਪੜ (ਬਿੰਦਰਾ) ਬਿਜਲੀ ਦਾ ਟਾਵਰ ਡਿਗਾਂ ਕਾਰਨ ਦੋ ਕਰਮਚਾਰੀਆਂ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਪਿੰਡ ਅਵਾਨਕੋਟ ਵਿਚ ਖੇਤਾਂ ਵਿੱਚ ਲੱਗੇ ਈ ਐਸ ਆਰ ਟਾਵਰ ਨੂੰ ਖੋਲ੍ਹਿਆ ਜਾ ਰਿਹਾ ਸੀ। ਏ ਓ ਕੀ ਐਲ ਸਬ ਡਵੀਜਨ ਰੋਪੜ ਅਧੀਨ ਕੰਮ ਕਰਦੇ ਸੰਤੋਖ ਸਿੰਘ (48) ਵਾਸੀ ਦ

14-Jun-PAGE- 9 qxd.qxd 6/13/2023 10:40 PM Page 1

ਗਰੀਬ ਲੋਕਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੀਤੇ ਜਾ ਰਹੇ ਉਪਰਾਲੇ : ਡਾ.ਬਲਜੀਤ ਕੌਰ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਰਾਜ 'ਚ ਅਨੁਸੂਚਿਤ ਜਾਤੀ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਗਰੀਬ ਲੋਕਾਂ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਸੰਬੰਧ 'ਚ ਪੰਜਾਬ ਰਾਜ ਦੇ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ, ਡਾ ਬਲਜੀਤ ਕੌਰ ਵੱਲੋਂ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਧਿਕਾਰਤਾ ਮੰਤਰੀ, ਏ ਨਰਾਇਣਾ ਸਵਾਮੀ ਨਾਲ ਮੀਟਿੰਗ ਕਰਕੇ ਸੈਂਟਰ ਸਪਾਂਸਰਡ ਸਕੀਮਾਂ ਨੂੰ ਸੂਬੇ 'ਚ ਲਾਗੂ ਕਰਨ ਸੰਬੰਧੀ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਪੰਜਾਬ ਰਾਜ ਲਈ ਪ੍ਰਧਾਨ ਮੰਤਰੀ ਆਦਰਸ਼ ਗਰਾਮ ਯੋਜਨਾ ਅਧੀਨ ਸਾਲ 2020-2021 ਅਤੇ 2021-22 ਲਈ ਭਾਰਤ ਸਰਕਾਰ ਵੱਲੋਂ 360 ਕਰੋੜ ਰੁਪਏ ਦੀ ਰਾਸ਼ੀ ਜਾਰੀ ਨਾ ਕਰਨ ਦਾ ਮਾਮਲਾ ਵੀ ਚੁੱਕਿਆ ਗਿਆ ਅਤੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਇਹ ਰਾਸ਼ੀ ਤੁਰੰਤ ਜਾਰੀ ਕਰਵਾਈ ਜਾਵੇ। ਡਾ.ਬਲਜੀਤ ਕੌਰ ਨੇ ਕੇਂਦਰੀ ਮੰਤਰੀ ਦੇ ਧਿਆਨ ਵਿਚ ਇਹ ਵੀ ਲਿਆਂਦਾ ਕਿ ਵਿੱਤੀ ਸਾਲ 2022-23 ਦੌਰਾਨ ਰਾਜ ਸਰਕਾਰ ਵੱਲੋਂ 260 ਕਰੋੜ ਰੁਪਏ ਦੀ ਮੰਗ ਭਾਰਤ ਸਰਕਾਰ ਤੋਂ ਕੀਤੀ ਗਈ ਹੈ। ਡਾ.ਬਲਜੀਤ ਕੌਰ ਨੇ ਕਿਹਾ ਕਿ ਅੱਤਿਆਚਾਰ ਰੋਕਥਾਮ ਐਕਟ ਸਕੀਮ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਇਸ ਅਧੀਨ ਹੋਰ ਰਾਸ਼ੀ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਅੰਤਰ ਜਾਤੀ ਵਿਆਹ ਸਕੀਮ ਨੂੰ ਪ੍ਰੋਤਸਾਹਿਤ ਕਰਨ ਲਈ ਇਸ ਰਾਸ਼ੀ ਦੀ ਸੀਮਾ 50 ਹਜ਼ਾਰ ਤੋਂ ਵਧਾ ਕੇ 2.50 ਲੱਖ ਰੁਪਏ ਪ੍ਰਤੀ ਲਾਭਪਾਤਰੀ ਕਰਨ ਦਾ ਪ੍ਰਸਤਾਵ ਵੀ ਭਾਰਤ ਸਰਕਾਰ ਦੇ ਸਨਮੁੱਖ ਰੱਖਿਆ ਗਿਆ ਹੈ।

ਮੀਟਿੰਗ ਦੌਰਾਨ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਜੀ ਰਮੇਸ਼ ਕੁਮਾਰ ਵੱਲੋਂ ਅੱਤਿਆਚਾਰ ਰੋਕਥਾਮ ਐਕਟ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਨੈਸ਼ਨਲ ਹੈਲਪ ਲਾਈਨ ਨੰਬਰ 1989 ਨੂੰ ਆਮ ਜਨਤਾ ਦੀ ਵਰਤੋਂ 'ਚ ਜਲਦ ਲਿਆਉਣ ਦਾ ਭਰੋਸਾ ਦਿੱਤਾ ਗਿਆ।

ਹਰਿਆਣਾ, ਮੱਧ ਪ੍ਰਦੇਸ਼ ਤੇ ਰਾਜਸਥਾਨ 'ਚ ਪੈਟਰੋਲ ਤੇ ਡੀਜ਼ਲ ਪੰਜਾਬ ਨਾਲੋਂ ਕਿਤੇ ਮਹਿੰਗਾ : ਕੰਗ

ਚੰਡੀਗੜ੍ਹ (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ (ਆਪ) ਨੇ ਕਿਹਾ ਕਿ ਭਾਜਪਾ ਕੋਲ ਪੈਟਰੋਲ ਅਤੇ ਡੀਜਲ 'ਤੇ ਵੈਟ ਵਾਧੇ ਨੂੰ ਲੈ ਕੇ ਪੰਜਾਬ ਸਰਕਾਰ ਨੂੰ ਸਵਾਲ ਕਰਨ ਦਾ ਕੋਈ ਨੈਤਿਕ ਆਧਾਰ ਨਹੀਂ ਹੈ ਕਿਉਂਕਿ ਭਾਜਪਾ ਦੀ ਕੇਂਦਰ ਸਰਕਾਰ ਪੰਜਾਬ ਦੇ ਪੇਂਡੂ ਵਿਕਾਸ ਫੰਡ ਆਰ ਡੀ ਐਫ), ਨੈਸ਼ਨਲ ਹੈਲਥ ਮਿਸ਼ਨ ਫੰਡ ਅਤੇ ਜੀ ਐਸ ਟੀ ਦਾ ਹਿੱਸਾ ਰੋਕ ਰਹੀ ਹੈ। ਜੋ ਕਿ ਸੂਬੇ ਦੀ ਆਰਥਿਕਤਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਰਿਹਾ ਹੈ। ਸੋਮਵਾਰ ਨੂੰ ਪਾਰਟੀ ਦਫਤਰ ਤੋਂ ਜਾਰੀ ਬਿਆਨ 'ਚ 'ਆਪ' ਪੰਜਾਬ ਦੇ ਮੁੱਖ ਬੁਲਾਰੇ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ 'ਤੇ ਕੋਈ ਵੀ ਸਵਾਲ ਚੁੱਕਣ ਤੋਂ ਪਹਿਲਾਂ ਭਾਜਪਾ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਉਹ ਪੰਜਾਬ ਨਾਲ ਵਿਤਕਰਾ ਕਿਉਂ ਕਰ ਰਹੀ ਹੈ। ਕਿਉਂ ਮੋਦੀ ਸਰਕਾਰ ਸੂਬੇ ਨੂੰ ਆਰਥਿਕ ਤੌਰ 'ਤੇ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਕੰਗ ਨੇ ਭਾਜਪਾ 'ਤੇ ਸਵਾਲ ਕੀਤਾ ਕਿ ਜਦੋਂ 2014 'ਚ ਨਰਿਦਰ ਮੋਦੀ ਪ੍ਰਧਾਨ ਮੰਤਰੀ ਚੁਣੇ ਗਏ ਸਨ ਤਾਂ ਅੰਤਰਰਾਸ਼ਟਰੀ ਬਾਜ਼ਾਰ 'ਚ ਕੱਚੇ ਤੇਲ ਦੀਆਂ ਕੀਮਤਾਂ ਬਹੁਤ ਜ਼ਿਆਦਾ ਸਨ। ਅੱਜ ਇਹ ਅੱਧੀਆਂ ਰਹਿ ਗਈਆਂ ਹਨ, ਪਰ ਭਾਰਤ 'ਚ ਪੈਟਰੋਲ ਅਤੇ ਡੀਜਲ ਦੀਆਂ ਕੀਮਤਾਂ ਪਿਛਲੇ ਸਾਲਾਂ ਦੌਰਾਨ ਦੁੱਗਣੀਆਂ ਹੋ ਗਈਆਂ ਹਨ। ਕੀ ਭਾਜਪਾ ਭਾਰਤ ਵਿੱਚ ਵਧੀਆਂ ਕੀਮਤਾਂ ਪਿੱਛੇ ਗਣਿਤ ਦੱਸ ਸਕਦੀ ਹੈ।

ਕੰਗ ਨੇ ਕਿਹਾ ਕਿ ਪੰਜਾਬ ਦੇ ਸਾਰੇ ਆਗੂ ਭਾਜਪਾ ਨੂੰ ਪੇਂਡੂ ਵਿਕਾਸ ਫੰਡ, ਨੈਸ਼ਨਲ ਹੈਲਥ ਮਿਸਨ ਫੰਡ ਅਤੇ ਪੰਜਾਬ ਦੇ ਜੀ ਐਸ ਟੀ ਬਾਰੇ ਸਵਾਲ ਕਰਨ, ਕਿ ਇਹ ਸਾਰਾ ਪੈਸਾ ਪੰਜਾਬ ਦਾ ਹੈ ਅਤੇ ਸੂਬੇ ਦੇ ਵਿਕਾਸ ਲਈ ਵਰਤਿਆ ਜਾਣਾ ਚਾਹੀਦਾ ਹੈ, ਪਰ ਕੇਂਦਰ ਸਰਕਾਰ ਇਹ ਫੰਡ ਜਾਰੀ ਨਹੀਂ ਕਰ ਰਿਹਾ। ਪਰ ਬਦਕਿਸਮਤੀ ਨਾਲ ਸੁਖਬੀਰ ਸਿੰਘ ਬਾਦਲ ਵਰਗੇ ਆਗੂ ਭਾਜਪਾ ਦੀ ਹਮਾਇਤ ਕਰਦੇ ਨਜਰ ਆ ਰਹੇ ਹਨ। ਕੰਗ ਨੇ ਅੱਗੇ ਕਿਹਾ ਕਿ ਪੰਜਾਬ ਵਿਚ ਪੈਟਰੋਲ ਅਤੇ ਡੀਜਲ ਹਰਿਆਣਾ ਅਤੇ ਮੱਧ ਪ੍ਰਦੇਸ ਨਾਲੋਂ ਸਸਤਾ ਹੈ, ਦੋਵੇਂ ਰਾਜਾਂ ਵਿਚ ਭਾਜਪਾ ਅਤੇ ਰਾਜਸਥਾਨ ਵਿਚ ਕਾਂਗਰਸ ਦੀ ਸਰਕਾਰ ਹੈ। ਉਨ੍ਹਾਂ ਅੰਤ ਵਿੱਚ ਕਿਹਾ ਕਿ 'ਆਪ' ਦੀ ਪੰਜਾਬ ਸਰਕਾਰ ਸੂਬੇ ਦੀ ਭਲਾਈ ਲਈ ਤਨਦੇਹੀ ਨਾਲ ਕੰਮ ਕਰ ਰਹੀ ਹੈ ਅਤੇ ਸਾਡਾ ਏਜੰਡਾ ਪੰਜਾਬ ਦੇ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨਾ ਹੈ।

ਜਮਹੂਰੀ ਕਿਸਾਨ ਸਭਾ ਦੀ ਅਗਵਾਈ 'ਚ ਕਿਸਾਨਾਂ ਦਾ ਜਥਾ ਪਿੱਪਲੀ ਲਈ ਰਵਾਨਾ

ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)-

ਹਰਿਆਣਾ ਸੂਬੇ 'ਚ ਕਿਸਾਨ ਸੰਗਠਨ ਵੱਲੋਂ ਸੂਰਜਮੁਖੀ ਫਸਲ ਦੀ ਐੱਮ.ਐੱਸ.ਪੀ. ਨੂੰ ਲੈ ਕੇ ਚੱਲ ਰਹੇ ਕਿਸਾਨ ਅੰਦੋਲਨ 'ਚ ਸ਼ਾਮਲ ਹੋਣ ਲਈ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਅਗਵਾਈ ਹੇਠ ਜ਼ਿਲਾ ਰੂਪਨਗਰ ਦੇ ਕਿਸਾਨਾਂ ਦਾ ਇਕ ਜਥਾ ਪਿੱਪਲੀ ਸ਼ਹਿਰ ਲਈ ਰਵਾਨਾ ਹੋਇਆ। ਉਕਤ ਜਥਾ ਜਮਹੂਰੀ ਕਿਸਾਨ ਸਭਾ ਦੇ ਸੂਬਾਈ ਆਗੂ ਮੋਹਣ ਸਿੰਘ ਧਮਾਣਾ ਦੀ ਅਗਵਾਈ ਹੇਠ ਵੱਖ-ਵੱਖ ਵਾਹਨਾਂ 'ਚ ਸਵਾਰ ਹੋ ਕੇ ਰਵਾਨਾ ਹੋਇਆ। ਇਸ ਮੌਕੇ ਬੋਲਦਿਆਂ ਜਥੇਬੰਦੀ ਦੇ ਆਗੂਆਂ ਨੇ ਆਖਿਆ ਕਿ ਹਰਿਆਣਾ ਸਰਕਾਰ ਵੱਲੋਂ ਸ਼ਾਂਤਮਈ ਢੰਗ ਨਾਲ ਮੰਗਾਂ ਲੈ ਕੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੇ ਅੰਦੋਲਨ ਨੂੰ ਨਾ ਕੇਵਲ ਜਬਰਨ ਲਾਠੀ ਦੇ ਜ਼ੋਰ 'ਤੇ ਦਬਾਉਣ ਦੀ ਹੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਬਲਕਿ ਕਿਸਾਨਾਂ ਨੂੰ ਜ਼ੇਲਾਂ 'ਚ ਬੰਦ ਕੀਤਾ ਜਾ ਰਿਹਾ ਹੈ। ਉਨਾਂ ਆਖਿਆ ਕਿ ਹਰਿਆਣਾ ਦੀ ਭਾਜਪਾ ਸਰਕਾਰ ਵੀ ਕੇਂਦਰ ਸਰਕਾਰ ਦੇ ਨਕਸ਼ੇ ਕਦਮ 'ਤੇ ਚੱਲ ਕੇ ਕਿਸਾਨਾਂ ਨਾਲ ਧੱਕਾ ਕਰ ਰਹੀ ਹੈ। ਜਿਸਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨਾਂ ਆਖਿਆ ਕਿ ਅਗਰ ਜ਼ਰੂਰਤ ਪਈ ਤਾਂ ਅਗਾਮੀ ਦਿਨਾਂ 'ਚ ਕਿਸਾਨਾਂ ਦੇ ਪੰਜਾਬ ਤੋਂ ਲਗਾਤਾਰ ਜਥੇ ਭੇਜੇ ਜਾਣਗੇ। ਉਨਾਂ ਹਰਿਆਣਾ ਸਰਕਾਰ ਤੋਂ ਮੰਗ ਕੀਤੀ ਕਿ ਅੰਦੋਲਨ ਨੂੰ ਹੋਰ ਭੜਕਣ ਤੋਂ ਰੋਕਣ ਲਈ ਜਲਦ ਕਿਸਾਨਾਂ ਦੀਆਂ ਮੰਗਾਂ ਨੂੰ ਪ੍ਰਵਾਨ ਕੀਤਾ ਜਾਵੇ ਅਤੇ ਜ਼ੇਲ੍ਹਾਂ 'ਚ ਬਿਨਾਂ ਕਿਸੀ ਕਾਰਨ ਤੋਂ ਬੰਦ ਕੀਤੇ ਕਿਸਾਨ ਆਗੂਆਂ ਨੂੰ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ। ਇਸ ਜਥੇ 'ਚ ਜਥੇਬੰਦੀ ਦੇ ਸੂਬਾ ਆਗੂ ਮੋਹਨ ਸਿੰਘ ਧਮਾਣਾ ਤੋਂ ਇਲਾਵਾ ਯੋਗਰਾਜ ਧਾਦਲੀ, ਦਰਸ਼ਨ ਸਿੰਘ ਬੜਵਾ, ਕੁਲਦੀਪ ਸਿੰਘ ਬੇਈਂਹਾਰਾ, ਸੁਭਾਸ਼ ਚੰਦ ਖੇੜੀ, ਸੁਖਚੈਨ ਸਿੰਘ ਮੌਠਾਪੁਰ, ਸੋਮ ਸਿੰਘ ਰੌਲੀ ਅਤੇ ਕਰਮ ਚੰਦ ਸਸਕੌਰ ਸਹਿਤ ਭਾਰੀ ਗਿਣਤੀ 'ਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ

ਸਰਹਾਲ ਰਾਣੀਆਂ ਵਿਖੇ ਨਸ਼ਾ ਮੁਕਤ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ

ਬਹਿਰਾਮ (ਅਵਤਾਰ ਕਲੇਰ) ਰੈੱਡ ਕਰਾਸ ਨਸ਼ਾ ਮੁਕਤੀ ਅਤੇ ਪੁਨਰਵਾਸ ਕੇਂਦਰ ਨਵਾਂਸ਼ਹਿਰ ਵਲੋਂ ਪਿੰਡ ਸਰਹਾਲਾ ਰਾਣੂੰਆਂ ਵਿਖੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ । ਜਿਸ ਦੀ ਪ੍ਰਧਾਨਗੀ ਬੀਬੀ ਬਖਸ਼ੋ ਸਰੰਪਚ ਨੇ ਕੀਤੀ। ਪ੍ਰੋਜੈਕਟ ਡਾਇਰੈਕਟਰ ਚਮਨ ਸਿੰਘ ਨੇ ਦੱਸਿਆ ਕਿ ਨਸ਼ਿਆਂ ਦਾ ਨੌਜਵਾਨ ਵਰਗ ਉਪਰ ਹਮਲਾਵਰ ਰੁਖ ਹੋਣ ਕਾਰਨ ਪੰਜਾਬ ਦਾ ਭਵਿੱਖ ਖਤਰੇ ਵਿਚ ਪਿਆ ਹੋਇਆ ਹੈ ਜਿਸ ਕਾਰਨ ਨੌਜਵਾਨ ਬਹੁਤ ਗਿਣਤੀ ਕਾਲਾ ਪੀਲੀਆ, ਏਡਜ਼, ਮਾਨਸਿਕ ਰੋਗ, ਨਪੁੰਸਕਤਾ ਆਦਿ ਬਿਮਾਰੀਆਂ ਦਾ ਸ਼ਿਕਾਰ ਹੋ ਰਹੀ ਹੈ। ਨਸ਼ਾ ਇਕ ਮਾਨਸਿਕ ਬਿਮਾਰੀ ਹੈ। ਸਾਨੂੰ ਆਪਣੀ ਖੁਰਾਕ ਦਾ ਧਿਆਨ ਰੱਖਣਾ ਚਾਹੀਦਾ ਹੈ। ਸੰਤੁਲਿਤ ਆਹਾਰ ਨਾਲ ਸ਼ਰੀਰ ਨੂੰ ਤੰਦੁਰਸਤ ਰੱਖੋ ਜਿਸ ਨਾਲ ਮਨ ਵੀ ਠੀਕ ਰਹੇਗਾ ਅਤੇ ਆਪਣੇ ਆਪ ਨੂੰ ਸੂਰਵੀਰਾਂ ਅਤੇ ਯੋਧਿਆਂ ਦੀਆਂ ਜੀਵਨੀਆਂ ਪੜ੍ਹ ਕੇ ਉਨਾਂ ਤੋਂ ਸੇਧ ਲੈਂਦੇ ਹੋਏ ਆਦਰਸ਼ਕ ਜੀਵਨ ਜਿਉਣਾ ਚਾਹੀਦਾ ਹੈ। ਕਮਲਜੀਤ ਕੌਰ (ਕੌਂਸਲਰ) ਨੇ ਰੈੱਡ ਕਰਾਸ ਨਸ਼ਾ ਮੁਕਤੀ ਕੇਂਦਰ ਦੇ ਸਬੰਧੀ ਵਿਚ ਜਾਣਕਾਰੀ ਦਿੱਤੀ ਕਿ ਅਸੀਂ ਨਸ਼ੇ ਦੇ ਆਦੀ ਵਿਅਕਤੀਆਂ ਦਾ ਇਲਾਜ ਬਿਲਕੁੱਲ ਮੁਫ਼ਤ ਕਰਦੇ ਹਾਂ ਅਤੇ ਉਨਾਂ ਨਾਲ ਕਿਸੇ ਪ੍ਰਕਾਰ ਦੀ ਕੁੱਟਮਾਰ ਨਹੀਂ ਕੀਤੀ ਜਾਂਦੀ। ਕੋਈ ਵੀ ਵਿਅਕਤੀ ਸਵੈ ਇੱਛਾ ਨਾਲ ਕੇਂਦਰ ਵਿਚ ਆ ਕੇ ਇਕ ਮਹੀਨੇ ਲਈ ਦਾਖਿਲ ਰਹਿ ਕੇ ਆਪਣਾ ਨਸ਼ਾ ਤਿਆਗ ਸਕਦਾ ਹੈ।

ਅਵਤਾਰ ਰਾਮ ਨੇ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਦੱਸਿਆ ਅਤੇ ਪਿੰਡ ਵਾਸੀਆਂ ਨੂੰ ਨਸ਼ਿਆ ਵਿਰੁੱਧ ਜਾਗਰੂਕ ਕੀਤਾ। ਇਸ ਮੌਕੇ 'ਤੇ ਦਿਨੇਸ਼ ਕੁਮਾਰ (ਸਟਾਫ ਮੈਂਬਰ),ਚੰਨਣ ਕੌਰ (ਸਾਬਕਾ ਪੰਚ), ਸਤਵਿੰਦਰ ਕੌਰ (ਮਨਰੇਗਾ ਇੰਚਾਰਜ), ਸਰਬਜੀਤ ਕੌਰ (ਆਸ਼ਾ ਵਰਕਰ), ਸੰਦੀਪ ਕੌਰ (ਆਸ਼ਾ ਵਰਕਰ), ਕਮਲਜੀਤ ਕੌਰ (ਆਂਗਣਵਾੜੀ ਵਰਕਰ), ਸੀਮਾ ਰਾਣੀ, ਰਾਮ ਸਰੂਪ, ਜੁਗਿੰਦਰ ਪਾਲ, ਰਾਮ ਦਾਸ, ਹਰਪਾਲ ਦਾਸ, ਗੁਰਬਖਸ਼ ਕੌਰ, ਮਹਿੰਦਰ ਕੌਰ ਅਤੇ ਹੋਰ ਪਿੰਡ ਵਾਸੀ ਮੌਜੂਦ ਸਨ।

ਖੇਤੀਬਾੜੀ ਵਿਭਾਗ ਨੇ ਝੋਨੇ ਦੀ ਸਿੱਧੀ ਬਿਜਾਈ ਸੰਬੰਧੀ ਜਾਣਕਾਰੀ ਦਿੱਤੀ

ਮੋਰਿੰਡਾ, (ਜੈਜੀ ਸਰਦਾਰ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਪਿੰਡ ਕਕਰਾਲੀ ਅਤੇ ਧਨੌਰੀ ਬਲਾਕ ਮੋਰਿੰਡਾ ਵਿਖੇ ਝੋਨੇ ਦੀ ਸਿੱਧੀ ਬਿਜਾਈ ਦੀ ਜਾਣਕਾਰੀ ਦਿੰਦਿਆਂ ਡਾ. ਪੰਕਜ ਸਿੰਘ ਖੇਤੀਬਾੜੀ ਅਫਸਰ (ਸ.ਮ.) ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਝੋਨੇ ਦੀ ਬਿਜਾਈ ਕਾਰਨ ਜ਼ਮੀਨ ਦਾ ਹੇਠਲਾ ਪਾਣੀ ਥੱਲੇ ਜਾ ਰਿਹਾ ਹੈ। ਭੂਮੀਗਤ ਪਾਣੀ ਦੀ ਸੰਭਾਲ ਲਈ ਸਾਨੂੰ ਸਾਰਿਆਂ ਨੂੰ ਜਾਗਰੂਕ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ1500 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਪਿੰਡ ਕਕਰਾਲੀ ਅਤੇ ਧਨੌਰੀ ਵਿਖੇ ਝੋਨੇ ਦੀ ਸਿੱਧੀ ਬਿਜਾਈ ਦੌਰਾਨ ਕਿਸਾਨਾਂ ਨਾਲ ਮੀਟਿੰਗ ਕੀਤੀ ਅਤੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਪਾਣੀ, ਬਿਜਲੀ ਅਤੇ ਮਜ਼ਦੂਰੀ ਦੀ ਬੱਚਤ ਹੁੰਦੀ ਹੈ ਅਤੇ ਝਾੜ ਵੀ ਕੱਦੂ ਵਿਧੀ ਨਾਲ ਤਿਆਰ ਕੀਤੇ ਝੋਨੇ ਦੇ ਬਰਾਬਰ ਆਉਂਦਾ ਹੈ।

ਉਨ੍ਹਾਂ ਨਦੀਨਨਾਸ਼ਕ ਦਵਾਈਆਂ, ਖਾਦਾਂ ਅਤੇ ਕੀੜੇਮਾਰ ਦਵਾਈਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਅਗਾਂਹਵਧੂ ਕਿਸਾਨ ਗੁਰਮੀਤ ਸਿੰਘ ਪਿੰਡ ਕਕਰਾਲੀ ਅਤੇ ਸੁਰਮੁਖ ਸਿੰਘ ਪਿੰਡ ਪਪਰਾਲੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਤਰਤੀਬਵਾਰ ਪਿਛਲੇ ਤਿੰਨ ਸਾਲ ਅਤੇ 2005 ਤੋਂ ਝੋਨੇ ਦੀ ਸਿੱਧੀ ਬਿਜਾਈ ਕੀਤੀ ਜਾ ਰਹੀ ਹੈ। ਇਸ ਸਾਲ ਉਨ੍ਹਾਂ ਵੱਲੋਂ ਤਰਤੀਬਵਾਰ 03 ਅਤੇ 10 ਏਕੜ ਰਕਬਾ ਸਿੱਧੀ ਬਿਜਾਈ ਹੇਠ ਲਿਆਂਦਾ ਗਿਆ ਹੈ। ਇਸ ਮੌਕੇ 'ਤੇ ਕਿਸਾਨ ਗੁਰਵਿੰਦਰ ਸਿੰਘ ਕਕਰਾਲੀ, ਜਗਤਾਰ ਸਿੰਘ ਕਕਰਾਲੀ, ਦਲਬੀਰ ਸਿੰਘ ਪਪਰਾਲੀ, ਮਨਪ੍ਰੀਤ ਸਿੰਘ ਪਪਰਾਲੀ, ਪਵਿੱਤਰ ਸਿੰਘ ਖੇਤੀਬਾੜੀ ਉਪ ਨਿਰੀਖਕ ਅਤੇ ਦਲਜੀਤ ਸਿੰਘ ਏ.ਟੀ.ਐਮ. ਹਾਜ਼ਰ ਸਨ।

12 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਕਾਬੂ

ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)- ਸਥਾਨਕ ਪੁਲਸ ਨੇ ਇਕ ਵਿਅਕਤੀ ਨੂੰ 12 ਬੋਤਲਾਂ ਨਾਜਾਇਜ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ ਹੈ। ਸਥਾਨਕ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਜਦੋਂ ਸਬ ਇੰਸਪੈਕਟਰ ਸ਼ਮਸ਼ੇਰ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਤਾਂ ਬੱਸ ਅੱਡਾ ਨੂਰਪੁਰਬੇਦੀ ਸਾਈਡ ਤੋਂ ਇਕ ਵਿਅਕਤੀ ਪਲਾਸਟਿਕ ਦਾ ਥੈਲਾ ਰੱਖੀ ਆਉਂਦਾ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਨੂੰ ਮੁੜਨ ਲੱਗਾ ਤਾਂ ਪੁਲਸ ਪਾਰਟੀ ਨੇ ਉਕਤ ਵਿਅਕਤੀ ਜਿਸ ਦਾ ਨਾਮ ਰਾਜੇਸ਼ ਕੁਮਾਰ ਪੁੱਤਰ ਭਗਤ ਰਾਮ ਪਿੰਡ ਨੂਰਪੁਰ ਬੇਦੀ ਨੂੰ ਕਾਬੂ ਕਰਕੇ ਉਸ ਦਾ ਥੈਲਾ ਚੈਕ ਕੀਤਾ ਜਿਸ ਵਿੱਚੋਂ 12 ਬੋਤਲਾਂ ਸ਼ਰਾਬ ਮਾਰਕਾ 999 ਪਾਵਰ ਸਟਾਰ ਫਾਈਨ ਵਿਸਕੀ ਫਾਰ ਸੇਲ ਇਨ ਚੰਡੀਗੜ੍ਹ ਬਰਾਮਦ ਹੋਈਆਂ। ਉਕਤ ਵਿਅਕਤੀ ਨੂੰ ਗ੍ਰਿਫਤਾਰ ਕਰ ਕੇ ਉਸ ਵਿਰੁੱਧ ਐਕਸਾਈਜ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਜ਼ਿਲ੍ਹਾ ਲੋਕ ਸੰਪਰਕ ਅਫਸਰ ਰੋਪੜ ਕਰਨ ਮਹਿਤਾ ਦੇ ਪਿਤਾ ਦਾ ਸਸਕਾਰ

ਰੋਪੜ (ਬਿੰਦਰਾ) ਰੋਪੜ ਦੇ ਡੀ ਪੀ ਆਰ ਓ ਕਰਨ ਮਹਿਤਾ ਦੇ ਪਿਤਾ ਚਮਨ ਲਾਲ (72) ਜਿਨ੍ਹਾਂ

14-JUNE-PAGE-10.qxd 6/13/2023 10:34 PM Page 1

ਮਾਮਲਾ ਖੋਖਰ ਵਿਖੇ ਰਾਖਵੀਂ ਪੰਚਾਇਤੀ ਜ਼ਮੀਨ ਦੀ ਡੰਮੀ ਬੋਲੀ ਦਾ

ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਡੀ ਸੀ ਦਫਤਰ ਦਾ ਘਿਰਾਓ

ਮੁਕਤਸਰ (ਸ਼ਮਿੰਦਰਪਾਲ, ਪੂਜਾ)

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫਤਰ ਦਾ 5 ਘੰਟੇ ਤੋਂ ਵੱਧ ਸਮਾਂ ਘਿਰਾਓ ਕੀਤਾ ਗਿਆ। ਇਹ ਘੇਰਾਓ ਜ਼ਿਲ੍ਹਾ ਪ੍ਰਸ਼ਾਸਨ ਦੇ ਬੇਜ਼ਮੀਨੇ ਮਜ਼ਦੂਰਾਂ ਵਿਰੋਧੀ ਰਵੱਈਏ ਖਿਲਾਫ ਕੀਤਾ ਗਿਆ। ਘੇਰਾਓ ਦੁਪਹਿਰ 1 ਵਜੇ ਸ਼ੁਰੂ ਹੋਇਆ, ਜੋ ਸ਼ਾਮ ਕਰੀਬ 6 ਵਜੇ ਤੱਕ ਜਾਰੀ ਰਿਹਾ। ਪੇਂਡੂ ਮਜ਼ਦੂਰਾਂ ਦੇ ਰੋਹ ਨੂੰ ਵੇਖਦੇ ਹੋਏ ਪ੍ਰਸ਼ਾਸਨ ਨੂੰ ਡੀ ਸੀ ਦਫਤਰ ਦੇ ਗੇਟ ਨੂੰ ਜਿੰਦਰਾ ਲਗਾਉਣਾ ਪਿਆ। ਅੰਤ ਪ੍ਰਸ਼ਾਸਨ ਨੂੰ ਮਜਬੂਰ ਹੋ ਕੇ ਪ੍ਰਦਰਸ਼ਨਕਾਰੀਆਂ ਦੀ ਗੱਲ ਸੁਣਨੀ ਪਈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਚਾਇਤ ਅਫਸਰ ਬਲਾਕ ਮੁਕਤਸਰ ਨੇ ਇਕੱਠ ਵਿੱਚ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਤਾਂ ਜਾ ਕੇ ਦਫਤਰ ਦਾ ਘਿਰਾਓ ਖਤਮ ਹੋਇਆ।

ਜ਼ਿਕਰਯੋਗ ਹੈ ਕਿ ਅਫਸਰਸ਼ਾਹੀ ਵੱਲੋਂ ਪਿੰਡ ਦੀ ਪੰਚਾਇਤ ਨਾਲ ਮਿਲ ਕੇ ਸਰਕਾਰੀ ਇਸ਼ਾਰੇ ਉੱਪਰ ਲੋੜਵੰਦ ਪਰਿਵਾਰਾਂ ਦੇ ਰਿਹਾਇਸ਼ੀ ਪਲਾਟਾਂ ਤੇ ਦਲਿਤਾਂ ਲਈ ਰਾਖਵੀਂ ਪੰਚਾਇਤੀ ਜ਼ਮੀਨ ਦਾ ਹੱਕ ਮਾਰਨ ਲਈ 7 ਜੂਨ ਨੂੰ ਪਿੰਡ ਖੋਖਰ ਵਿਖੇ ਚੋਰੀ-ਛੁਪੇ ਡੰਮੀ ਬੋਲੀ ਕਰ ਲਈ ਗਈ ਸੀ, ਜਿਸ ਦੇ ਰੋਸ ਵਜੋਂ ਉਸ ਦਿਨ ਵੀ ਪੇਂਡੂ ਮਜ਼ਦੂਰਾਂ ਨੇ ਡੀ ਸੀ ਦਫਤਰ ਧਰਨਾ ਮੁਜ਼ਾਹਰਾ ਕੀਤਾ ਸੀ, ਪਰ ਕਿਸੇ ਵੀ ਅਧਿਕਾਰੀ ਨੇ ਮਸਲੇ ਨੂੰ ਹੱਲ ਕਰਨਾ ਜ਼ਰੂਰੀ ਨਹੀਂ ਸਮਝਿਆ, ਜਿਸ ਕਾਰਨ ਅੱਜ ਮਜ਼ਦੂਰਾਂ ਨੂੰ ਡਿਪਟੀ ਕਮਿਸ਼ਨਰ ਦਫਤਰ ਦਾ ਘਿਰਾਓ ਕਰਨ ਲਈ ਮਜਬੂਰ ਹੋਣਾ ਪਿਆ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਦੀ ਪਾਰਟੀ ਸਰਕਾਰ ਸੰਘਰਸ਼ਸ਼ੀਲ ਲੋਕਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਉਨ੍ਹਾਂ ਦੀ ਗੱਲ ਨਾ ਸੁਣ ਕੇ ਹੰਢਾਉਣ ਬਕਾਉਣ ਦੇ ਰਾਹ ਪੈ ਚੁੱਕੀ ਹੈ। ਸਰਕਾਰ ਤੇ ਪ੍ਰਸ਼ਾਸਨ ਮਜ਼ਦੂਰਾਂ ਦੇ ਮਸਲਿਆਂ ਦੇ ਹੱਲ ਕਰਨ ਦੀ ਬਜਾਏ ਮਜ਼ਦੂਰਾਂ ਨਾਲ ਕੋਝੇ ਮਜ਼ਾਕ ਕਰ ਰਿਹਾ ਹੈ। ਪਿੰਡ ਖੋਖਰ ਦੇ ਮਜ਼ਦੂਰ ਰਿਹਾਇਸ਼ੀ ਪਲਾਟਾਂ, ਰੂੜੀ ਸੁੱਟਣ ਲਈ ਥਾਂ ਤੇ ਪੰਚਾਇਤੀ ਜ਼ਮੀਨ 'ਚੋਂ ਤੀਜੇ ਹਿੱਸੇ ਦੀ ਮੰਗ ਨੂੰ ਲੈ ਕੇ ਪਿਛਲੇ ਇੱਕ ਮਹੀਨੇ ਤੋਂ ਪੰਚਾਇਤੀ ਜ਼ਮੀਨ 'ਚ ਮੋਰਚਾ ਲਾ ਕੇ ਬੈਠੇ ਹਨ, ਪਰ ਉਨ੍ਹਾਂ ਦੀ ਮੰਗ ਨੂੰ ਅਣਗੌਲਿਆ ਕਰਦਿਆਂ ਮੁਕਤਸਰ ਜ਼ਿਲ੍ਹੇ ਦੇ ਪ੍ਰਸ਼ਾਸਨ ਨੇ ਪਿੰਡ ਦੇ ਚੌਧਰੀ ਨਾਲ ਮਿਲ ਕੇ ਸਰਕਾਰੀ ਸ਼ਹਿ 'ਤੇ ਦਲਿਤਾਂ ਲਈ ਰਾਖਵੀਂ ਜ਼ਮੀਨ ਦੀ ਲੰਮੀ ਬੋਲੀ ਕਰਵਾ ਦਿੱਤੀ ਹੈ। ਜ਼ਿਲ੍ਹੇ ਭਰ ਦੇ ਪਿੰਡਾਂ 'ਚ ਲੋੜਵੰਦ ਪਰਿਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ, ਲਾਲ ਲਕੀਰ 'ਚ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਦੇਣ ਤੇ ਲਗਾਤਾਰ ਮਗਨਰੇਗਾ ਤਹਿਤ ਰੁਜ਼ਗਾਰ ਜਾਂ ਬੇਰੁਜ਼ਗਾਰੀ ਭੱਤਾ ਦੇਣ ਤੋਂ ਵੀ ਕੰਨੀ ਕਤਰਾਈ ਜਾ ਰਹੀ ਹੈ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਯੂਥ ਵਿੰਗ ਦੇ ਸੂਬਾ ਆਗੂ ਅੰਗਰੇਜ ਸਿੰਘ ਗੋਰਾ ਮੱਤਾ ਨੇ ਕਿਹਾ ਕਿ ਮਜ਼ਦੂਰ ਬਹੁਤ ਤੰਗ ਘਰਾਂ ਵਿੱਚ ਆਪਣਾ ਗੁਜਰ ਬਸਰ ਕਰ ਰਹੇ ਹਨ, ਉਨ੍ਹਾਂ ਨੂੰ ਰਿਹਾਇਸ਼ੀ ਪਲਾਟ ਦੇਣ, ਮਕਾਨਾਂ ਲਈ ਗਰਾਂਟ ਦੇਣਾ ਤੇ ਕੂੜਾ ਕਰਕਟ ਸੁੱਟਣ ਲਈ ਜਗ੍ਹਾ ਦੇਣਾ ਸਰਕਾਰ ਤੇ ਪ੍ਰਸ਼ਾਸਨ ਦਾ ਫਰਜ਼ ਹੁੰਦਾ ਹੈ, ਪਰ ਫਿਰ ਵੀ ਲਗਾਤਾਰ ਸਰਕਾਰ ਤੇ ਪ੍ਰਸ਼ਾਸਨ ਆਪਣੇ ਫਰਜ਼ ਤੋਂ ਭੱਜ ਰਿਹਾ ਹੈ। ਇਸ ਮੌਕੇ ਯੂਨੀਅਨ ਦੇ ਆਗੂ ਲਖਵੰਤ ਸਿੰਘ ਕਿਰਤੀ, ਮੰਗਲ ਸਿੰਘ ਖੋਖਰ, ਗਿਆਨ ਸਿੰਘ ਝਬੇਲਵਾਲੀ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਦਿੱਤਾ ਭਰੋਸਾ ਅਮਲ 'ਚ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਭਰਾਤਰੀ ਜਥੇਬੰਦੀਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਗੁਰਵਿੰਦਰ ਸਿੰਘ ਬੌੜਾਂ, ਕਿਰਤੀ ਕਿਸਾਨ ਯੂਨੀਅਨ ਦੇ ਮਾਸਟਰ ਬਲਵਿੰਦਰ ਸਿੰਘ ਥਾਂਦੇਵਾਲ, ਨਿਰਮਲ ਸਿੰਘ ਗੋਨੇਆਣਾ, ਨੌਜਵਾਨ ਭਾਰਤ ਸਭਾ ਦੇ ਮੰਗਾਂ ਸਿੰਘ ਆਜ਼ਾਦ, ਹਰਜਿੰਦਰ ਸਿੰਘ ਖੋਖਰ, ਪੰਜਾਬ ਸਟੂਡੈਂਟਸ ਯੂਨੀਅਨ ਦੇ ਸੁਖਪ੍ਰੀਤ ਕੌਰ, ਨੌਨਿਹਾਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

ਬੈਂਕ ਵੱਲੋਂ ਆੜ੍ਹਤੀਏ ਦੀ ਜਾਇਦਾਦ ਸੀਲ

ਕਿਸਾਨ ਯੂਨੀਅਨ ਵੱਲੋਂ ਕਬਜ਼ਾ ਕਾਰਵਾਈ ਦਾ ਵਿਰੋਧ

ਬਰੇਟਾ (ਗੀਤਵਾਲ)-ਸਥਾਨਕ ਇੱਕ ਆੜ੍ਹਤੀਆ ਦਾ ਸਟੇਟ ਬੈਂਕ ਵੱਲੋਂ ਕਬਜ਼ਾ ਕਾਰਵਾਈ ਕਰਦਿਆਂ ਜਾਇਦਾਦ ਨੂੰ ਸੀਲ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਲਗਭਗ 10 ਸਾਲ ਪਹਿਲਾਂ ਆੜ੍ਹਤੀ ਵੱਲੋਂ 1.27 ਲੱਖ ਦਾ ਬੈਂਕ ਲੋਨ ਲਿਆ ਗਿਆ ਤੇ ਹੁਣ ਰਕਮ 1.66 ਲੱਖ ਬਣ ਗਈ ਹੈ, ਜਿਸ ਦੇ ਸ਼ੁਰੂ ਵਿੱਚ ਆੜ੍ਹਤੀ ਨੇ ਲੋਨ ਦਾ ਕੁਝ ਹਿੱਸਾ ਵਾਪਸ ਕਰ ਦਿੱਤਾ, ਪ੍ਰੰਤੂ ਕੁਝ ਸਮੇਂ ਤੋਂ ਆੜ੍ਹਤੀ ਵਪਾਰ 'ਚ ਮੰਦੀ ਆਉਣ ਕਾਰਨ ਲਿਆ ਕਰਜ਼ਾ ਨਹੀਂ ਉਤਾਰ ਸਕਿਆ, ਜਿਸ ਕਾਰਨ ਬੈਂਕ ਨੂੰ ਕਬਜ਼ਾ ਕਾਰਵਾਈ ਕਰਨੀ ਪਈ, ਸਵੇਰ ਤੋਂ ਹੀ ਸ਼ਹਿਰ ਅੰਦਰ ਕਿਸਾਨ ਜਥੇਬੰਦੀਆਂ ਦੇ ਵਿਰੋਧ 'ਚ ਵੱਡੀ ਗਿਣਤੀ ਪੁਲਸ ਤਾਇਨਾਤ ਕਰ ਦਿੱਤੀ ਗਈ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਬੈਂਕ ਵੱਲੋਂ ਕਰਜ਼ੇ ਨਾਲ ਸੰਬੰਧਤ ਜਾਇਦਾਦ ਲਈ ਚੰਡੀਗੜ੍ਹ ਤੋਂ ਆਏ ਬੈਂਕ ਅਧਿਕਾਰੀਆਂ ਵੱਲੋਂ ਆੜ੍ਹਤੀਏ ਦੀ ਸ਼ਹਿਰ ਵਿਚਲੀ ਦੋ ਥਾਵਾਂ 'ਤੇ ਪਈ ਜਾਇਦਾਦ, ਜਿਸ ਵਿੱਚ ਇੱਕ ਰਿਹਾਇਸ਼ੀ ਮਕਾਨ, ਆੜ੍ਹਤ ਦੀ ਦੁਕਾਨ ਤੇ ਹੋਰ ਦੁਕਾਨਾਂ ਸ਼ਾਮਲ ਹਨ, ਨੂੰ ਸੀਲ ਕਰ ਦਿੱਤਾ ਗਿਆ। ਆੜ੍ਹਤੀਏ ਦੇ ਗਾਰੰਟਰ ਦਾ ਘਰ ਵੀ ਸੀਲ ਕਰ ਦਿੱਤਾ। ਇਸ ਮੌਕੇ ਚੰਡੀਗੜ੍ਹ ਤੋਂ ਆਈ ਬੈਂਕ ਦੀ ਟੀਮ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਕੁਝ ਵੀ ਦੱਸਣ ਤੋਂ ਇਨਕਾਰ ਕਰ ਕਰਦਿਆਂ ਕਿਹਾ ਕਿ ਉਹ ਮਾਨਯੋਗ ਉੱਚ ਅਦਾਲਤ ਦੇ ਆਦੇਸ਼ਾਂ ਅਨੁਸਾਰ ਕਾਰਵਾਈ ਕਰਨ ਆਏ ਹਨ। ਪੰਜਾਬ ਕਿਸਾਨ ਯੂਨੀਅਨ ਵੱਲੋਂ ਅਨਾਜ ਮੰਡੀ ਵਿੱਚ ਇਕੱਠੇ ਹੋ ਕੇ ਕਬਜ਼ਾ ਕਾਰਵਾਈ ਦਾ ਸਖਤ ਵਿਰੋਧ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਪੁਲਸ ਪ੍ਰਸ਼ਾਸਨ ਖਿਲਾਫ ਵੀ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਦੁਕਾਨ 'ਤੇ ਬੈਂਕ ਦਾ ਕਿਸੇ ਵੀ ਹਾਲ ਵਿੱਚ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ। ਪੁਲਸ ਵੱਲੋਂ ਧਰਨਾ ਕਰ ਰਹੇ ਜਥੇਬੰਦੀ ਦੇ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਬਿਜਲੀ ਕਾਮਿਆਂ ਵੱਲੋਂ ਮੰਨੀਆਂ ਮੰਗਾਂ ਲਾਗੂ ਨਾ ਕਰਨ 'ਤੇ ਅਰਥੀ ਫੂਕ ਮੁਜ਼ਾਹਰਾ

ਮੂਨਕ (ਰਾਜਪਾਲ ਸਿੰਗਲਾ)-ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਦੇ ਫੈਸਲੇ ਅਨੁਸਾਰ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਰੈਲੀ ਤੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦਾ ਪੁਤਲਾ ਫੂਕਿਆ ਗਿਆ।

ਰੋਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਸਾਥੀ ਚਿਮਨ ਲਾਲ ਨੇ ਦੱਸਿਆ ਕਿ ਨਵੇਂ ਭਰਤੀ ਕੀਤੇ ਮੁਲਾਜ਼ਮਾਂ ਨੂੰ ਹਾਈ ਕੋਰਟ ਦੇ ਫੈਸਲੇ ਅਨੁਸਾਰ ਪ੍ਰਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਦੇ ਵਿਰੁੱਧ ਸੁਪਰੀਮ ਕੋਰਟ ਵਿੱਚ ਕੇਸ ਪਾਉਣ 'ਤੇ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਜਾਂਦੀ ਹੈ। ਸੀ.ਆਰ.ਏ. 295/19 ਰਾਹੀਂ ਨਿਯੁਕਤ ਸ.ਲ.ਮ. ਨੂੰ ਗਲਤ ਇਨਕੁਆਰੀਆਂ ਦੇ ਨਾਂ 'ਤੇ ਤੰਗ ਪ੍ਰੇਸ਼ਾਨ ਕਰਨ, ਪਰਖ ਕਾਲ ਸਮਾਂ ਪੂਰਾ ਕਰ ਚੁੱਕੇ ਮੁਲਾਜ਼ਮਾਂ ਨੂੰ ਪੂਰਾ ਤਨਖਾਹ ਸਕੇਲ ਲਾਗੂ ਨਾ ਕਰਨ ਤੇ ਬਿਜਲੀ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਲਈ ਬਿਜਲੀ ਕਾਮੇ 14 ਜੂਨ ਤੋਂ ਅਗਲੇ ਫੈਸਲੇ ਤੱਕ ਵਰਕ ਟੂ ਰੂਲ ਅਨੁਸਾਰ ਕੰਮ ਕਰਨਗੇ ਤੇ ਪਾਵਰਕਾਮ ਸਮੇਤ ਟਰਾਂਸਕੋ ਦੇ ਚੇਅਰਮੈਨਾਂ ਤੇ ਡਾਇਰੈਕਟਰਾਂ, ਬਿਜਲੀ ਮੰਤਰੀ ਪੰਜਾਬ ਦੇ ਫੀਲਡ ਵਿੱਚ ਦੌਰਿਆਂ ਸਮੇਂ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕਰਨਗੇ। ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਵੱਲੋਂ ਸ/ਡ ਮੂਨਕ ਤੇ ਸ/ਡ ਬੰਗਾਂ ਐੱਸ ਡੀ ਓ ਨੂੰ ਆਪਣਾ ਮੰਗ ਪੱਤਰ ਦਿੱਤਾ ਗਿਆ। ਧਰਨੇ ਨੂੰ ਪ੍ਰਧਾਨ ਚਿਮਨ ਲਾਲ ਤੋਂ ਇਲਾਵਾ ਜੰਗੀਰ ਸਿੰਘ ਕਟਾਰੀਆਂ ਮੀਤ ਪ੍ਰਧਾਨ ਪੰਜਾਬ, ਜਗਮੋਹਨ ਕੁਮਾਰ ਸਕੱਤਰ, ਗਗਨਦੀਪ ਸਿੰਘ, ਕੁਲਦੀਪ ਸਿੰਘ, ਸੁਰੇਸ਼ ਕੁਮਾਰ, ਸੌਰਵ ਸ਼ਰਮਾ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਪਰਮਿੰਦਰ ਸਿੰਘ, ਬਲਰਾਜ ਸਿੰਘ ਆਦਿ ਸਾਥੀਆਂ ਨੇ ਸੰਬੋਧਨ ਕੀਤਾ।

ਕਾਤਰਾਂ

ਭਾਰਤ ਵਿਕਾਸ ਪ੍ਰੀਸ਼ਦ ਨੇ ਪੰਛੀਆਂ ਲਈ ਪਾਣੀ ਦੇ ਕਟੋਰੇ ਵੰਡੇ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਭਾਰਤ ਵਿਕਾਸ ਪ੍ਰਈਸ਼ਦ ਸਰਹਿੰਦ ਨੇ ਗਰਮੀਆਂ ਵਿੱਚ ਪੰਛੀਆਂ ਨੂੰ ਰਾਹਤ ਪਹੁੰਚਾਉਣ ਲਈ ਪਾਣੀ ਦੇ ਕਟੋਰੇ ਵੰਡੇ। ਪ੍ਰੀਸ਼ਦ ਪ੍ਰਧਾਨ ਸੁਮੀਤ ਮੋਦੀ ਨੇ ਦੱਸਿਆ ਕਿ ਇਹ ਫੈਸਲਾ ਪ੍ਰੀਸ਼ਦ ਦੀ ਵਾਤਾਵਰਨ ਬਚਾਓ ਮੁਹਿੰਮ ਤਹਿਤ ਲਿਆ ਗਿਆ ਹੈ। ਇਸ ਮੰਤਵ ਨਾਲ ਅੱਜ 100 ਪਾਣੀ ਦੇ ਕਟੋਰੇ ਪਬਲਿਕ ਨੂੰ ਮੁਫ਼ਤ ਵੰਡੇ ਗਏ। ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਇਸ ਕਟੋਰੇ ਨੂੰ ਪਾਣੀ ਨਾਲ ਭਰ ਕੇ ਘਰ ਵਿੱਚ ਅਜਿਹੀ ਜਗ੍ਹਾ ਰੱਖਿਆ ਜਾਵੇ, ਜਿੱਥੇ ਇਹ ਬੇਜ਼ੁਬਾਨੇ ਆਪਣੀ ਪਿਆਸ ਬੁਝਾ ਕੇ ਤਪਦੀ ਗਰਮੀ ਤੋਂ ਬਚ ਸਕਣ। ਇਸ ਮੌਕੇ ਸਕੱਤਰ ਰੋਹਿਤ ਸ਼ਰਮਾ, ਮੁਨੀਸ਼ ਵਰਮਾ, ਗੁਰਿੰਦਰ ਪੁਰੀ, ਸੰਦੀਪ ਸੂਦ, ਅਮਰਜੀਤ ਪਾਲ, ਸਤੀਸ਼ ਜੈਨ, ਹਰੀਸ਼ ਜੈਨ, ਹਰਸ਼ ਗੁਪਤਾ, ਦੀਪਨ ਮਾਂਗੀ, ਸ਼ੇਖੂ ਖੁੱਲਰ, ਤਰਸੇਮ ਉੱਪਲ, ਮਾਧਵ, ਰਾਜੇਸ਼ ਪ੍ਰਿੰਸ, ਰਾਘਵ, ਅਨੁਜ ਤੇ ਪੂਰਨ ਸਹਿਗਲ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਰਿੰਕਾ ਕੌਮੀ ਮੀਤ ਪ੍ਰਧਾਨ ਨਿਯੁਕਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਅਣਥੱਕ ਸੇਵਾਵਾਂ ਨੂੰ ਦੇਖਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਤੇਜ਼ ਤਰਾਰ ਆਗੂ ਰਿੰਕਾ ਕੁਤਬਾ ਬਾਹਮਣੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕੌਮੀ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸ੍ਰ: ਸੁਖਬੀਰ ਸਿੰਘ ਬਾਦਲ ਨੇ ਪਿੰਡ ਬਾਦਲ ਵਿਖੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਅਕਾਲੀ ਆਗੂਆਂ ਦੀ ਹਾਜ਼ਰੀ 'ਚ ਇਹ ਨਿਯੁਕਤੀ ਕਰਦਿਆਂ ਨਵ-ਨਿਯੁਕਤ ਮੀਤ ਪ੍ਰਧਾਨ ਰਿੰਕਾ ਕੁਤਬਾ ਬਾਹਮਣੀਆਂ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਮੀਤ ਪ੍ਰਧਾਨ ਰਿੰਕਾ ਨੇ ਪਾਰਟੀ ਪ੍ਰਧਾਨ ਸ੍ਰ: ਬਾਦਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਪਹਿਲਾਂ ਦੀ ਤਰ੍ਹਾਂ ਇਸ ਜ਼ਿੰਮੇਵਾਰੀ ਨੂੰ ਵੀ ਪੂਰਨ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇਕ ਕਰਕੇ ਕੰਮ ਕਰਨਗੇ। ਇਸ ਸਮੇਂ ਕੁਲਵੰਤ ਸਿੰਘ ਕੀਤੂ, ਜਥੇ: ਗੁਰਮੇਲ ਸਿੰਘ ਛੀਨੀਵਾਲ, ਬੇਅੰਤ ਸਿੰਘ ਸੂਮ, ਸਿਕੰਦਰ ਸਿੰਘ ਮਹਿਲ ਖੁਰਦ, ਜਸਵਿੰਦਰ ਸਿੰਘ ਦੀਦਾਰਗੜ੍ਹ, ਜੱਸੀ ਖੇੜੀ, ਸਰਕਲ ਪ੍ਰਧਾਨ ਬਲਰਾਜ ਸਿੰਘ ਕਾਕਾ, ਬਚਿੱਤਰ ਸਿੰਘ ਧਾਲੀਵਾਲ, ਸੁਖਵੀਰ ਸਿੰਘ ਸੋਖੀ, ਬੇਅੰਤ ਕੌਰ ਬੀਹਲਾ ਆਦਿ ਹਾਜ਼ਰ ਸਨ।

ਸਾਂਝੇ ਫਰੰਟ ਵੱਲੋਂ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ 18 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਪਾਰਕ ਵਿਖੇ ਪੰਜਾਬ ਪੇਅ ਸਕੇਲ ਬਹਾਲੀ ਸਾਂਝੇ ਫਰੰਟ ਵੱਲੋਂ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਫਰੰਟ ਨਾਲ ਜੁੜੇ ਸਮੂਹ ਕਨਵੀਨਰ ਸ਼ਾਮਲ ਹੋਏ। ਸਮੂਹ ਕਨਵੀਨਰਾਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 17 ਜੁਲਾਈ 2020 ਤੋਂ ਬਾਅਦ ਜਿੰਨੀਆਂ ਵੀ ਪੰਜਾਬ ਸਰਕਾਰ ਨੇ ਭਰਤੀਆਂ ਕੀਤੀਆਂ ਹਨ। ਉਹ ਇਕ ਅਧੂਰੇ ਪੇਅ ਸਕੇਲ ਨਾਲ ਕੀਤੀਆਂ ਹਨ। 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਨਾ ਹੀ ਕੇਂਦਰੀ ਪੇਅ ਸਕੇਲਾਂ ਅਨੁਸਾਰ ਤਨਖ਼ਾਹ ਮਿਲ ਰਹੀ ਹੈ ਤੇ ਨਾ ਹੀ ਪੰਜਾਬ ਦੇ ਪੇਅ ਸਕੇਲ ਅਨੁਸਾਰ। ਸਾਂਝੇ ਫਰੰਟ ਦੀ ਮੰਗ ਹੈ ਕਿ ਸਮੂਹ ਮੁਲਾਜ਼ਮਾਂ 'ਤੇ ਪੰਜਾਬ ਦਾ ਪੇਅ ਸਕੇਲ ਲਾਗੂ ਕੀਤਾ ਜਾਵੇ ਤੇ ਮਾਣਯੋਗ ਹਾਈ ਕੋਰਟ ਦੇ ਫੈਸਲੇ ਅਨੁਸਾਰ 15.01.2015 ਦਾ ਨੋਟੀਫਿਕੇਸ਼ਨ ਰੱਦ ਕਰਕੇ ਸਮੂਹ ਮੁਲਾਜ਼ਮਾਂ ਨੂੰ ਪਰਖ ਕਾਲ ਦੌਰਾਨ ਪੂਰੀ ਤਨਖਾਹ ਦਿੱਤੀ ਜਾਵੇ ਤੇ ਪਰਖਕਾਲ ਦਾ ਸਮਾਂ ਇੱਕ ਸਾਲ ਦਾ ਕੀਤਾ ਜਾਵੇ। ਇਸ ਸੰਬੰਧੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਵਿੱਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਹੋ ਚੁੱਕੀ ਹੈ, ਪਰ ਸਰਕਾਰ ਮੁਲਾਜ਼ਮਾਂ ਦਾ ਮਸਲਾ ਹੱਲ ਕਰਨ ਲਈ ਗੰਭੀਰ ਨਹੀਂ ਹੈ। ਇਸ ਮੀਟਿੰਗ ਵਿੱਚ ਸਾਂਝੇ ਤੌਰ 'ਤੇ ਫੈਸਲਾ ਕੀਤਾ ਹੈ ਕਿ 18 ਜੂਨ ਨੂੰ ਸੰਗਰੂਰ ਵਿਖੇ ਵਿੱਤ ਮੰਤਰੀ

14-June-PAGE-11-Majha-23.qxd 6/13/2023 10:45 PM Page 1

ਜੰਗਲਾਤ ਕਾਮਿਆਂ ਵੱਲੋਂ 17 ਨੂੰ ਹਲਕਾ ਭੋਆ 'ਚ ਰੋਸ ਰੈਲੀ ਕਰਨ ਦਾ ਐਲਾਨ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਤੇ ਪਠਾਨਕੋਟ ਦੀ ਇਕ ਸਾਂਝੀ ਮੀਟਿੰਗ ਅਲੀਵਾਲ ਵਿਖੇ ਹੋਈ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਭਾਗੋਵਾਲ ਤੇ ਮੀਤ ਪ੍ਰਧਾਨ ਪੰਜਾਬ ਬਲਰਾਜ ਸਿੰਘ ਪਠਾਨਕੋਟ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਰੇਂਜ ਅਲੀਵਾਲ ਦੇ ਪ੍ਰਧਾਨ ਬਲਜੀਤ ਸਿੰਘ ਤੇ ਸਕੱਤਰ ਕੁਲਦੀਪ ਸਿੰਘ ਭਾਗੋਵਾਲ, ਰੇਂਜ ਕਾਦੀਆਂ ਦੇ ਪ੍ਰਧਾਨ ਨਿਰਮਲ ਸਿੰਘ ਤੇ ਸਕੱਤਰ ਜਗਮੋਹਨ ਸਿੰਘ ਅਤੇ ਰੇਂਜ ਗੁਰਦਾਸਪੁਰ ਦੇ ਪ੍ਰਧਾਨ ਬਲਵਿੰਦਰ ਸਿੰਘ ਤੇ ਸੁਰਿੰਦਰ ਕੁਮਾਰ ਨੇ ਕਿਹਾ ਕਿ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਵਣ ਮੰਤਰੀ ਕਟਾਰੂਚੱਕ ਨਾਲ ਅਨੇਕਾਂ ਮੀਟਿੰਗਾਂ ਹੋਈਆਂ।

ਵਣ ਮੰਤਰੀ ਵੱਲੋਂ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਵੀ ਮੰਨਿਆ ਜਾਂਦਾ ਸੀ ਪਰ ਵਿਭਾਗੀ ਅਧਿਕਾਰੀਆ ਵੱਲੋਂ ਮੰਗਾਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਸੀ। ਇਸ ਮੌਕੇ ਲਛਮਣ ਸਿੰਘ, ਨਰਿੰਦਰ ਪਾਲ ਸਿੰਘ ਪਠਾਨਕੋਟ ਤੇ ਕਵੀ ਕੁਮਾਰ ਕਿਹਾ ਨੇ ਕਿ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਵਿੱਚ ਕੰਮ ਕਰਦੇ ਡੇਲੀਵੇਜ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਅਤੇ ਪੰਜਾਬ ਦੀ ਸੀਨੀਅਰਤਾ ਸੂਚੀ ਫਾਈਨਲ ਕਰਵਾਉਣ ਲਈ ਅਤੇ ਹੋਰ ਮੰਗਾਂ ਨੂੰ ਲੈ ਕੇ ਜਥੇਬੰਦੀ ਨੇ ਫੈਸਲਾ ਕੀਤਾ ਕਿ 17 ਜੂਨ ਨੂੰ ਸੂਬਾ ਪੱਧਰ 'ਤੇ ਵਣ ਮੰਤਰੀ ਦਾ ਹਲਕੇ ਭੋਆ 'ਚ ਰੋਸ ਰੈਲੀ ਕਰਨ ਉਪਰੰਤ ਝੰਡਾ ਮਾਰਚ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਬਲਵਿੰਦਰ ਸਿੰਘ ਅਲੀਵਾਲ, ਵਿਨੋਦ ਕੁਮਾਰ, ਸੰਤੋਖ ਸਿੰਘ ਕਸ਼ਮੀਰ ਸਿੰਘ ਆਦਿ ਵੀ ਹਾਜ਼ਰ ਸਨ।

ਤਰਨ ਤਾਰਨ 'ਚ ਗੁੰਡਾਗਰਦੀ ਦਾ ਨੰਗਾ ਨਾਚ, ਪੁਲਸ ਬਣੀ ਮੂਕਦਰਸ਼ਕ

ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)-ਜਿਲ੍ਹਾ ਤਰਨ ਤਾਰਨ ਅਤੇ ਥਾਣਾ ਸਿਟੀ ਤਰਨ ਤਾਰਨ ਦੇ ਅਧੀਨ ਪੈਂਦੇ ਮੁੱਹਲਾ ਨਾਨਕਸਰ ਵਿਖੇ ਲੁੱਟ ਖੋਹ ਦੀ ਮਨਸ਼ਾ ਨਾਲ ਕੁਝ ਨੌਜਵਾਨਾਂ ਵੱਲੋਂ ਦਿਨ ਦਿਹਾੜੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਇਕ ਔਰਤ ਨੂੰ ਗੰਭੀਰ ਜ਼ਖਮੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਦਕਿ ਇਸ ਘਟਨਾ ਨਾਲ ਇਲਾਕੇ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਥਾਣਾ ਸਿਟੀ ਤਰਨ ਤਾਰਨ ਦੀ ਪੁਲਸ ਵੱਲੋਂ ਮਾਮਲੇ ਦੀ ਜਾਂਚ ਦਾ ਕਹਿ ਕੇ ਪੱਲਾ ਝਾੜ ਦਿੱਤਾ ਗਿਆ ਹੈ। ਇਸ ਸਬੰਧ ਵਿੱਚ ਕਥਿਤ ਤੌਰ 'ਤੇ ਦੋਸ਼ ਲਗਾਉਂਦਿਆਂ ਦਲਜੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਅਤੇ ਜਸਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਮੁੱਹਲਾ ਨਾਨਕਸਰ ਨੇ ਦੱਸਿਆ ਕਿ ਬੀਤੇ ਦਿਨੀਂ ਉਸਦਾ ਪਤੀ ਹਰਜਿੰਦਰ ਸਿੰਘ ਆਪਣੇ ਘਰ ਦੇ ਬਾਹਰ ਖੜਾ ਸੀ ਤੇ ਤਰਨ ਤਾਰਨ ਦੇ ਹੀ ਕੁਝ ਨੌਜਵਾਨ ਜਗਰੂਪ ਸਿੰਘ ਮੱਲ੍ਹੀ ਤੇ ਰਜਿੰਦਰ ਸਿੰਘ ਮੱਲ੍ਹੀ ਆਪਣੇ ਸਾਥੀਆਂ ਨਾਲ ਆਏ ਤੇ ਉਨ੍ਹਾਂ ਪਿਸਤੌਲ ਦੀ ਨੋਕ 'ਤੇ ਉਸਦੇ ਪਤੀ ਕੋਲੋਂ ਪੈਸੇ ਖੋਹਣ ਦੀ ਕੋਸ਼ਿਸ਼ ਕੀਤੀ। ਜਦੋਂ ਉਨਾਂ ਦੀਆਂ ਚੀਕਾਂ ਸੁਣ ਕੇ ਅਸੀਂ ਸਾਰਾ ਪਰਿਵਾਰ ਬਾਹਰ ਨਿਕਲਿਆ ਤਾਂ ਉਕਤ ਵਿਅਕਤੀ ਅੰਨ੍ਹੇਵਾਹ ਫਾਇਰਿੰਗ ਕਰਦੇ ਭੱਜ ਗਏ। ਅਗਲੇ ਦਿਨ ਇਸੇ ਹੀ ਰੰਜਿਸ਼ ਦੇ ਤਹਿਤ ਉਨ੍ਹਾਂ ਫਿਰ ਤੋਂ ਹਮਸਲਾਹ ਹੋ ਕੇ ਆਪਣੇ 5/7 ਅਣਪਛਾਤੇ ਸਾਥੀਆਂ ਨਾਲ ਹਮਲਾ ਕਰ ਦਿੱਤਾ ਤੇ ਘਰ ਅੰਦਰ ਸਿੱਧੀ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ। ਤੇ ਇੱਕ ਗੋਲੀ ਉਸਦੇ ਪੈਰ ਵਿੱਚ ਜਾ ਕੇ ਵੱਜੀ। ਰੌਲਾ ਪਾਇਆ ਤਾਂ ਉਕਤ ਵਿਅਕਤੀ ਮੌਕੇ ਤੋਂ ਫਰਾਰ ਹੋ ਗਏ ਅਤੇ ਜਾਂਦੇ-ਜਾਂਦੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦੇ ਗਏ।

ਪੀੜਤ ਦਲਜੀਤ ਸਿੰਘ ਨੇ ਦੋਸ਼ ਲਗਾਇਆ ਕਿ ਪੁਲਸ ਦੋਸ਼ੀਆਂ ਦੇ ਖਿਲਾਫ ਕੋਈ ਕਾਰਵਾਈ ਨਹੀਂ ਕਰ ਰਹੀ। ਉਲਟਾ ਉਨ੍ਹਾਂ 'ਤੇ ਹੀ ਦਬਾਅ ਬਣਾਇਆ ਜਾ ਰਿਹਾ ਹੈ। ਮੌਕੇ ਤੇ ਪਹੁੰਚੇ ਡੀਐੱਸਪੀ ਸਿਟੀ ਜੇ. ਐਸ. ਢਿੱਲੋਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆਂ ਕਿ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ ਤੇ ਦੋਸ਼ੀਆਂ ਦੀ ਭਾਲ ਜਾਰੀ ਹੈ। ਜੋ ਵੀ ਦੋਸ਼ੀ ਪਾਇਆ ਗਿਆ ਉਸਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਮੰਗਾਂ ਨੂੰ ਲੈ ਕੇ ਪੈਨਸ਼ਨਰਾਂ ਨੇ ਰੋਸ ਰੈਲੀ ਕੱਢੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸਾਂਝੇ ਮੋਰਚੇ ਦੇ ਸੱਦੇ 'ਤੇ ਰੋਸ ਰੈਲੀ ਕੱਢੀ ਗਈ ਜਿਸ ਦੀ ਪ੍ਰਧਾਨਗੀ ਸੰਦੀਪ ਕੁਮਾਰ ਅਤੇ ਪ੍ਰਧਾਨ ਮੁਖਤਾਰ ਸਿੰਘ ਨੇ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਸਾਬਕਾ ਸਰਕਲ ਸਕੱਤਰ ਰਵਿਦਾਸ ਸੈਣੀ ਅਤੇ ਪੈਨਸ਼ਨ ਐਸੋਸੀਏਸ਼ਨ ਦੇ ਮੰਡਲ ਪ੍ਰਧਾਨ ਦੇਸਰਾਜ ਨੇ ਕਿਹਾ ਕਿ ਪਾਵਰ ਕਾਰਪੋਰੇਸਨ ਨੇ 295/19 ਮੁਲਾਜ਼ਮਾਂ ਦੀਆਂ ਤਨਖਾਹਾਂ ਰੋਕ ਕੇ ਬਹੁਤ ਧੱਕਾ ਕੀਤਾ ਹੈ ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਦੋਂ ਕਿ ਸਾਰੇ ਮੁਲਾਜਮਾਂ ਨੇ ਤਿੰਨ ਸਾਲ ਦਾ ਪ੍ਰੋਬੇਸਨ ਪੀਰੀਅਡ ਪੂਰਾ ਕਰ ਲਿਆ ਹੈ, ਪਰ ਉਨ੍ਹਾਂ ਦੀ ਪੂਰੀ ਤਨਖਾਹ ਬਕਾਇਆ ਸੀ। ਪਾਵਰਕੋਮ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ। ਵਾਰ-ਵਾਰ ਮੀਟਿੰਗਾਂ ਕਰਕੇ ਟਾਲਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਜੇਕਰ ਇਨ੍ਹਾਂ ਕਾਮਰੇਡਾਂ ਦੀਆਂ ਤਨਖਾਹਾਂ ਜਾਰੀ ਨਾ ਕੀਤੀਆਂ ਗਈਆਂ ਤਾਂ ਸਾਂਝੇ ਮੰਚਾਂ ਦੇ ਸੱਦੇ 'ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ ਜਿਸ ਤਹਿਤ 14 ਜੂਨ ਨੂੰ ਅਗਲੇ ਫੈਸਲੇ ਤੱਕ ਸਾਰੇ ਮੁਲਾਜ਼ਮ ਵਰਕ ਟੂ ਰੂਲ ਅਨੁਸਾਰ ਕੰਮ ਕਰਨਗੇ। ਰੈਲੀ ਵਿੱਚ ਸੰਦੀਪ ਕੁਮਾਰ, ਠਾਕੁਰ ਕੁਲਬੀਰ ਸਿੰਘ, ਰਾਜੇਸ ਸੈਣੀ, ਅਨਿਲ ਕੁਮਾਰ, ਵਿਜੇ ਕੁਮਾਰ, ਦਰਸਨ ਸਿੰਘ, ਜੋਗਿੰਦਰ ਪਾਲ ਆਦਿ ਹਾਜ਼ਰ ਸਨ।

ਡੱਲੇਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ 'ਚ ਰਸਤੇ ਜਾਮ

ਮਜੀਠਾ (ਸੋਇਮ ਆਨੰਦ)-ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਜੋ ਕਿ ਬੀਤੇ ਦਿਨਾਂ ਤੋਂ ਪਟਿਆਲਾ ਵਿਖੇ ਪਾਵਰਕਾਮ ਦੇ ਮੁੱਖ ਦਫਤਰ ਮੂਹਰੇ ਧਰਨਾ ਲਾ ਕੇ ਬੈਠੇ ਸੀ, ਬਾਅਦ ਵਿੱਚ ਇਹ ਧਰਨਾ ਭੁੱਖ ਹੜਤਾਲ ਵਿੱਚ ਤਬਦੀਲ ਕਰ ਦਿੱਤਾ ਪਰ ਪੰਜਾਬ ਪੁਲਸ ਵੱਲੋਂ ਸ਼ਾਂਤਮਈ ਧਰਨਾ ਦੇ ਰਹੇ ਮਜ਼ਦੂਰਾਂ, ਕਿਸਾਨਾਂ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ ਸੀ, ਜਿਸ ਦੇ ਰੋਸ ਵਜੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ, ਜ਼ਿਲ੍ਹਾ ਸਕੱਤਰ ਪਲਵਿੰਦਰ ਸਿੰਘ ਮਾਹਲ ਤੇ ਮਜੀਠਾ ਬਲਾਕ ਦੇ ਪ੍ਰਧਾਨ ਗੁਰਮੇਜ ਸਿੰਘ ਥਰੀਏਵਾਲ ਦੀ ਅਗਵਾਈ ਵਿੱਚ ਕਿਸਾਨ ਆਗੂ ਡੱਲੇਵਾਲ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਟੋਲ ਪਲਾਜ਼ਾ ਕੱਥੂ ਨੰਗਲ ਤੇ ਬਟਾਲਾ ਨੂੰ ਜਾਂਦੀਆਂ ਲਿੰਕ ਸੜਕਾਂ ਤੇ ਧਰਨਾ ਲਾ ਕੇ ਆਵਾਜਾਈ ਨੂੰ ਪੂਰੀ ਤਰ੍ਹਾਂ ਠੱਪ ਕਰ ਦਿੱਤਾ। ਇਸ ਦੌਰਾਨ ਥਾਣਾ ਕੱਥੂਨੰਗਲ ਦੀ ਪੁਲਸ ਵੱਲੋਂ ਧਰਨਾ ਦੇ ਰਹੇ ਕਿਸਾਨ ਆਗੂਆਂ ਅਤੇ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਜਿਨ੍ਹਾਂ ਵਿੱਚੋਂ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ, ਜ਼ਿਲ੍ਹਾ ਜਰਨਲ ਸਕੱਤਰ ਪਲਵਿੰਦਰ ਸਿੰਘ ਮਾਹਲ, ਬਲਾਕ ਮਜੀਠਾ ਦੇ ਪ੍ਰਧਾਨ ਗੁਰਮੇਜ ਸਿੰਘ ਥਾਰੀਏਵਾਲ, ਮੇਜਰ ਸਿੰਘ ਗੱਗੋਮਾਹਲ, ਮਾਹਲ ਸਿੰਘ ਨੰਗਲੀ, ਜਗਜੀਤ ਸਿੰਘ ਕੁਹਾਲੀ, ਹਰਮਨ ਸਿੰਘ ਮਾਨਾਵਾਲਾ, ਮੇਜਰ ਸਿੰਘ ਮੁਰਾਦਪੁਰਾ, ਜਸਬੀਰ ਸਿੰਘ ਮੂਧਲ, ਸਾਹਿਬ ਸਿੰਘ ਆਦਿ ਨੂੰ ਆਪਣੀ ਹਿਰਾਸਤ ਵਿਚ ਲੈਣ ਦੀ ਜਾਣਕਾਰੀ ਮਿਲੀ ਹੈ। ਉਥੇ ਹੀ ਪੁਲਸ ਪ੍ਰਸ਼ਾਸਨ ਤੇ ਥਾਣਾ ਕੱਥੂਨੰਗਲ ਦੇ ਥਾਣਾ ਮੁਖੀ ਨਾਲ ਪੱਤਰਕਾਰ ਭਾਈਚਾਰੇ ਨੇ ਇਸ ਬਾਰੇ ਗੱਲਬਾਤ ਕਰਨ ਦੀ ਕੋਸ਼ਿਸ਼ ਕਰਨੀ ਚਾਹੀ ਤਾਂ ਉਨ੍ਹਾਂ ਵੱਲੋਂ ਜਾਣਕਾਰੀ ਦੇਣ ਤੋਂ ਸਾਫ ਇਨਕਾਰ ਕਰ ਦਿੱਤਾ ਗਿਆ।

ਬੱਚਿਆਂ ਦਾ ਤੀਸਰਾ ਹਫਤਾਵਾਰੀ ਗੁਰਮਤਿ ਸਮਰ ਕੈਂਪ

ਧਾਰੀਵਾਲ,13 ਜੂਨ (ਮਨਦੀਪ ਸਿੰਘ ਵਿੱਕੀ)-ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਤਬੀਰ ਸਿੰਘ ਓਐਸਡੀ ਪ੍ਰਧਾਨ ਸ਼੍ਰੋਮਣੀ ਕਮੇਟੀ ਤੇ ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਵਿਸ਼ੇਸ਼ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੇ ਗੁਰਦੁਆਰਾ ਦਮਦਮਾ ਸਾਹਿਬ ਮਨੋਹਰਪੁਰ ਵਿਖੇ ਬੀਤੇ ਸੱਤ ਦਿਨਾਂ ਤੋਂ ਬੱਚਿਆਂ ਦਾ ਗੁਰਮਤਿ ਸਮਰ ਕੈਂਪ ਲਗਾਇਆ ਗਿਆ। ਇਸ ਗੁਰਮਤਿ ਸਮਰ ਕੈਂਪ ਵਿੱਚ ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਲਾਲ ਸਿੰਘ ਕਵੀਸ਼ਰ, ਭਾਈ ਗੁਰਪਿੰਦਰ ਸਿੰਘ, ਭਾਈ ਜਗਜੀਤ ਸਿੰਘ, ਭਾਈ ਖੁਸ਼ਵੰਤ ਸਿੰਘ ਅਤੇ ਭਾਈ ਸਿਮਰਨਜੀਤ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਰਸੂਲਪੁਰ ਵਿਖੇ 35 ਬੱਚਿਆਂ ਨੂੰ ਸੱਤ ਦਿਨ ਇਕੱਤਰ ਕਰਕੇ ਸਿੱਖ ਧਰਮ ਦੀ ਮੁੱਢਲੀ ਸਿੱਖਿਆ, ਗੁਰਬਾਣੀ, ਸਿੱਖ ਇਤਿਹਾਸ ਅਤੇ ਰਹਿਤ ਮਰਿਯਾਦਾ ਦੀ ਸਿੱਖਿਆ ਦਿੱਤੀ ਗਈ। ਗੁਰਮਤਿ ਸਮਰ ਕੈਂਪ ਦੀ ਸੰਪੂਰਨਤਾ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੇ ਵਿਸੇਸ ਤੌਰ ਤੇ ਪਹੁੰਚ ਕੇ ਬੱਚਿਆਂ ਨੂੰ ਸੱਤ ਦਿਨ ਦੋਰਾਨ ਦਿੱਤੀ ਗਈ ਧਾਰਮਿਕ ਸਿੱਖਿਆ ਬੱਚਿਆਂ ਦੇ ਮਾਪਿਆਂ, ਸੰਗਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੇ ਮੋਹਤਬਰਾਂ ਦੀ ਹਾਜਰੀ ਵਿੱਚ ਦਸ ਗੁਰੂ ਸਾਹਿਬਾਨ, ਪੰਜ ਪਿਆਰੇ ਸਾਹਿਬਾਨ, ਚਾਰ ਸਾਹਿਬਜ਼ਾਦਿਆਂ, ਪੰਜ ਤਖਤ ਸਾਹਿਬ,ਪੰਜ ਕਕਾਰ ਸਮੇਤ ਗੁਰੂ ਸਾਹਿਬਾਨ ਦੇ ਜੀਵਨ ਅਤੇ ਸਿੱਖ ਇਤਿਹਾਸ ਦੇ ਨਾਲ ਸਬੰਧਤ ਸਵਾਲ ਪੁੱਛੇ ਗਏ ਜਿਨ੍ਹਾਂ ਦਾ ਬੱਚਿਆਂ ਵੱਲੋਂ ਸਟੇਜ ਤੇ ਆ ਕੇ ਬਾਖੂਬੀ ਜਵਾਬ ਦਿਤੇ ਗਏ। ਇਸ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੰਬੋਧਤ ਹੁੰਦਿਆਂ ਕਿਹਾ ਕਿ ਇਹ ਕੈਂਪ ਲਗਾਉਣ ਦਾ ਮੁੱਖ ਮਕਸਦ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨਾ ਅਤੇ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ। ਜਥੇਦਾਰ ਗੋਰਾ ਨੇ ਗੁਰਮਤਿ ਸਮਰ ਕੈਂਪ ਵਿੱਚ ਭਾਗ ਲੈਣ ਬੱਚਿਆਂ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਗਏ ਮੈਡਲ, ਧਾਰਮਿਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ।

ਸੁਭਾਸ਼ ਚੰਦਰ ਨੇ ਬਤੌਰ ਏਡੀਸੀ (ਜ) ਗੁਰਦਾਸਪੁਰ ਅਹੁਦਾ ਸੰਭਾਲਿਆ

ਡੇਰਾ ਬਾਬਾ ਨਾਨਕ, ਗੁਰਦਾਸਪੁਰ (ਰਮੇਸ਼ ਸ਼ਰਮਾ/ਜਨਕ ਮਹਾਜਨ)- ਸ੍ਰੀ ਸੁਭਾਸ਼ ਚੰਦਰ ਨੇ ਬਤੌਰ ਏਡੀਸੀ (ਜ) ਗੁਰਦਾਸਪੁਰ ਵਜੋਂ ਅਹੁਦਾ ਸੰਭਾਲ ਲਿਆ ਹੈ। ਸੰਨ 2004 ਬੈਚ ਦੇ ਪੀ.ਸੀ.ਐੱਸ. ਅਧਿਕਾਰੀ ਸ੍ਰੀ ਸੁਭਾਸ਼ ਚੰਦਰ ਜ਼ਿਲ੍ਹਾ ਮੋਗਾ ਤੋਂ ਵਧੀਕ ਡਿਪਟੀ ਕਮਿਸ਼ਨਰ (ਜ) ਦੇ ਅਹੁਦੇ ਤੋਂ ਬਦਲ ਕੇ ਗੁਰਦਾਸਪੁਰ ਵਿਖੇ ਆਏ ਹਨ। ਸ੍ਰੀ ਸੁਭਾਸ਼ ਚੰਦਰ ਇਸ ਤੋਂ ਪਹਿਲਾਂ 19 ਜੁਲਾਈ 2018 ਤੋਂ 20 ਫਰਵਰੀ 2019 ਤੱਕ ਵੀ ਗੁਰਦਾਸਪੁਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ। ਅਹੁਦਾ ਸੰਭਾਲਣ ਉਪਰੰਤ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਨੇ ਕਿਹਾ ਕਿ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਹੇਠਲੇ ਪੱਧਰ ਤੱਕ ਲਾਭ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ ਤੇ ਹਰੇਕ ਵਿਅਕਤੀ ਦੀ ਸਮੱਸਿਆ ਪਹਿਲ ਦੇ ਆਧਾਰ 'ਤੇ ਹੱਲ ਕੀਤੀ ਜਾਵੇਗੀ। ਉਨ੍ਹਾਂ ਦਫਤਰ ਦੇ ਕਰਮਚਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਦਫ਼ਤਰ ਵਿਚ ਆਉਣ ਵਾਲੇ ਹਰੇਕ ਵਿਅਕਤੀ ਦੇ ਕੰਮ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣ ਅਤੇ ਸਰਕਾਰ ਦੀਆਂ ਸਕੀਮਾਂ ਸੁਚਾਰੂ ਢੰਗ ਨਾਲ ਲਾਗੂ ਕੀਤੀਆਂ ਜਾਣ। ਉਨ੍ਹਾਂ ਗੁਰਦਾਸਪੁਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਮੁਸ਼ਕਿਲ ਸਬੰਧੀ ਉਨ੍ਹਾਂ ਨਾਲ ਸਿੱਧਾ ਰਾਬਤਾ ਵੀ ਕਾਇਮ ਕਰ ਸਕਦੇ ਹਨ।

ਰਜਬਾਹੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਪਿੰਡ ਹੱਲਾਚਾਹੀਆ ਨੇੜੇ ਸੜਕ ਵਿਚਕਾਰੋਂ ਵਗਦੇ ਰਜਵਾਹੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਇਥੇ ਹਰ ਸਮੇਂ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਸ ਰਜਬਾਹੇ ਵਿਚ ਲੰਬੀ-ਲੰਬੀ ਜੜੀ ਬੂਟੀ ਉਘੀ ਪਈ ਹੈ ਜਿਸ ਕਰਕੇ ਵਰਖਾ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਹੀਂ ਹੁੰਦਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਇਲਾਵ

14-Jun-PAGE- 12 qxd.qxd 6/13/2023 10:46 PM Page 1

ਡਿਪਟੀ ਕਮਿਸ਼ਨਰ ਨੇ ਲਿਆ ਵਿਕਾਸ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)

ਡਿਪਟੀ ਕਮਿਸ਼ਨਰ ਕੈਪਟਨ ਕਰਨੈਲ ਸਿੰਘ ਨੇ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਸਮਾਰਟ ਸਿਟੀ ਪ੍ਰਾਜੈਕਟਾਂ ਬਾਰੇ ਸਿਟੀ ਲੈਵਲ ਟੈਕਨੀਕਲ ਕਮੇਟੀ ਦੀ ਮੀਟਿੰਗ ਦੌਰਾਨ ਵਿਕਾਸ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਐਸ.ਡੀ.ਐਮ ਸੁਲਤਾਨਪੁਰ ਲੋਧੀ ਤੇ ਹੋਰਨਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਟੈਕਨੀਕਲ ਕਮੇਟੀ ਦੇ ਮੈਂਬਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਮਾਰਟ ਸਿਟੀ ਪ੍ਰਾਜੈਕਟਾਂ ਸਬੰਧੀ ਵੱਖ-ਵੱਖ ਪ੍ਰਸ਼ਾਸਕੀ ਪ੍ਰਵਾਨਗੀਆਂ,ਟੈਂਡਰਾਂ ਦੀ ਪ੍ਰਕਿਰਿਆ ਵਿਚ ਤੇਜ਼ੀ ਲਿਆਉਣ ਤਾਂ ਜੋ ਜ਼ਮੀਨੀ ਪੱਧਰ 'ਤੇ ਕੰਮਾਂ ਨੂੰ ਜਲਦ ਨੇਪਰੇ ਚਾੜ੍ਹਿਆ ਜਾ ਸਕੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਪਵਿੱਤਰ ਨਗਰੀ ਵਿਖੇ ਸਮਾਰਟ ਸਿਟੀ ਤਹਿਤ ਸੀ.ਸੀ.ਟੀ.ਵੀ. ਲਗਾਉਣ ਤੇ ਉਨ੍ਹਾਂ ਨੂੰ ਕੇਂਦਰੀਕ੍ਰਿਤ ਕੰਟਰੋਲ ਕੇਂਦਰ ਨਾਲ ਜੋੜਨ ਸ਼ਹਿਰ ਦੀ ਸੁਰੱਖਿਆ ਵਿਵਸਥਾ ਨੂੰ ਹੋਰ ਬਿਹਤਰੀਨ ਕੀਤਾ ਜਾ ਸਕੇਗਾ। ਇਸ ਨਾਲ ਨਾ ਸਿਰਫ ਰੋਜ਼ਮੱਰਾ ਦੀ ਸੁਰੱਖਿਆ ਵਿਵਸਥਾ ਵਿਚ ਵੱਡਾ ਸੁਧਾਰ ਹੋਵੇਗਾ ਸਗੋਂ ਵੱਡੇ ਸਮਾਜਿਕ ਤੇ ਧਾਰਮਿਕ ਸਮਾਗਮਾਂ ਮੌਕੇ ਸੁਰੱਖਿਆ ਪ੍ਰਬੰਧਾਂ ਵਿਚ ਵੱਡੀ ਮਦਦ ਮਿਲੇਗੀ। ਡਿਪਟੀ ਕਮਿਸ਼ਨਰ ਵਲੋਂ ਸਿੰਗਲ ਯੂਜ ਪਲਾਸਟਿਕ ਦੀ ਵਰਤੋਂ ਰੋਕਣ ਤੇ ਉਸਦੇ ਨਿਪਟਾਰੇ ਲਈ ਬੋਟਲ ਕਰਸ਼ਿੰਗ ਮਸ਼ੀਨ ਤੇ ਵਾਟਰ ਏ.ਟੀ.ਐਮਜ਼ ਦੀ ਸਥਾਪਨਾ ਸਬੰਧੀ ਚੱਲ ਰਹੀ ਗਤੀਵਿਧੀ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਸ਼ਹਿਰ ਅੰਦਰ ਠੋਸ ਰਹਿੰਦ-ਖੂੰਹਦ ਦੇ ਪ੍ਰਬੰਧਨ, ਸੀਵਰੇਜ਼ ਵਿਵਸਥਾ, ਐਸ.ਟੀ.ਪੀਜ਼ ਰਾਹੀਂ ਗੰਦੇ ਪਾਣੀ ਨੂੰ ਸਾਫ ਕਰਕੇ ਵਰਤਣ, ਸਮਾਰਟ ਸਕੂਲਾਂ ਤੇ ਆਂਗਣਵਾੜੀ ਦੀ ਉਸਾਰੀ ਦਾ ਵੀ ਜਾਇਜ਼ਾ ਲਿਆ ਗਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਪ੍ਰੀਤ ਕੌਰ ਸੰਧੂ, ਐਸ.ਡੀ.ਐਮ. ਸੁਲਤਾਨਪੁਰ ਲੋਧੀ ਚੰਦਰਜੋਤੀ, ਨਗਰ ਕੌਂਸਲ, ਸੀਵਰੇਜ਼ ਬੋਰਡ, ਪਾਵਰਕਾਮ ਤੇ ਸਕੂਲੀ ਸਿੱਖਿਆ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

ਖੇਤੀਬਾੜੀ ਵਿਭਾਗ ਦੀ ਟੀਮ ਨੇ ਇਕ ਏਕੜ 'ਚ ਲੱਗਿਆ ਝੋਨਾ ਵਹਾਇਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਸੁਲਤਾਨਪੁਰ ਲੋਧੀ ਦੇ ਨੇੜਲੇ ਪਿੰਡ ਮਾਛੀ ਜੋਆ ਵਿੱਚ ਇਕ ਕਿਸਾਨ ਵੱਲੋਂ ਸਮੇਂ ਤੋਂ ਪਹਿਲਾਂ ਤਕਰੀਬਨ ਇਕ ਏਕੜ ਵਿਚ ਲੱਗਿਆ ਝੋਨਾ ਵਹਾਇਆ ਗਿਆ। ਖੇਤੀਬਾੜੀ ਮਹਿਕਮੇ ਦੀ ਟੀਮ, ਜਿਸ ਵਿਚ ਡਾਕਟਰ ਬਲਬੀਰ ਚੰਦ ਮੁੱਖ ਖੇਤੀਬਾੜੀ ਅਫਸਰ ਕਪੂਰਥਲਾ ਦੇ ਨਿਰਦੇਸ਼ਾਂ 'ਤੇ ਡਾਕਟਰ ਅਸ਼ਵਨੀ ਕੁਮਾਰ ਅਤੇ ਪਰਮਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਸੁਲਤਾਨਪੁਰ ਲੋਧੀ ਨੇ ਖੇਤ ਵਿਚ ਪੁੱਜ ਕੇ ਕਿਸਾਨ ਸੁਰਿੰਦਰ ਸਿੰਘ ਸਪੁੱਤਰ ਬਲਵੰਤ ਸਿੰਘ ਪਿੰਡ ਮਾਛੀ ਜੋਆ ਨੂੰ ਸਮੇਂ ਤੋਂ ਪਹਿਲਾਂ ਝੋਨਾ ਲਾਉਣ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਆਪਣੀ ਗਲਤੀ ਜਾਹਿਰ ਕਰਦਿਆਂ ਮੰਨਿਆ ਕਿ ਮੈਨੂੰ ਪਤਾ ਨਹੀਂ ਸੀ ਕਿ ਝੋਨਾ ਕਦੋਂ ਲਗਾਉਣਾ ਹੈ। ਉਸ ਨੇ ਖੁਦ ਆਪਣੇ ਟਰੈਕਟਰ ਨਾਲ ਉਸੇ ਟਾਈਮ ਮੌਕੇ 'ਤੇ ਹੀ ਆਪ ਝੋਨਾ ਵਾਹਿਆ। ਖੇਤੀਬਾੜੀ ਵਿਸਥਾਰ ਅਫਸਰ ਉਸ ਨੂੰ ਪੰਜਾਬ ਸਰਕਾਰ ਦੀਆਂ 19 ਜੂਨ ਤੋਂ ਝੋਨਾ ਲਾਉਣ ਦੀਆਂ ਹਦਾਇਤਾਂ ਸਬੰਧੀ ਜਦੋਂ ਸਮਝਾਇਆ ਅਤੇ ਇਸ ਲੱਗੇ ਹੋਏ ਝੋਨੇ ਨੂੰ ਗੈਰ ਕਾਨੂੰਨੀ ਦੱਸਿਆ ਤਾਂ ਉਹ ਕਿਸਾਨ ਆਪਣੇ ਲਾਏ ਹੋਏ ਝੋਨੇ ਨੂੰ ਵਾਹੁਣ ਲਈ ਖੁਦ ਰਾਜੀ ਹੋ ਗਿਆ ਹੈ।

ਇਸ ਮੌਕੇ ਐਸ ਡੀ ਐਮ ਸੁਲਤਾਨਪੁਰ ਲੋਧੀ ਚੰਦਰਜੋਯਤੀ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਵੀਰ ਸਰਕਾਰ ਵੱਲੋਂ ਨਿਰਧਾਰਤ ਕੀਤੀ ਤਰੀਕ 19 ਜੂਨ ਤੋਂ ਪਹਿਲਾਂ ਨਾ ਲਗਾਉਣ ਅਤੇ ਆਉਣ ਵਾਲੇ ਸੀਜਨ ਵਿੱਚ ਪਰਾਲੀ ਦੀ ਸਾਂਭ ਸੰਭਾਲ ਲਈ ਖੇਤੀ ਮਸ਼ੀਨਾਂ ਸਬਸਿਡੀ ਤੇ ਲੈਣ ਲਈ ਖੇਤੀਬਾੜੀ ਵਿਭਾਗ ਦੇ ਆਨਲਾਈਨ ਪੋਰਟਲ 'ਤੇ 16 ਜੁਲਾਈ ਤੋਂ ਪਹਿਲਾਂ ਪਹਿਲਾਂ ਅਪਲਾਈ ਕਰਨ।

ਬੁੱਢਾ ਦਲ ਨੇ ਕਿਲ੍ਹਾ ਲੋਹਗੜ੍ਹ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦਾ ਸ਼ਹੀਦੀ ਦਿਹਾੜਾ ਮਨਾਇਆ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਗੁਰਦੁਆਰਾ ਯਾਦਗਾਰ ਬਾਬਾ ਬੰਦਾ ਸਿੰਘ ਬਹਾਦਰ ਕਿਲ੍ਹਾ ਲੋਹਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦਾ ਸ਼ਹੀਦੀ ਦਿਹਾੜਾ ਗੁਰਮਤਿ ਸਮਾਗਮ ਕਰਕੇ ਪੂਰਨ ਸਿੱਖੀ ਰਹੁ ਰੀਤਾਂ ਤੇ ਸਿੱਖ ਪ੍ਰੰਪਰਾਵਾਂ ਅਨੁਸਾਰ ਚੜ੍ਹਦੀ ਕਲਾ 'ਚ ਮਨਾਇਆ ਗਿਆ। ਬੁੱਢਾ ਦਲ ਦੇ ਨਿਹੰਗ ਸਿੰਘਾਂ ਦੀ ਛਾਉਣੀ ਗੁਰਦੁਆਰਾ ਗੁਰੂ ਕਾ ਬਾਗ਼ ਤੋਂ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਲਿਖਤੀ ਪ੍ਰੈਸ ਨੋਟ ਵਿਚ ਦਸਿਆ ਗਿਆ ਹੈ ਕਿ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਦਲ ਪੰਥ ਬੁੱਢਾ ਦਲ ਵਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਅਦੁਤੀ ਇਲਾਹੀ ਬਾਣੀ ਦੇ ਆਖੰਡ ਪਾਠ ਦੇ ਭੋਗ ਦੀ ਅਰਦਾਸ ਭਾਈ ਸੁਖਵਿੰਦਰ ਸਿੰਘ ਮੋਰ ਮੁੱਖ ਪ੍ਰਚਾਰਕ ਬੁੱਢਾ ਦਲ ਨੇ ਕੀਤੀ। ਉਪਰੰਤ ਗੁਰਬਾਣੀ ਦਾ ਮਨੋਹਰ ਕੀਤਰਨ ਨਿਹੰਗ ਸਿੰਘਾਂ ਦੇ ਵੱਖ-ਵੱਖ ਜਥਿਆਂ ਵੱਲੋਂ ਕੀਤਾ ਗਿਆ। ਪੰਥ ਦੇ ਪ੍ਰਸਿੱਧ ਢਾਡੀ ਜਥੇਦਾਰ ਭਾਈ ਲਖਵਿੰਦਰ ਸਿੰਘ ਪਾਰਸ ਨੇ ਗੁਰ ਇਤਿਹਾਸ ਗੁਰਬਾਣੀ ਵਿਖਿਆਨ ਰਾਹੀ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਾਨਾਮੱਤੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਲਾਸਾਨੀ ਤੇ ਅਦਭੁਤ ਹੈ ਇਸ ਦੀ ਮਿਸਾਲ ਕਿਸੇ ਹੋਰ ਇਤਿਹਾਸ ਵਿਚ ਨਹੀਂ ਮਿਲਦੀ ਹੈ। ਜਿਸ ਨਿਰਭੈਤਾ ਅਤੇ ਦਾਰਸ਼ਨਿਕ ਸੋਚ ਅਨੁਸਾਰ ਬੰਦਾ ਸਿੰਘ ਨੇ ਆਪਣੀ ਤੇ ਆਪਣੇ ਪੁੱਤਰ ਦੀ ਸ਼ਹਾਦਤ ਦਿਤੀ ਉਹ ਬੇਮਿਸਾਲ ਹੈ। ਇਸ ਉਪਰੰਤ ਉਹ ਆਪਣੇ ਜਥੇ ਸਮੇਤ ਗੁਰਦੁਆਰਾ ਤੰਬੂ ਸਾਹਿਬ ਪਾਤਸ਼ਾਹੀ ਪਹਿਲੀ ਕੋਪਾਲਮੋਚਨ ਅਤੇ ਗੁਰਦੁਆਰਾ ਅੰਗੀਠਾ ਸ਼ਹੀਦ ਬਾਬਾ ਤਪਾ ਸਿੰਘ ਜੀ ਛਛਰੋਲੀ ਵਿਖੇ ਵੀ ਉਚੇਚੇ ਤੌਰ 'ਤੇ ਪੁੱਜੇ ਅਤੇ ਛਾਵਨੀਆਂ ਦਾ ਨਿਰੀਖਣ ਕੀਤਾ। ਇਸ ਸਮੇਂ ਬਾਬਾ ਮਲੂਕ ਸਿੰਘ ਲਾਡੀ ਅਨੰਦਪੁਰ ਸਾਹਿਬ, ਬਾਬਾ ਸੁਖਵਿੰਦਰ ਸਿੰਘ ਮੋਰ ਦਮਦਮਾ ਸਾਹਿਬ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਲਛਮਣ ਸਿੰਘ, ਬਾਬਾ ਚਰਨ ਸਿੰਘ, ਬਾਬਾ ਗੁਰਮੁਖ ਸਿੰਘ, ਬਾਬਾ ਕਰਮ ਸਿੰਘ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਰਣਜੋਧ ਸਿੰਘ, ਬਾਬਾ ਸਰਬਜੀਤ ਸਿੰਘ ਡੀ.ਸੀ, ਬਾਬਾ ਕੁਲਦੀਪ ਸਿੰਘ, ਬਾਬਾ ਗੁਰਪਾਲ ਸਿੰਘ, ਬਾਬਾ ਦਲੀਪ ਸਿੰਘ ਮਹੰਤ ਛਛਰੋਲੀ, ਬਾਬਾ ਗੋਰਾ ਸਿੰਘ ਕੋਪਾਲਮੋਚਨ ਸਮੇਤ ਅਨੇਕਾਂ ਨਿਹੰਗ ਸਿੰਘ ਸ਼ਾਮਲ ਸਨ।

ਬੋਰਡ ਦੇ ਟਾਲ-ਮਟੋਲ ਵਾਲੇ ਰਵੱਈਏ ਵਿਰੁੱਧ ਬਿਜਲੀ ਕਾਮਿਆਂ ਵੱਲੋਂ ਅਰਥੀ ਫੂਕ ਮੁਜ਼ਾਹਰਾ

ਖਰੜ: (ਹਰਨਾਮ ਸਿੰਘ ਡੱਲਾ)

ਪੀ.ਐਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਬਿਜਲੀ ਦਫਤਰ ਖਰੜ ਸਿਟੀ , ਸਬ ਅਰਬਨ ਅਤੇ ਡਵੀਜਨ ਦਫਤਰ ਦੇ ਬਿਜਲੀ ਮੁਲਾਜਮਾਂ ਨੇ ਬੋਰਡ ਦੇ ਟਾਲ ਮਟੋਲ ਵਾਲੇ ਰਵਈਏ ਵਿਰੁੱਧ ਰੋਹ ਭਰਪੂਰ ਰੈਲੀ ਕੀਤੀ ਗਈ ਅਤੇ ਅਰਥੀ ਭਰਪੂਰ ਮੁਜਹਾਰੇ ਕੀਤੇ ਗਏ। ਜੁਆਇੰਟ ਫੋਰਮ ਮੈਂਬਰ ਸੁਖਵਿੰਦਰ ਸਿੰਘ ਦੁੱਮਣਾ ਨੇ ਦੱਸਿਆ ਕਿ ਜੁਆਇੰਟ ਫੋਰਮ ਨੂੰ ਉਮੀਦ ਸੀ ਕਿ ਪਾਵਰ ਮੈਨੇਜਮੈਂਟ ਮੁਲਾਜਮਾਂ ਦੀਆਂ ਸਮੱਸਿਆਵਾਂ ਨੂੰ ਸਮਝਦੀ ਹੋਈ ਇਨ੍ਹਾਂ ਦਾ ਹੱਲ ਕਰਨ ਦਾ ਯਤਨ ਕਰੇਗੀ, ਪਰੰਤੂ ਮੈਨੇਜਮੈਂਟ ਮੁਲਾਜਮ ਮਸਲੇ ਹੱਲ ਕਰਨ ਪ੍ਰਤੀ ਸੰਜੀਦਾ ਨਹੀਂ। ਮੁਲਾਜਮ ਮਸਲੇ ਜਿਵੇਂ ਸੀ.ਆਰ.ਏ. 295/19 ਰਾਹੀਂ ਨਿਯੁਕਤ ਸ.ਲ.ਮ. ਨੂੰ ਗਲਤ ਇਨਕੁਆਰੀਆਂ ਦੇ ਨਾਂਅ 'ਤੇ ਤੰਗ ਪ੍ਰੇਸ਼ਾਨ ਕਰਨ, ਪਰਖ ਕਾਲ ਸਮਾਂ ਪੂਰਾ ਕਰ ਚੁੱਕੇ ਮੁਲਾਜਮਾਂ ਨੂੰ ਪੂਰਾ ਤਨਖਾਹ ਸਕੇਲ ਦੇਣ, ਟੈਕਨੀਕਲ ਕਾਮਿਆਂ ਤੋਂ ਧੱਕੇ ਨਾਲ ਬਿਨਾਂ ਵਿੱਤੀ ਲਾਭ ਦਿੱਤੇ ਡਿਊਟੀਆਂ ਲੈਣ, ਧੱਕੇ ਨਾਲ ਮੋਬਾਇਲ ਅਲਾਊਂਸ ਕੱਟ ਕੇ ਜੀਓ ਦੇ ਸਿੰਮ ਦੇਣਾ, ਪੇ ਕਮਿਸ਼ਨ ਅਨੁਸਾਰ ਤਨਖਾਹ ਸਕੇਲ ਨਾ ਦੇਣਾ, ਵੇਜ ਫਾਰਮੂਲੇਸ਼ਨ ਕਮੇਟੀ ਵਿੱਚ ਨੁਮਾਇੰਦਗੀ ਦੇਣ, ਪੇ ਅਨਾਮਲੀਸ ਦੂਰ ਕਰਨਾ, 23 ਸਾਲਾਂ ਦੀ ਸੇਵਾ ਦਾ ਲਾਭ ਦੇਣ, ਸੀ.ਆਰ.ਏ. 293/19, 294/19, 295/19 ਅਤੇ 296/19 ਰਾਹੀਂ ਭਰਤੀ ਕਰਮਚਾਰੀਆਂ / ਅਧਿਕਾਰੀਆਂ ਉਪਰ ਛੇਵੇਂ ਪੇਅ ਕਮਿਸ਼ਨ ਦੀ ਥਾਂ ਸੱਤਵਾਂ ਪੇ ਕਮਿਸ਼ਨ ਲਾਗੂ ਕਰਨਾ ਭੱਤਿਆਂ ਵਿੱਚ ਯੋਗ ਵਾਧਾ, ਉੱਚ ਅਦਾਲਤਾਂ ਦੇ ਫੈਸਲੇ ਜਰਨਲਾਈਜ਼ ਕਰਨਾ, ਆਰ.ਟੀ.ਐਮ., ਓ.ਸੀ. ਸਮੇਤ ਹੋਰ ਕੈਟਾਗਰੀਆਂ ਨੂੰ ਪੇ ਬੈਂਡ ਦਾ ਲਾਭ ਦੇਣ ਆਦਿ 50 ਨੁਕਾਤੀ ਮੰਗ ਪੱਤਰ ਅਨੁਸਾਰ ਮੁਲਾਜਮ ਮਸਲੇ ਹੱਲ ਨਾ ਕਰਨ ਵਿਰੁੱਧ ਸਖਤ ਰੋਸ ਪਾਇਆ ਜਾ ਰਿਹਾ ਹੈ। ਇਸ ਲਈ ਬਿਜਲੀ ਕਾਮੇ 13 ਜੂਨ ਨੂੰ ਸਮੁੱਚੇ ਪੰਜਾਬ ਦੇ ਉਪ ਮਡੰਲ / ਮੰਡਲ ਦਫਤਰਾਂ ਅੱਗੇ ਰੋਸ ਰੈਲੀਆਂ ਕਰਨਗੇ ਅਤੇ 14 ਜੂਨ ਤੋਂ ਅਗਲੇ ਫੈਸਲੇ ਤੱਕ ਵਰਕ ਟੂ ਰੂਲ ਅਨੁਸਾਰ ਕੰਮ ਕਰਨਗੇ ਅਤੇ ਪਾਵਰਕਾਮ ਸਮੇਤ ਟਰਾਂਸਕੋ ਦੇ ਚੇਅਰਮੈਨਾਂ ਅਤੇ ਡਾਇਰੈਕਟਰਾਂ, ਬਿਜਲੀ ਮੰਤਰੀ ਪੰਜਾਬ ਦੇ ਫੀਲਡ ਵਿੱਚ ਦੌਰਿਆਂ ਸਮੇਂ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕਰਨਗੇ। 15 ਜੂਨ ਤੋਂ 23 ਜੂਨ ਤੱਕ ਸਰਕਲ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ ਅਤੇ ਸੂਬਾ ਪੱਧਰ 'ਤੇ ਇੱਕ ਰੋਜਾ ਹੜਤਾਲ ਦੀ ਤਿਆਰੀ ਕੀਤੀ ਜਾਵੇਗੀ। ਪੰਜ ਜੁਲਾਈ ਨੂੰ ਹੈਡ ਆਫਿਸ ਪਟਿਆਲਾ ਦੇ ਤਿੰਨੇ ਗੇਟਾਂ ਤੇ 7 ਵਜੇ ਸਵੇਰੇ ਤੋਂ 2 ਵਜੇ ਦੁਪਹਿਰ ਤੱਕ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਉਪਰੰਤ ਜੁਲਾਈ ਦੇ ਤੀਸਰੇ ਹਫਤੇ ਬਿਜਲੀ ਮੰਤਰੀ ਪੰਜਾਬ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਜੇਕਰ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਪੰਜਾਬ ਨੇ 25 ਮਈ ਨੂੰ ਜੁਆਇੰਟ ਫੋਰਮ ਨੂੰ ਮੀਟਿੰਗ ਵਿੱਚ ਦਿੱਤੇ ਭਰੋਸੇ ਅਨੁਸਾਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤੇਜ ਕੀਤਾ ਜਾਵੇਗਾ। ਇਸ ਰੈਲੀ ਨੂੰ ਜੁਆਇਟ ਫੋਰਮ ਸੂਬਾਈ ਆਗੂ ਸੁਖਵਿੰਦਰ ਸਿੰਘ ਦੁੱਮਣਾ, ਡਿਵੀਜਨ ਪ੍ਰਧਾਨ ਭੁਪਿੰਦਰ ਸਿੰਘ ਟੀ ਐੱਸ ਯੂ, ਡਵੀਜਨ ਸਕੱਤਰ ਬਲਜਿੰਦਰ ਸਿੰਘ ਟੀ ਐਸ ਯੂ,ਬਰਿੰਦਰ ਸਿੰਘ ਕਾਈਨੌਰ ਡਵੀਜਨ ਪ੍ਰਧਾਨ ਐਮ ਐਸ ਯੂ ,ਤਰਲੋਚਨ ਸਿੰਘ ਪ੍ਰਧਾਨ ਸਬ ਅਰਬਨ ਖਰੜ, ਯੋਗਰਾਜ ਪ੍ਰਧਾਨ ਸਿਟੀ ਖਰੜ ਅਤੇ ਸੇਰ ਸਿੰਘ ਨੇ ਸੰਬੋਧਨ ਕੀਤਾ। ਇਸ ਮੌਕੇ ਜਰਨੈਲ ਸਿੰਘ, ਗੁਰਪ੍ਰੀਤ ਸਿੰਘ,ਵਿਕਰਮ ਸਿੰਘ, ਹਰਪ੍ਰੀਤ ਸਿੰਘ,ਗੋਪੀ ਚੰਦ, ਰਵਿੰਦਰ ਸਿੰਘ ,ਗੁਰਜਿੰਦਰ ਸਿੰਘ ,ਮੈਡਮ ਪ੍ਰੀਤੀ ਸਰਮਾ ਪ੍ਰਧਾਨ ਐਮ ਐਸ ਯੂ,ਮੈਡਮ ਰੰਜੂ,ਮੈਡਮ ਨਿਸਾ, ਮੈਡਮ ਸਵਰਨ ਕੌਰ, ਮੈਡਮ ਜਸਵਿੰਦਰ ਕੌਰ ,ਮੈਡਮ ਕੋਮਲ , ਮੈਡਮ ਲਖਵੀਰ ਕੌਰ , ਰਾਜੂ ਆਦਿ ਵੀ ਹਾਜਰ ਸਨ।

ਸਰਕਾਰ ਨੇ ਤੇਲ ਦੀਆਂ ਕੀਮਤਾਂ ਵਧਾ ਕੇ ਪੰਜਾਬੀਆਂ ਨਾਲ ਕੀਤਾ ਧੋਖਾ - ਡਾ. ਬਿੰਦ

ਮਹਿਤਪੁਰ (ਰਾਜਾ) ਪੰਜਾਬ ਸਰਕਾਰ ਪੈਟਰੋਲ ਤੇ ਡੀਜਲ 'ਤੇ ਵੈਟ ਵਧਾ ਕੇ ਆਮ ਲੋਕਾਂ ਅਤੇ ਕਿਸਾਨਾਂ 'ਤੇ ਵਾਧੂ ਬੋਝ ਪਾ ਕੇ ਪੰਜਾਬੀਆਂ ਨੂੰ ਟੈਕਸਾਂ ਨਾਲ ਮਾਰ ਰਹੀ ਹੈ । ਭਾਰਤੀ ਜਨਤਾ ਪਾਰਟੀ ਦੇ ਸਟੇਟ ਐਗਜੈਕਟਿਵ ਮੈਂਬਰ ਅਤੇ ਹਲਕਾ ਇੰਚਾਰਜ ਸ਼ਾਹਕੋਟ ਡਾ. ਅਮਰਜੀਤ ਸਿੰਘ ਬਿੰਦ ਨੇ ਕਿਹਾ ਕਿ ਡੀਜਲ , ਪੈਟਰੋਲ ਦੀਆਂ ਕੀਮਤਾਂ ਵਧਾ ਕੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ, ਇਸ ਵਾਧੇ ਨੂੰ ਤੁਰੰਤ ਵਾਪਸ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਕਰੋੜਾਂ ਪੰਜਾਬੀਆਂ 'ਤੇ ਵਿੱਤੀ ਬੋਝ ਪਵੇਗਾ, ਜੋ ਕਿ ਪਹਿਲਾਂ ਹੀ ਮਹਿਗਾਈ ਦੀ ਮਾਰ ਝੱਲ ਰਹੇ ਹਨ। ਝੋਨੇ ਦੀ ਲਵਾਈ ਦਾ ਸੀਜਨ ਸ਼ੁਰੂ ਹੋਣ ਤੋਂ ਪਹਿਲਾਂ ਆਪ ਸਰਕਾਰ ਨੇ ਕਿਸਾਨਾਂ ਨੂੰ ਡੀਜਲ ਅਤੇ ਪੈਟਰੋਲ ਦੀਆਂ ਕੀਮਤਾਂ ਵਧਾ ਕੇ ਤੋਹਫਾ ਦਿੱਤਾ ਜਾਪਦਾ ਹੈ , ਜਿਸ ਨਾਲ ਫਸਲ ਦੀ ਲਾਗਤ ਮੁੱਲ ਵਿੱਚ ਹੋਰ ਵਾਧਾ ਹੋਵੇਗਾ। ਸਰਕਾਰ ਵੱਲੋਂ 15 ਮਹੀਨੇ ਵਿੱਚ ਦੂਜੀ ਵਾਰ ਪੈਟਰੋਲ ਅਤੇ ਡੀਜਲ ਦੀਆਂ ਕੀਮਤਾਂ ਵਿਚ ਵਾਧਾ ਕੀਤਾ ਹੈ। ਇਸ ਵਾਧੇ ਨਾਲ ਪੰਜਾਬ ਦੇ ਪੈਟਰੋਲ ਪੰਪਾਂ ਦੀ ਵਿਕਰੀ 'ਤੇ ਵੀ ਅਸਰ ਪਵੇਗਾ। ਇਸ ਨਾਲ ਪੰਪ ਮਾਲਕਾਂ ਦਾ ਵਿੱਤੀ ਨੁਕਸਾਨ ਵੀ ਹੋਰ ਵਧੇਗਾ।

70 ਗ੍ਰਾਮ ਹੈਰੋਇਨ ਸਮੇਤ 2 ਕਾਬੂ

ਫਿਲੌਰ (ਨਿਰਮਲ)- ਥਾਣਾ ਮੁੱਖੀ ਫਿਲੌਰ ਇੰਸਪੈਕਟਰ ਹਰਜਿੰਦਰ ਸਿੰਘ ਦੀ ਟੀਮ ਨੇ 2 ਨਸ਼ਾ ਤਸਕਰਾਂ ਨੂੰ 70 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਡੀ.ਐਸ.